ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7l

International Daily Newspaper & WEB TV

awazeqaumtvpunjab@gmail.com

ਸ਼ਨੀਵਾਰ, 2 ਮਈ 2026 (ਨਾਨਕਸ਼ਾਹੀ ਸੰਮਤ : ੫੫੮, ੧੯ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਮਲੋਟ 'ਚ ਗੁਟਕਾ ਸਾਹਿਬ ਦੀ ਹੋਈ ਬੇਅਦਬੀ; ਨਵੇਂ ਕਾਨੂੰਨ ਤਹਿਤ ਬੇਅਦਬੀ ਦਾ ਪਹਿਲਾ ਕੇਸ ਦਰਜ



**ਮਲੋਟ, 1 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ 'ਚ ਬੇਅਦਬੀ 'ਤੇ ਰੋਕ ਲਗਾਉਣ ਵਾਲੇ ਨਵੇਂ ਕਾਨੂੰਨ ਦੇ ਲਾਗੂ ਹੋਣ ਤੋਂ ਬਾਅਦ, ਮਲੋਟ ਵਿੱਚ ਗੁਟਕਾ ਸਾਹਿਬ ਦੀ ਬੇਅਦਬੀ ਦਾ ਮਾਮਲਾ ਸਾਹਮਣੇ ਆਇਆ ਹੈ। ਮਿਲੀ ਜਾਣਕਾਰੀ ਮੁਤਾਬਿਕ ਮਲੋਟ ਦੇ ਇੰਦਰਾ ਨਗਰ ਇਲਾਕੇ ਵਿੱਚ 20 ਤੋਂ ਵੱਧ ਗੁਟਕਾ ਸਾਹਿਬ ਦੇ ਅੰਗ ਖਿੰਡੇ ਹੋਏ ਮਿਲੇ ਹਨ। ਦੱਸ ਦਈਏ ਕਿ ਨਿਵਾਸੀਆਂ ਨੇ ਅੰਗਾਂ ਨੂੰ ਇਕੱਠਾ ਅਤੇ ਸੁਰੱਖਿਅਤ ਜਗ੍ਹਾ 'ਤੇ ਸਟੋਰ ਕਰ ਦਿੱਤਾ। ਮਾਮਲੇ ਸਬੰਧੀ ਪੁਲਿਸ ਨੂੰ ਸੂਚਿਤ ਕੀਤਾ। ਪੰਜਾਬੀ ਸੱਭਿਆਚਾਰ ਦੱਸ ਦਈਏ ਕਿ ਮਲੋਟ ਪੁਲਿਸ ਨੇ ਅਣਪਛਾਤੇ ਵਿਅਕਤੀਆਂ ਵਿਰੁੱਧ ਮਾਮਲਾ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਇਸ ਦੌਰਾਨ, ਧਾਰਮਿਕ ਸੰਗਠਨਾਂ ਨੇ ਇਸ ਮਾਮਲੇ ਨੂੰ ਲੈ ਕੇ ਗੁਰਦੁਆਰਾ ਸ਼੍ਰੀ ਭਾਈ ਜਗਤਾ ਜੀ ਵਿਖੇ ਇੱਕ ਮੀਟਿੰਗ ਕੀਤੀ ਹੈ।

## ਮਜਦੂਰ ਦਿਵਸ 'ਤੇ ਸੰਗਰੂਰ 'ਚ

# ਬੇਰੁਜ਼ਗਾਰ ਠੇਕਾ ਅਧਿਆਪਕਾਂ ਤੇ ਪੁਲਿਸ ਵਿਚਾਲੇ ਝੜਪ

**ਚੰਡੀਗੜ੍ਹ, 1 ਮਈ (ਆਵਾਜ਼ਿ ਕੌਮ ਬਿਊਰੋ)**-ਮਜਦੂਰ ਦਿਵਸ 'ਤੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਜਿਥੇ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਦੌਰਾਨ ਮਜਦੂਰਾਂ ਦੇ ਮਿਹਨਤਾਨੇ ਵਿੱਚ ਵਾਧਾ ਕੀਤਾ ਅਤੇ ਉਨ੍ਹਾਂ ਬਾਰੇ ਗੱਲ ਕੀਤੀ, ਪਰ ਦੂਜੇ ਪਾਸੇ ਉਨ੍ਹਾਂ ਦੇ ਆਪਣੇ ਹੀ ਸੰਗਰੂਰ ਜ਼ਿਲ੍ਹੇ ਵਿੱਚ ਪੜ੍ਹੇ-ਲਿਖੇ ਮਜਦੂਰ ਠੇਕਾ ਅਧਿਆਪਕਾਂ 'ਤੇ ਪੁਲਿਸ ਨਾਲ ਝੜਪ ਹੋਈ।



ਅੱਜ ਸਾਂਝਾ ਮੋਰਚਾ ਪੰਜਾਬ ਅਤੇ ਵੱਖ-ਵੱਖ ਬੇਰੁਜ਼ਗਾਰ ਯੂਨੀਅਨਾਂ ਨੇ ਸੰਗਰੂਰ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੇ ਘਰ ਦੇ ਬਾਹਰ ਜ਼ੋਰਦਾਰ ਪ੍ਰਦਰਸ਼ਨ ਕੀਤਾ, ਜਿਸ ਦੌਰਾਨ ਬੇਰੁਜ਼ਗਾਰ ਤੇ ਪੁਲਿਸ ਵਿਚਕਾਰ ਝੜਪ ਹੋ ਗਈ ਅਤੇ ਮਾਹੌਲ ਤਣਾਅਪੂਰਨ ਹੋ ਗਿਆ। ਪ੍ਰਦਰਸ਼ਨਕਾਰੀ ਰੁਜ਼ਗਾਰ, ਭਰਤੀ ਕੈਲੰਡਰ ਜਾਰੀ ਕਰਨ ਅਤੇ ਆਪਣੀਆਂ ਲੰਬਿਤ ਮੰਗਾਂ ਨੂੰ ਤੁਰੰਤ ਪੂਰਾ ਕਰਨ ਦੀ ਮੰਗ ਕਰ ਰਹੇ ਸਨ। ਪ੍ਰਦਰਸ਼ਨਕਾਰੀਆਂ ਨੇ ਦੋਸ਼ ਲਗਾਇਆ ਕਿ ਚੋਣਾਂ ਤੋਂ ਪਹਿਲਾਂ ਅਤੇ ਮਜ਼ਦੂਰ ਦਿਵਸ 'ਤੇ, ਸਰਕਾਰ ਨੇ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੇ ਵੱਡੇ-ਵੱਡੇ ਦਾਅਵੇ ਕੀਤੇ ਸਨ। ਹਾਲਾਂਕਿ, ਜ਼ਮੀਨੀ ਪੱਧਰ 'ਤੇ, ਪੜ੍ਹੇ-ਲਿਖੇ ਨੌਜਵਾਨ ਅਜੇ ਵੀ ਬੇਰੁਜ਼ਗਾਰੀ ਨਾਲ ਜੂਝ ਰਹੇ ਹਨ ਅਤੇ ਮਜ਼ਦੂਰਾਂ ਵਜੋਂ ਕੰਮ ਕਰਨ ਲਈ ਮਜਬੂਰ ਹਨ। ਜਾਣਕਾਰੀ ਅਨੁਸਾਰ, ਜਦੋਂ ਪ੍ਰਦਰਸ਼ਨਕਾਰੀ ਮੁੱਖ ਮੰਤਰੀ ਦੀ ਰਿਹਾਇਸ਼ ਵੱਲ ਵਧਣ ਲੱਗੇ, ਤਾਂ ਉਨ੍ਹਾਂ ਨੂੰ ਭਾਰੀ ਪੁਲਿਸ ਫੋਰਸ ਨੇ ਰੋਕ ਲਿਆ। ਪੁਲਿਸ ਅਤੇ ਪ੍ਰਦਰਸ਼ਨਕਾਰੀਆਂ ਵਿਚਕਾਰ ਗਰਮਾ-ਗਰਮ ਝੜਪ ਹੋਈ, ਜਿਸ ਕਾਰਨ ਧੱਕਾ-ਮੁੱਕੀ ਹੋਈ। ਹੰਗਾਮੇ ਦੌਰਾਨ, ਕਈ ਨੌਜਵਾਨਾਂ ਨੇ ਆਪਣੀਆਂ ਪੱਗਾਂ ਉਤਾਰ ਦਿੱਤੀਆਂ, ਜਿਸ ਨਾਲ ਮੌਕੇ 'ਤੇ ਹਫੜਾ-ਦਫੜੀ ਮਚ ਗਈ। ਸਾਂਝਾ ਮੋਰਚਾ ਪੰਜਾਬ ਦੇ ਰਮਨ ਕੁਮਾਰ ਮਲੋਟ ਸਮੇਤ ਆਗੂਆਂ ਨੇ ਕਿਹਾ ਕਿ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੀ ਬਜਾਏ, ਸਰਕਾਰ ਉਨ੍ਹਾਂ ਦੀਆਂ ਮੰਗਾਂ ਨੂੰ ਅਣਗੌਲਿਆ ਕਰ ਰਹੀ ਹੈ। ਹਾਲ ਹੀ ਵਿੱਚ, ਸਿੱਖਿਆ ਸਕੱਤਰ ਨੇ ਵੀ ਬੇਰੁਜ਼ਗਾਰਾਂ ਦੀਆਂ ਮੰਗਾਂ ਨੂੰ ਰੱਦ ਕਰ ਦਿੱਤਾ, ਜਿਸ ਕਾਰਨ ਨੌਜਵਾਨਾਂ ਵਿੱਚ ਵਿਆਪਕ ਗੁੱਸਾ ਹੈ। ਪ੍ਰਦਰਸ਼ਨਕਾਰੀਆਂ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਜਲਦੀ ਪੂਰੀਆਂ ਨਹੀਂ ਕੀਤੀਆਂ, ਤਾਂ ਉਹ ਪੰਜਾਬ ਭਰ ਵਿੱਚ ਆਪਣੇ ਵਿਰੋਧ ਪ੍ਰਦਰਸ਼ਨ ਤੇਜ਼ ਕਰਨਗੇ।

## ਮਜ਼ਦੂਰ ਦਿਵਸ ਮੌਕੇ ਪੀਆਰਟੀਸੀ ਮੁਲਾਜ਼ਮਾਂ ਨੇ ਕੀਤਾ ਸੰਘਰਸ਼ ਦਾ ਐਲਾਨ; ਸਰਕਾਰ ਨੂੰ ਚਿਤਾਵਨੀ

**ਚੰਡੀਗੜ੍ਹ, 1 ਮਈ (ਆਵਾਜ਼ਿ ਕੌਮ ਬਿਊਰੋ)**-ਇੱਕ ਮਈ ਮਜ਼ਦੂਰ ਦਿਵਸ ਮੌਕੇ ਪੀਆਰਟੀਸੀ ਅਤੇ ਪੰਜਾਬ ਰੋਡਵੇਜ਼ ਬੱਸ ਮੁਲਾਜ਼ਮਾਂ ਵੱਲੋਂ ਵਰਕਸ਼ਾਪ ਵਿਖੇ ਸਮਾਗਮ ਕਰਕੇ ਮਜ਼ਦੂਰ ਦਿਵਸ ਮਨਾਇਆ ਗਿਆ। ਇਸ ਦੌਰਾਨ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ ਗਈ ਅਤੇ ਸ਼ਿਕਾਗੋ ਦੇ ਸ਼ਹੀਦ ਮਜ਼ਦੂਰਾਂ ਨੂੰ ਯਾਦ ਕਰਦਿਆਂ ਉਨ੍ਹਾਂ ਦੀ ਕੁਰਬਾਨੀ ਨੂੰ ਸਲਾਮ ਕੀਤਾ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜੋਧ ਸਿੰਘ, ਸੂਬਾ ਜੁਆਇੰਟ ਸਕੱਤਰ ਪੰਜਾਬ ਰੋਡਵੇਜ਼, ਪਨਬਸ ਤੇ ਪੀਆਰਟੀਸੀ ਕੰਟ੍ਰੈਕਟ ਵਰਕਰ ਯੂਨੀਅਨ 25/11 ਨੇ ਕਿਹਾ ਕਿ ਮਜ਼ਦੂਰਾਂ ਨੇ ਲੰਮੇ ਸੰਘਰਸ਼ਾਂ ਤੋਂ ਬਾਅਦ ਆਪਣੇ ਹੱਕ ਪ੍ਰਾਪਤ ਕੀਤੇ ਹਨ ਅਤੇ ਅੱਜ ਵੀ ਵਰਕਰ ਆਪਣੇ ਅਧਿਕਾਰਾਂ ਲਈ ਲੜ ਰਹੇ ਹਨ। ਉਨ੍ਹਾਂ ਇਲਜ਼ਾਮ ਲਗਾਇਆ ਕਿ ਸਰਕਾਰ ਵੱਲੋਂ ਸਮੇਂ-ਸਮੇਂ 'ਤੇ ਮੁਲਾਜ਼ਮਾਂ 'ਤੇ ਜ਼ੁਲਮ ਕੀਤੇ ਜਾ ਰਹੇ ਹਨ ਅਤੇ ਪਿਛਲੇ ਸਮੇਂ ਵਿੱਚ ਕਈ ਸਾਥੀਆਂ ਨੂੰ ਜੇਲ੍ਹਾਂ ਵਿੱਚ ਵੀ ਬੰਦ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਵਾਰ-ਵਾਰ ਕਿਲੋਮੀਟਰ ਸਕੀਮ ਅਤੇ ਪ੍ਰਾਈਵੇਟ ਬੱਸਾਂ ਨੂੰ ਲਿਆਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜਿਸਦਾ ਯੂਨੀਅਨ ਵੱਲੋਂ ਲਗਾਤਾਰ ਵਿਰੋਧ ਕੀਤਾ ਜਾ ਰਿਹਾ ਹੈ। ਮੁਲਾਜ਼ਮਾਂ ਨੇ ਮੰਗ ਕੀਤੀ ਕਿ ਆਊਟਸੋਰਸ, ਕੰਟ੍ਰੈਕਟ ਅਤੇ ਕੱਚੇ ਕਰਮਚਾਰੀਆਂ ਨੂੰ ਰੈਗੂਲਰ ਕੀਤਾ ਜਾਵੇ ਅਤੇ ਸਾਰੇ ਲੰਬਿਤ ਮਸਲੇ ਹੱਲ ਕੀਤੇ ਜਾਣ। ਇਸ ਮੌਕੇ ਸੂਬਾ ਕੈਸ਼ਅਰ ਬਲਜੀਤ ਸਿੰਘ ਨੇ ਦੱਸਿਆ ਕਿ ਯੂਨੀਅਨ ਵੱਲੋਂ ਮਈ ਮਹੀਨੇ ਲਈ ਸੰਘਰਸ਼ੀਲ ਪ੍ਰੋਗਰਾਮ ਜਾਰੀ ਕਰ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ 8 ਮਈ ਨੂੰ 100 ਆਰਡਨਰੀ ਬੱਸਾਂ ਦੇ ਟੈਂਡਰ ਖੋਲ੍ਹੇ ਜਾਣ ਦੀ ਸੂਚਨਾ ਮਿਲੀ ਹੈ, ਜਿਸਦਾ ਤਿੱਖਾ ਵਿਰੋਧ ਕੀਤਾ ਜਾਵੇਗਾ। ਉਨ੍ਹਾਂ ਐਲਾਨ ਕੀਤਾ ਕਿ 10 ਮਈ ਨੂੰ ਟਰਾਂਸਪੋਰਟ ਮੰਤਰੀ ਦੇ ਦਫ਼ਤਰ ਅੱਗੇ ਧਰਨਾ ਦਿੱਤਾ ਜਾਵੇਗਾ। ਇਸ ਤੋਂ ਇਲਾਵਾ 18 ਮਈ ਨੂੰ ਇੱਕ ਦਿਨ ਦੀ ਹੜਤਾਲ ਕੀਤੀ ਜਾਵੇਗੀ। ਜੇਕਰ ਫਿਰ ਵੀ ਸਰਕਾਰ ਨੇ ਮੰਗਾਂ ਨਾ ਮੰਨੀਆਂ ਤਾਂ 25, 26 ਅਤੇ 27 ਮਈ ਨੂੰ ਤਿੰਨ ਦਿਨਾਂ ਦੀ ਹੜਤਾਲ ਕੀਤੀ ਜਾਵੇਗੀ। ਮੁਲਾਜ਼ਮ ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਗੱਲਬਾਤ ਰਾਹੀਂ ਮਸਲੇ ਹੱਲ ਕਰਨਾ ਚਾਹੁੰਦੀ ਹੈ ਤਾਂ ਯੂਨੀਅਨ ਹਰ ਵੇਲੇ ਤਿਆਰ ਹੈ, ਨਹੀਂ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।

## ਗੈਂਗਸਟਰ ਸੁੱਖਾ ਕਾਹਲਵਾਂ ਦੇ ਰਾਈਟ ਹੈਂਡ ਗੋਪੀ ਦਾ ਕਤਲ, ਗੱਡੀ 'ਚ ਬੈਠੇ 'ਤੇ ਚਲਾਈਆਂ ਤਾਬੜਤੋੜ ਗੋਲੀਆਂ

**ਕਪੂਰਥਲਾ, 1 ਮਈ (ਆਵਾਜ਼ਿ ਕੌਮ ਬਿਊਰੋ)**-ਕਪੂਰਥਲਾ ਦੇ ਫਿਲਵਾਂ ਇਲਾਕੇ ਵਿੱਚ ਸ਼ੁੱਕਰਵਾਰ ਸਵੇਰੇ ਉਸ ਵੇਲੇ ਹੜਕੰਪ ਮਚ ਗਿਆ, ਜਦੋਂ ਅਣਪਛਾਤੇ ਹਮਲਾਵਰਾਂ ਨੇ ਜੀਟੀ ਰੋਡ 'ਤੇ ਐਵਨ ਪੈਲੇਸ ਨੇੜੇ ਕਾਰ ਵਿੱਚ ਬੈਠੇ ਇੱਕ ਨੌਜਵਾਨ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ। ਇਸ ਘਟਨਾ ਨਾਲ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ ਹੈ। ਮ੍ਰਿਤਕ ਦੀ ਪਛਾਣ ਗੁਰਪ੍ਰੀਤ ਸਿੰਘ ਉਰਫ਼ ਗੋਪੀ ਪੁੱਤਰ ਜਸਬੀਰ ਸਿੰਘ, ਵਾਸੀ ਪਿੰਡ ਜੈਰਾਮਪੁਰ, ਥਾਣਾ ਸੁਭਾਨਪੁਰ ਦੇ ਰੂਪ ਵਿੱਚ ਹੋਈ ਹੈ। ਗੋਪੀ ਗੈਂਗਸਟਰ ਸੁੱਖਾ ਕਾਹਲਵਾਂ ਦਾ ਰਾਈਟ ਹੈਂਡ ਸੀ ਅਤੇ ਕਾਹਲਵਾਂ ਕਤਲ ਕੇਸ ਦਾ ਆਖਰੀ ਗਵਾਹ ਸੀ। ਇਸ ਤੋਂ ਪਹਿਲਾਂ ਸਾਰੇ ਗਵਾਹ ਮੁਕਰ ਚੁੱਕੇ ਸੀ, ਪਰ ਨਹੀਂ ਮੁਕਰਿਆ। ਮਿਲੀ ਜਾਣਕਾਰੀ ਅਨੁਸਾਰ, ਗੁਰਪ੍ਰੀਤ ਸਿੰਘ ਆਪਣੀ ਕਾਰ ਦੀ ਡਰਾਈਵਰ ਸੀਟ 'ਤੇ ਬੈਠਾ ਸੀ ਜਦੋਂ ਹਮਲਾਵਰਾਂ ਨੇ ਸਾਹਮਣੇ ਵਾਲੀ ਖਿੜਕੀ ਵਿੱਚੋਂ ਗੋਲੀਆਂ ਚਲਾਈਆਂ। ਗੋਲੀ ਸਿੱਧੀ ਨੌਜਵਾਨ ਨੂੰ ਲੱਗੀ, ਜਿਸ ਨਾਲ ਉਸਦੀ ਮੌਕੇ 'ਤੇ ਹੀ ਮੌਤ ਹੋ ਗਈ।



ਘਟਨਾ ਦੀ ਸੂਚਨਾ ਮਿਲਦੇ ਹੀ ਫਿਲਵਾਂ ਪੁਲਿਸ ਮੌਕੇ 'ਤੇ ਪਹੁੰਚੀ। ਪੁਲਿਸ ਨੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਸ਼ੁੱਕਰਵਾਰ ਸਵੇਰੇ 3:45 ਵਜੇ ਦੇ ਕਰੀਬ ਸਿਵਲ ਹਸਪਤਾਲ, ਕਪੂਰਥਲਾ ਦੇ ਮੁਰਦਾਘਰ ਵਿੱਚ ਰੱਖ ਦਿੱਤਾ। ਪੁਲਿਸ ਨੇ ਅਣਪਛਾਤੇ ਹਮਲਾਵਰਾਂ ਵਿਰੁੱਧ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਆਲੇ-ਦੁਆਲੇ ਦੇ ਇਲਾਕੇ ਦੇ ਸੀਸੀਟੀਵੀ ਫੁਟੇਜ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਦੋਸ਼ੀਆਂ ਨੂੰ ਲੱਭਣ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਪੰਜਾਬ ਵਿੱਚ ਗੋਲੀਬਾਰੀ ਅਤੇ ਕਤਲਾਂ ਦੀ ਵਧਦੀ ਗਿਣਤੀ ਨੇ ਕਾਨੂੰਨ ਵਿਵਸਥਾ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਰੋਜ਼ਾਨਾ ਵਾਪਰ ਰਹੀਆਂ ਅਜਿਹੀਆਂ ਘਟਨਾਵਾਂ ਜਨਤਾ ਵਿੱਚ ਡਰ ਅਤੇ ਅਸੁਰੱਖਿਆ ਦਾ ਮਾਹੌਲ ਪੈਦਾ ਕਰ ਰਹੀਆਂ ਹਨ।

## 'ਆਪ' ਛੱਡਣ ਵਾਲੇ ਸਾਂਸਦਾਂ 'ਤੇ ਰੇਡ ਨਾਲ ਮਚਿਆ ਘਮਾਸਾਨ

**ਨਵੀਂ ਦਿੱਲੀ, 1 ਮਈ (ਆਵਾਜ਼ਿ ਕੌਮ ਬਿਊਰੋ)**-ਰਾਜ ਸਭਾ ਸੰਸਦ ਮੈਂਬਰ ਰਾਜਿੰਦਰ ਗੁਪਤਾ ਅਤੇ ਅਸ਼ੋਕ ਮਿੱਤਲ ਦੇ ਆਮ ਆਦਮੀ ਪਾਰਟੀ ਛੱਡਣ ਤੋਂ ਬਾਅਦ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਉਨ੍ਹਾਂ ਦੇ ਟਿਕਾਣਿਆਂ 'ਤੇ ਰੇਡ ਕਰ ਦਿੱਤੀ ਹੈ। ਇਹ ਰੇਡ ਬਰਨਾਲਾ ਵਿੱਚ ਟ੍ਰਾਈਡੈਂਟ ਕੰਪਨੀ ਦੇ ਮਾਲਕ ਰਾਜਿੰਦਰ ਗੁਪਤਾ ਦੀ ਫੈਕਟਰੀ 'ਤੇ ਹੋਈ। ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਮਾਲਕ ਅਸ਼ੋਕ ਮਿੱਤਲ ਦੇ ਟਿਕਾਣਿਆਂ 'ਤੇ ਵੀ ਦੇਰ ਰਾਤ ਰੇਡ ਦੀ ਖ਼ਬਰ ਆਈ। ਦੋਵੇਂ ਸੰਸਦ ਮੈਂਬਰ 'ਆਪ' ਛੱਡ ਕੇ ਹੁਣ ਭਾਜਪਾ ਵਿੱਚ ਸ਼ਾਮਲ ਹੋ ਗਏ ਹਨ। 'ਆਪ' ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋਏ ਰਾਜ ਸਭਾ ਮੈਂਬਰ ਵਿਕਰਮਜੀਤ ਸਾਹਨੀ ਨੇ ਇਸ ਨੂੰ ਲੈ ਕੇ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਪੁੱਛਿਆ, "ਜਿਵੇਂ ਹੀ ਪਾਰਟੀ ਬਦਲੀ, ਸਰਕਾਰੀ ਵਿਭਾਗਾਂ ਨੇ ਰੇਡ ਸ਼ੁਰੂ ਕਰ ਦਿੱਤੀ। ਕੀ ਉਹ ਇੱਕ ਦਿਨ ਵਿੱਚ ਡਿਫਾਲਟਰ ਹੋ ਗਏ ? ਕੀ ਇੱਕ ਦਿਨ ਵਿੱਚ ਉਨ੍ਹਾਂ ਦੀਆਂ ਫੈਕਟਰੀਆਂ ਅਤੇ ਸੰਸਥਾਵਾਂ ਤੋਂ ਪ੍ਰਦੂਸ਼ਣ ਫੈਲਣ ਲੱਗਿਆ ?" 'ਆਪ' ਸਰਕਾਰ ਟ੍ਰਾਈਡੈਂਟ ਅਤੇ ਐਲਪੀਯੂ 'ਤੇ ਰੇਡ ਕਰਕੇ ਨਿਵੇਸ਼ਕਾਂ ਨੂੰ ਕੀ ਮੈਸੇਜ ਦੇਣਾ ਚਾਹੁੰਦੀ ਹੈ ? ਉਨ੍ਹਾਂ ਅਧਿਕਾਰੀਆਂ ਨੂੰ ਵੀ ਚੇਤਾਵਨੀ ਦਿੱਤੀ। ਵਿਕਰਮਜੀਤ ਸਿੰਘ ਸਾਹਨੀ ਨੇ ਸੋਸ਼ਲ ਮੀਡੀਆ (ਐਕਸ) 'ਤੇ ਲਿਖਿਆ – ਪੰਜਾਬ ਆਰਥਿਕ ਸੰਕਟ ਵਿੱਚੋਂ ਗੁਜ਼ਰ ਰਿਹਾ ਹੈ। ਸਰਕਾਰ ਨਵੇਂ ਨਿਵੇਸ਼ਕਾਂ ਨੂੰ ਲਿਆਉਣ ਦੀ ਗੱਲ ਕਰ ਰਹੀ ਹੈ ਜਦੋਂ ਕਿ ਉਨ੍ਹਾਂ ਨੂੰ ਪਰੇਸ਼ਾਨ ਕਰ ਰਹੀ ਹੈ ,ਜੋ ਪਹਿਲਾਂ ਹੀ ਇੱਥੇ ਨਿਵੇਸ਼ ਕਰ ਚੁੱਕੇ ਹਨ। ਟ੍ਰਾਈਡੈਂਟ-ਐਲਪੀਯੂ 'ਤੇ ਰੇਡ ਕਰਕੇ ਸਰਕਾਰ ਨਿਵੇਸ਼ਕਾਂ ਨੂੰ ਕੀ ਸੁਨੇਹਾ ਦੇਣਾ ਚਾਹੁੰਦੀ ਹੈ ? ਟ੍ਰਾਈਡੈਂਟ ਗਰੁੱਪ ਅਤੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਇੰਨੇ ਸਾਲਾਂ ਤੋਂ ਕੰਮ ਕਰ ਰਹੇ ਹਨ। ਜਿਵੇਂ ਹੀ ਉਨ੍ਹਾਂ ਨੇ ਪਾਰਟੀ ਬਦਲੀ, ਸਰਕਾਰ ਦੇ ਵਿਭਾਗਾਂ ਨੇ ਰੇਡ ਸ਼ੁਰੂ ਕਰ ਦਿੱਤੀ। ਕੀ ਉਹ ਇੱਕ ਦਿਨ 'ਚ ਹੀ ਡਿਫਾਲਟਰ ਹੋ ਗਏ ? ਕੀ ਇੱਕ ਦਿਨ ਵਿੱਚ ਹੀ ਪ੍ਰਦੂਸ਼ਣ ਫੈਲਣ ਲੱਗ ਗਿਆ ਅਤੇ ਜੀਐਸਟੀ ਨਿਯਮਾਂ ਦੀ ਉਲੰਘਣਾ ਹੋਣ ਲੱਗੀ। ਵਿਕਰਮਜੀਤ ਸਾਹਨੀ ਨੇ ਕਿਹਾ ਕਿ ਪੰਜਾਬ ਸਰਕਾਰ ਬਦਲੇ ਦੀ ਰਾਜਨੀਤੀ ਕਰ ਰਹੀ ਹੈ। ਇਸ ਨਾਲ ਪੰਜਾਬ ਸਰਕਾਰ ਨੂੰ ਕਾਫ਼ੀ ਨੁਕਸਾਨ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਭਾਵਨਾ ਸੂਬੇ ਲਈ ਨੁਕਸਾਨਦੇਹ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਸਰਕਾਰ ਨੂੰ ਹੋਸ਼ ਆਵੇਗੀ। ਅਧਿਕਾਰੀ ਬੇਰਹਿਮੀ ਨਾਲ ਪੇਸ਼ ਆ ਰਹੇ ਹਨ ਅਤੇ ਕਹਿ ਰਹੇ ਹਨ ਕਿ ਇਹ ਤਾਂ ਸਿਰਫ਼ ਟ੍ਰੇਲਰ ਹੈ। ਅਜਿਹੇ ਬਿਆਨ ਦੇਣ ਵਾਲਿਆਂ ਦੀ ਪਛਾਣ ਕੀਤੀ ਜਾ ਰਹੀ ਹੈ। ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ। ਸਾਹਨੀ ਨੇ ਟ੍ਰਾਈਡੈਂਟ ਦੇ ਰਾਜੇਂਦਰ ਗੁਪਤਾ ਅਤੇ ਐਲਪੀਯੂ ਦੇ ਅਸ਼ੋਕ ਮਿੱਤਲ ਦਾ ਸਮਰਥਨ ਕਰਦੇ ਹੋਏ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਵੀ ਟੈਗ ਕੀਤਾ। ਮੰਨਿਆ ਜਾ ਰਿਹਾ ਹੈ ਕਿ ਇਹ ਮਾਮਲਾ ਹੁਣ ਕੇਂਦਰ ਸਰਕਾਰ ਤੱਕ ਪਹੁੰਚ ਸਕਦਾ ਹੈ।



## 'ਭਗਵੰਤ ਮਾਨ, ਮੁੱਖ ਮੰਤਰੀ ਦੇ ਅਹੁਦੇ ਤੋਂ ਅਸਤੀਫਾ ਦੇਵੇ...', ਸੁਖਬੀਰ ਸਿੰਘ ਬਾਦਲ ਨੇ ਵਿਧਾਨ ਸਭਾ 'ਚ ਸ਼ਰਾਬ ਦੀ ਹਾਲਤ 'ਤੇ ਘੇਰਿਆ

**ਚੰਡੀਗੜ੍ਹ, 1 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਅੱਜ ਮੁੱਖ ਮੰਤਰੀ ਭਗਵੰਤ ਮਾਨ ਤੋਂ ਤੁਰੰਤ ਅਸਤੀਫ਼ਾ ਮੰਗਿਆ ਹੈ, ਜਿਸ ਵਿੱਚ ਉਨ੍ਹਾਂ ਕਿਹਾ ਹੈ ਕਿ ਭਗਵੰਤ ਮਾਨ ਨੇ ਸ਼ਰਾਬ ਦੀ ਹਾਲਤ ਵਿੱਚ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਵਿੱਚ ਹਿੱਸਾ ਲੈਣ ਤੋਂ ਬਾਅਦ ਕੁਰਸੀ 'ਤੇ ਬਣੇ ਰਹਿਣ ਦਾ ਸਾਰਾ ਨੈਤਿਕ ਅਧਿਕਾਰ ਗੁਆ ਦਿੱਤਾ ਹੈ। ਅਕਾਲੀ ਦਲ ਅਪਡੇਟਸ ਇੱਥੇ ਇੱਕ ਬਿਆਨ ਵਿੱਚ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ "ਪੰਜਾਬੀ ਹੈਰਾਨ ਹਨ ਕਿ ਉਨ੍ਹਾਂ ਦੇ ਮੁੱਖ ਮੰਤਰੀ ਨੇ ਇਸ ਤਰੀਕੇ ਨਾਲ ਮਹਾਨ ਸਦਨ ਅਤੇ ਉਨ੍ਹਾਂ ਦੇ ਫਤਵੇ ਦਾ ਅਪਮਾਨ ਕੀਤਾ ਹੈ। ਮਾਮਲੇ ਦੀ ਜਾਂਚ ਦੀ ਮੰਗ ਕਰਦੇ ਹੋਏ ਸੁਖਬੀਰ ਬਾਦਲ ਨੇ ਕਿਹਾ ਕਿ ਇਹ ਚਿੰਤਾ ਦਾ ਵਿਸ਼ਾ ਹੈ ਕਿ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਮੁੱਖ ਮੰਤਰੀ 'ਤੇ ਲੋੜੀਂਦੇ ਮੈਡੀਕਲ ਟੈਸਟ ਕਰਵਾਉਣ ਸਮੇਤ ਢੁਕਵੀਂ ਕਾਰਵਾਈ ਕਰਕੇ ਸਦਨ ਦੀ ਸ਼ਾਨ ਦੀ ਰੱਖਿਆ ਲਈ ਮੌਕੇ 'ਤੇ ਨਹੀਂ ਉਠੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਵੱਲੋਂ ਪੂਰੀ ਤਰ੍ਹਾਂ ਸ਼ਰਾਬੀ ਹੋਣ ਦੇ ਦੋਸ਼ ਦਾ ਜਵਾਬ ਦੇਣ ਦੀ ਬਜਾਏ ਵਿਧਾਨ ਸਭਾ ਤੋਂ ਭੱਜਣ ਦਾ ਫੈਸਲਾ ਕਰਨਾ ਉਨ੍ਹਾਂ ਦੇ ਦੋਸ਼ੀ ਹੋਣ ਦਾ ਸੰਕੇਤ ਹੈ। ਸਥਾਨਕ ਸਮਾਗਮ ਅਕਾਲੀ ਦਲ ਦੇ ਪ੍ਰਧਾਨ ਨੇ ਇਹ ਵੀ ਨੋਟ ਕੀਤਾ ਕਿ ਮੁੱਖ ਮੰਤਰੀ ਨੇ ਅਸ਼ਲੀਲ ਭਾਸ਼ਾ ਅਤੇ ਅਭਿਵਿਅਕਤੀਆਂ ਦਾ ਸਹਾਰਾ ਲਿਆ, ਜਿਸ ਨਾਲ ਉਨ੍ਹਾਂ ਦੇ ਅਹੁਦੇ ਦਾ ਅਕਸ ਘਟਿਆ ਹੈ। ਇਹ ਦਾਅਵਾ ਕਰਦਿਆਂ ਕਿ ਭਗਵੰਤ ਮਾਨ ਵੱਲੋਂ ਅਜਿਹਾ ਵਿਵਹਾਰ ਪਹਿਲੀ ਵਾਰ ਨਹੀਂ ਹੋਇਆ ਹੈ। ਉਨ੍ਹਾਂ ਨੇ ਕਿਹਾ, "ਇਸ ਤੋਂ ਪਹਿਲਾਂ ਮੁੱਖ ਮੰਤਰੀ ਨੇ ਗੈਰ-ਸਵੀਕਾਰਨਯੋਗ ਪੱਧਰ ਦੀ ਸ਼ਰਾਬ ਪੀਣ ਤੋਂ ਬਾਅਦ ਫਰੈਂਕਫਰਟ ਦੇ ਹਵਾਈ ਜਹਾਜ਼ ਤੋਂ ਗੈਰ ਰਸਮੀ ਤੌਰ 'ਤੇ ਉਤਾਰ ਕੇ ਵਿਸ਼ਵ ਪੱਧਰ 'ਤੇ ਪੰਜਾਬ ਦਾ ਅਕਸ ਘਟਾਇਆ ਸੀ।" ਅਕਾਲੀ ਦਲ ਅਪਡੇਟਸ ਭਗਵੰਤ ਮਾਨ ਨੂੰ ਸ਼ਰਾਬੀ ਕਰਾਰ ਦਿੰਦਿਆਂ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਇਸ ਤੋਂ ਪਹਿਲਾਂ ਉਹ ਸ਼ਰਾਬੀ ਹਾਲਤ ਵਿੱਚ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਪਵਿੱਤਰ ਅਸਥਾਨ ਵਿੱਚ ਦਾਖਲ ਹੋਇਆ ਸੀ। ਉਹਨਾਂ ਕਿਹਾ ਕਿ ਮਾਨ ਨੇ ਬਰਗਾੜੀ ਮੋਰਚੇ ਵਿੱਚ ਵੀ ਅਜਿਹਾ ਹੀ ਗੁਨਾਹ ਕੀਤਾ ਸੀ, ਜਿੱਥੇ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਦੀ ਹਜ਼ੂਰੀ ਵਿੱਚ ਸ਼ਰਾਬ ਪੀਂਦਾ ਪਾਇਆ ਗਿਆ ਸੀ। ਉਨ੍ਹਾਂ ਕਿਹਾ, "ਹਰ ਕੋਈ ਇਸ ਗੱਲ ਤੋਂ ਵੀ ਜਾਣੂ ਹੈ ਕਿ ਭਗਵੰਤ ਮਾਨ ਦੇ ਸਾਥੀਆਂ ਨੇ ਸੰਸਦ ਵਿੱਚ ਆਪਣੇ ਕਾਰਜਕਾਲ ਦੌਰਾਨ ਲੋਕ ਸਭਾ ਸਪੀਕਰ ਨੂੰ ਆਪਣੀਆਂ ਸੀਟਾਂ ਬਦਲਣ ਲਈ ਅਧਿਕਾਰਤ ਪ੍ਰਤੀਨਿਧਤਾਵਾਂ ਦਿੱਤੀਆਂ ਸਨ ਕਿਉਂਕਿ ਉਹ ਉਨ੍ਹਾਂ ਦੇ ਨੇੜੇ ਨਹੀਂ ਬੈਠਣਾ ਚਾਹੁੰਦੇ ਸਨ ਕਿਉਂਕਿ ਉਹ ਹਮੇਸ਼ਾ ਸ਼ਰਾਬ ਪੀਂਦਾ ਸੀ।"



# ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ

## ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ

ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ





# ਸ਼ਬਦ ਕੀਰਤਨ ਅਤੇ ਕਥਾ ਸਮਾਗਮ

**1 ਮਈ ਤੋਂ 31 ਮਈ 2026 ਤੱਕ** ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ

ਆਵਾਜ਼ਿ ਕੌਮ AWAZE QAUM International Newspaper & WEB TV

ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

| | | | |
|---|---|---|---|
| 1 ਮਈ | ਸ਼ੁੱਕਰਵਾਰ | ਜਬੋਵਾਲ | ਸ਼ਾਮ 6 ਤੋਂ 8 ਵਜੇ ਤੱਕ |
| 2 ਮਈ | ਸ਼ਨੀਵਾਰ | ਹਯਾਤ (ਗੁਰਦਾਸਪੁਰ) | ਸ਼ਾਮ 6 ਤੋਂ 8 ਵਜੇ ਤੱਕ |
| 3 ਮਈ | ਐਤਵਾਰ | ਗੁ: ਸੰਗਤਪੁਰਾ ਬਬਵਾਲਾ ਗੁਰਦਾਸਪੁਰ | ਸ਼ਾਮ 6 ਤੋਂ 8 ਵਜੇ ਤੱਕ |
| 4 ਮਈ | ਸੋਮਵਾਰ | ਕਾਹਲਵਾਂ | ਸ਼ਾਮ 6 ਤੋਂ 8 ਵਜੇ ਤੱਕ |
| 5 ਮਈ | ਮੰਗਲਵਾਰ | ਗੁ: ਭਗਤਾਂ ਦਾ ਡੇਰਾ ਤਰਸਿੱਕਾ / ਨਿੱਕੇ ਘੁੰਮਣ | ਸਵੇਰੇ 12 ਤੋਂ 2 ਵਜੇ ਤੱਕ / ਸ਼ਾਮ 6 ਤੋਂ 8 ਵਜੇ ਤੱਕ |
| 6 ਮਈ | ਬੁੱਧਵਾਰ | ਚੋਣੇ | ਸ਼ਾਮ 6 ਤੋਂ 8 ਵਜੇ ਤੱਕ |
| 7 ਮਈ | ਵੀਰਵਾਰ | ਮੁਰਾਦਪੁਰ | ਸ਼ਾਮ 6 ਤੋਂ 8 ਵਜੇ ਤੱਕ |
| 8 ਮਈ | ਸ਼ੁੱਕਰਵਾਰ | ਚੂੰਗ (ਸ੍ਰੀ ਗੁਰੂ ਗੋਬਿੰਦ ਸਿੰਘ ਜੀ ਇੰਟਰਨੈਸ਼ਨਲ ਪਬਲਿਕ ਸਕੂਲ) | ਸ਼ਾਮ 6 ਤੋਂ 8 ਵਜੇ ਤੱਕ |
| 9 ਮਈ | ਸ਼ਨੀਵਾਰ | ਅਬਦਾਲ ਗੁ: ਸੰਤ ਬਾਬਾ ਅੱਲ੍ਹਾ ਸਿੰਘ ਜੀ | ਸ਼ਾਮ 6 ਤੋਂ 8 ਵਜੇ ਤੱਕ |
| 10 ਮਈ | ਐਤਵਾਰ | ਗੁਰੂ ਕੀ ਬੇਰ ਸਾਹਿਬ ਮੱਤੇਵਾਲ | ਸ਼ਾਮ 6 ਤੋਂ 8 ਵਜੇ ਤੱਕ |
| 11 ਮਈ | ਸੋਮਵਾਰ | ਲੀਲ ਕਲਾਂ | ਸ਼ਾਮ 6 ਤੋਂ 8 ਵਜੇ ਤੱਕ |
| 12 ਮਈ | ਮੰਗਲਵਾਰ | ਭਲਾਈਪੁਰ ਪੁਰਬਾਂ | ਸ਼ਾਮ 6 ਤੋਂ 8 ਵਜੇ ਤੱਕ |
| 13 ਮਈ | ਬੁੱਧਵਾਰ | ਖਲੈਹਿਰਾ | ਸ਼ਾਮ 6 ਤੋਂ 8 ਵਜੇ ਤੱਕ |
| 14 ਮਈ | ਵੀਰਵਾਰ | ਜਫਰਵਾਲ | ਸ਼ਾਮ 6 ਤੋਂ 8 ਵਜੇ ਤੱਕ |
| 15 ਮਈ | ਸ਼ੁੱਕਰਵਾਰ | ਲਾਲਪੁਰਾ (ਗੁਰਦਾਸਪੁਰ) | ਸ਼ਾਮ 6 ਤੋਂ 8 ਵਜੇ ਤੱਕ |
| 16 ਮਈ | ਸ਼ਨੀਵਾਰ | ਗੁ: ਸਿੰਘ ਸਭਾ (ਸ਼ਾਸਤਰੀ ਨਗਰ ਕਾਹਨੂੰਵਾਲ ਰੋਡ, ਬਟਾਲਾ) | ਸ਼ਾਮ 6 ਤੋਂ 8 ਵਜੇ ਤੱਕ |
| 17 ਮਈ | ਐਤਵਾਰ | ਗੜ੍ਹੀ ਗੁਰਦਾਸ ਨੰਗਲ ਗੁ: ਗ੍ਰਿਫ਼ਤਾਰੀ ਸਾਹਿਬ | ਸ਼ਾਮ 6 ਤੋਂ 8 ਵਜੇ ਤੱਕ |
| 18 ਮਈ | ਸੋਮਵਾਰ | ਝਲਾੜੀ | ਸ਼ਾਮ 6 ਤੋਂ 8 ਵਜੇ ਤੱਕ |
| 19 ਮਈ | ਮੰਗਲਵਾਰ | ਗੱਗੜਭਾਣਾ | ਸ਼ਾਮ 6 ਤੋਂ 8 ਵਜੇ ਤੱਕ |
| 20 ਮਈ | ਬੁੱਧਵਾਰ | ਧਰਦਿਓ | ਸ਼ਾਮ 6 ਤੋਂ 8 ਵਜੇ ਤੱਕ |
| 21 ਮਈ | ਵੀਰਵਾਰ | ਵੀਲਾ / ਮੀਕੇ | ਸ਼ਾਮ 6 ਤੋਂ 8 ਵਜੇ ਤੱਕ |
| 22 ਮਈ | ਸ਼ੁੱਕਰਵਾਰ | ਸਿਆਲਕਾ | ਸ਼ਾਮ 6 ਤੋਂ 8 ਵਜੇ ਤੱਕ |
| 23 ਮਈ | ਸ਼ਨੀਵਾਰ | ਖੱਬੇਰਾਜਪੂਤਾਂ | ਸ਼ਾਮ 6 ਤੋਂ 8 ਵਜੇ ਤੱਕ |
| 24 ਮਈ | ਐਤਵਾਰ | ਜਲਾਲ ਉਸਮਾਂ | ਸ਼ਾਮ 6 ਤੋਂ 8 ਵਜੇ ਤੱਕ |
| 25 ਮਈ | ਸੋਮਵਾਰ | ਸਹਾਇਪੁਰ | ਸ਼ਾਮ 6 ਤੋਂ 8 ਵਜੇ ਤੱਕ |
| 26 ਮਈ | ਮੰਗਲਵਾਰ | ਜੇਠੂਵਾਲ | ਸ਼ਾਮ 6 ਤੋਂ 8 ਵਜੇ ਤੱਕ |
| 27 ਮਈ | ਬੁੱਧਵਾਰ | ਬੁਤਾਲਾ (ਨਿਪਸ ਸਕੂਲ) | ਸ਼ਾਮ 6 ਤੋਂ 8 ਵਜੇ ਤੱਕ |
| 28 ਮਈ | ਵੀਰਵਾਰ | ਗੁ: ਰਾਮ ਥੰਮਣ | ਸ਼ਾਮ 6 ਤੋਂ 8 ਵਜੇ ਤੱਕ |
| 29 ਮਈ | ਸ਼ੁੱਕਰਵਾਰ | ਸਠਿਆਲਾ | ਸ਼ਾਮ 6 ਤੋਂ 8 ਵਜੇ ਤੱਕ |
| 30 ਮਈ | ਸ਼ਨੀਵਾਰ | ਮਹਿਸਮਪੁਰ (ਬਾਬਾ ਦੀਪ ਸਿੰਘ ਸਕੂਲ) | ਸ਼ਾਮ 6 ਤੋਂ 8 ਵਜੇ ਤੱਕ |
| 31 ਮਈ | ਐਤਵਾਰ | ਮਹਿਤਾ ਚੌਂਕ | ਸ਼ਾਮ 6 ਤੋਂ 8 ਵਜੇ ਤੱਕ |

1-2-3-4-5 ਜੂਨ 2026 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ ਦਮਦਮੀ ਟਕਸਾਲ ਦੇ ਹੈਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਕਥਾ ਕੀਰਤਨ ਦਾ ਨਿਰੰਤਰ ਪ੍ਰਵਾਹ ਚੱਲੇਗਾ।

ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2026, ਸ਼ਨੀਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ

ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ 9ਵੀਂ, 10ਵੀਂ, +1 +2, ਬੀ.ਏ., ਐੱਮ.ਏ. ਦਾਖਲੇ ਸ਼ੁਰੂ ਹਨ ਫਰੀ ਵਿੱਦਿਆ ਪ੍ਰਾਪਤ ਕਰੋ

ਸੰਪਰਕ: 99158-00904, 97793-10040, 98158-14158, 84376-91626



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

---

ਧੁਰੀਓ ਸ਼ਬਦ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

---

ਆਵਾਜ਼ਿ ਕੌਮ
Daily Newspaper from U.K.
Publisher/Chief Editor
***Raghbir Singh Walsal***
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋਂ ਪਾਵਾ ॥

### ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਗੁਰਮਤਿ ਸਮਾਗਮ

☛ ਸ਼ਹੀਦੀ ਦਿਵਸ : ਛੋਟਾ ਘੱਲੂਘਾਰਾ ਕਾਹਨੂੰਵਾਨ ☛ ਫ਼ਤਹਿ ਦਿਵਸ : ਫ਼ਤਹਿ ਦਿਵਸ ਕੌਮੀ ਜਰਨੈਲ ਬਾਬਾ ਬੰਦਾ ਸਿੰਘ ਜੀ ਬਹਾਦਰ ਸਰਹੰਦ ਫ਼ਤਹਿ ਦਿਵਸ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।






ਸ਼ੁੱਕਰਵਾਰ 15 ਮਈ ਸੰਗਰਾਂਦ ਦਾ ਪਵਿੱਤਰ ਦਿਹਾੜੇ ਨੂੰ ਸਮਰਪਿਤ ਸ਼ਾਮ 5 ਤੋ 8 ਵਜੇ ਤੱਕ ਦੀਵਾਨ ਸਜਣਗੇ।

• ਸ਼ਨਿੱਚਰਵਾਰ 16 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। • ਐਤਵਾਰ 17 ਮਈ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਢਾਡੀ ਜਥਾ ਗਿਆਨੀ ਗੁਰਪ੍ਰੀਤ ਸਿੰਘ ਲਾਂਡਰਾਂ ਵਾਲੇ 15/16/17 ਮਈ ਨੂੰ ਢਾਡੀ ਵਾਰਾਂ ਰਾਹੀਂ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਪ੍ਰਕਾਸ਼ ਪੁਰਬ

**ਅਵਤਾਰ ਪੁਰਬ : ਧੰਨ ਸ਼੍ਰੀ ਗੁਰੂ ਅਮਰਦਾਸ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।**

☛ ਸ਼ੁੱਕਰਵਾਰ 1ਮਈ ਸ਼ਾਮ 5 ਤੋ 8 ਵਜੇ ਤੱਕ ਦੀਵਾਨ ਸਜਣਗੇ।ਸ਼ਨਿੱਚਰਵਾਰ 2 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 3 ਮਈ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਰਾਗੀ ਭਾਈ ਗੁਰਦਿਆਲ ਸਿੰਘ ਸੋਢੀ ਦਿੱਲੀ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

### ਰਈਆ ਮੰਡੀ ਵਿਚੋਂ ਕਣਕ ਦੀ ਲਿਫਟਿੰਗ ਨਾ ਹੋਣ ਕਰਕੇ

# ਮਜਦੂਰਾਂ ਵਲੋਂ ਅਧਿਕਾਰੀਆਂ ਦਾ ਪਿਟ ਸਿਆਪਾ



**ਚੌਂਕ ਮਹਿਤਾ, 1 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਰਈਆ ਦੀ ਅਨਾਜ ਮੰਡੀ ਵਚੋਂ ਕਣਕ ਦੀ ਲਿਫਟਿੰਗ ਨਾ ਹੋਣ ਤੋਂ ਦੁਖੀ ਮਜਦੂਰਾਂ ਵਲੋਂ ਅਨਾਜ ਮੰਡੀ ਮਜਦੂਰ ਯੂਨੀਅਨ ਦੀ ਅਗਵਾਈ ਹੇਠ ਅਧਿਕਾਰੀਆਂ ਦਾ ਪਿਟ ਸਿਆਪਾ ਕੀਤਾ ਗਿਆ ਤੇ ਜਲਦੀ ਤੋਂ ਜਲਦੀ ਲਿਫਟਿੰਗ ਕੀਤੇ ਜਾਣ ਦੀ ਚੇਤਾਵਨੀ ਦਿਤੀ ਗਈ।ਇਸ ਮੌਕੇ ਯੂਨੀਅਨ ਦੇ ਜਿਲ੍ਹਾ ਪ੍ਰਧਾਂਨ ਨਾਜਰ ਸਿੰਘ, ਰਈਆ ਮੰਡੀ ਦੇ ਪ੍ਰਧਾਨ ਮੋਹਣ ਸਿੰਘ ਫੇਰੂਮਾਨ, ਸੈਕਟਰੀ ਬਲਵੰਤ ਸਿੰਘ, ਪ੍ਰਧਾਨ ਬਲਵਿੰਦਰ ਸਿੰਘ, ਜੋਗਿੰਦਰ ਸਿੰਘ ਭਿੰਡਰ,ਮੋਤੀਲਾਲ,ਸੁਖਪਾਲ ਸਿੰਘ ਵਡਾਲਾ,ਵਿਕੀ ਚੀਮਾਬਾਠ, ਵਿਜੈ ਕੁਮਾਰ, ਬਾਲੀ, ਰਾਮੂੰ ਚੌਧਰੀ, ਬਚਨ ਸ਼ਰਮਾ ਤੇ ਨਿਰਮਲ ਸਿੰਘ ਬਦੇਸ਼ਾ ਆਦਿ ਹਾਜਿਰ ਸਨ।ਇਸ ਮੌਕੇ ਮਜਦੂਰ ਆਗੂਆਂ ਨੇ ਦੱਸਿਆ ਕਿ ਇਸ ਵਾਰ ਮੌਸਮ ਖਰਾਬ ਹੋਣ ਕਰਕੇ ਕਣਕ ਦਾ ਸੀਜਨ ਸਿਰਫ ਇੱਕ ਹਫਤਾ ਹੀ ਚਲ ਪਾਇਆ ਹੈ।ਹੁਣ ਮੰਡੀ ਵਚੋਂ ਲਿਫਟਿੰਗ ਸੁਸਤ ਹੋਣ ਕਰਕੇ ਮਜਦੂਰ ਵਿਹਲੇ ਬੈਠ ਕੇ ਖਾ ਰਹੇ ਹਨ।ਜੇ ਇਹੀ ਹਾਲ ਰਿਹਾ ਤਾਂ ਮਜਦੂਰਾਂ ਨੇ ਖਾਸ ਕਰਕੇ ਪ੍ਰਵਾਸੀ ਮਜਦੂਰਾਂ ਵਲੋਂ ਹੱਡ ਭੰਨਵੀਂ ਮਿਹਨਤ ਨਾਲ ਕਮਾਇਆ ਪੈਸਾ ਧੇਲਾ ਜਿਹੜਾ ਪਿਛੇ ਆਪਣੇ ਪ੍ਰੀਵਾਰਾਂ ਲਈ ਲੈ ਕੇ ਜਾਣਾ ਹੈ ਉਹ ਇਥੇ ਹੀ ਖਾਧਾ ਜਾਣਾ ਹੈ ਉਨ੍ਹਾ ਦੱਸਿਆ ਕਿ ਇਸ ਦਾ ਅਸਲ ਕਾਰਣ ਗੁਦਾਮਾਂ ਵਿੱਚ ਮਾਲ ਉਤਾਰਨ ਵਾਲੇ ਮਜਦੂਰਾਂ ਦੇ ਠੇਕੇਦਾਰ ਕੋਲ ਲੋੜੀਂਦੇ ਮਜਦੂਰ ਨਾ ਹੋਣ ਕਰਕੇ ਗੱਡੀਆਂ ਜਲਦੀ ਖਾਲੀ ਨਹੀਂ ਹੋ ਰਹੀਆਂ ਜਿਸ ਦਾ ਖਮਿਆਜਾ ਸਾਨੂੰ ਭੁਗਤਣਾ ਪੈ ਰਿਹਾ ਹੈ।ਦੂਜਾ ਗੁਦਾਮ ਵੀ ਪੂਰੀ ਤਰਾਂ ਖਾਲੀ ਨਹੀਂ ਹੋ ਸਕੇ ਤੇ ਟਰਾਂਸਪੋਰਟ ਠੇਕੇਦਾਰ ਕੋਲ ਗੱਡੀਆਂ ਵੀ ਘੱਟ ਹਨ।ਉਨ੍ਹਾਂ ਕਿਹਾ ਮਾਰਕੀਟ ਕਮੇਟੀ ਦੇ ਅਧਿਕਾਰੀ ਵੀ ਅੱਖਾਂ ਮੀਟ ਕੇ ਤਮਾਸ਼ਾ ਵੇਖ ਰਹੇ ਹਨ ।ਸਾਡੀ ਕੋਈ ਸਾਰ ਨਹੀਂ ਲੈ ਰਿਹਾ।ਉਨ੍ਹਾਂ ਚੇਤਾਵਨੀ ਦਿਤੀ ਕਿ ਜੇ ਸਾਡੀ ਮੁਸ਼ਕਲ ਦਾ ਹੱਲ ਨਾ ਕੀਤਾ ਗਿਆ ਤਾਂ ਸਾਨੂੰ ਮਹਬੂਰਨ ਜੀ.ਟੀ ਰੋਡ ਜਾਮ ਕਰਨਾ ਪਵੇਗਾ।

### ਜਾਅਲੀ ਕਾਗਜਾਤ ਦੇ ਆਧਾਰ ਤੇ ਨਗਰ ਪੰਚਾਇਤ ਰਈਆ ਵਿੱਚ ਨੌਕਰੀ ਕਰ ਰਹੇ ਵਿਆਕਤੀ ਖਿਲਾਫ

# ਐਸ.ਡੀ.ਐਮ ਬਾਬਾ ਬਕਾਲਾ ਨੂੰ ਮ੍ਰਿਤਕ ਦੇ ਭਰਾ ਨੇ ਦਿੱਤੀ ਲਿਖਤੀ ਸ਼ਿਕਾਇਤ



ਐਸ.ਡੀ.ਐਮ ਬਾਬਾ ਬਕਾਲਾ ਸਾਹਿਬ ਨੇ ਮਾਮਲੇ ਦੀ ਪੜਤਾਲ ਕਰਨ ਦੇ ਹੁਕਮ ਜਾਰੀ ਕੀਤੇ

ਬਾਬਾ ਬਕਾਲਾ ਸਾਹਿਬ 1 ਮਈ ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ) ਮ੍ਰਿਤਕ ਭਰਾ ਦੀ ਜਗਾ ਨਗਰ ਪੰਚਾਇਤ ਰਈਆ ਵਿੱਚ ਸਰਕਾਰੀ ਮੁਲਾਜਿਮਾ ਦੀ ਮਿਲੀਭੁਗਤ ਨਾਲ ਜਾਅਲੀ ਕਾਗਜਾਤ ਦੇ ਆਧਾਰ ਤੇ ਨੌਕਰੀ ਕਰਦੇ ਵਿਆਕਤੀ ਖਿਲ਼ਾਫ ਐਸ.ਡੀ.ਐਮ ਬਾਬਾ ਬਕਾਲਾ ਸਾਹਿਬ ਪਾਸ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ ।ਪ੍ਰਾਪਤ ਜਾਣਕਾਰੀ ਅਨੁਸਾਰ ਮ੍ਰਿਤਕ ਰਕੇਸ ਕੁਮਾਰ ਦੇ ਭਰਾ ਦੀਪੂ ਪੁੱਤਰ ਗੁੱਠੀਆ ਨੇ ਸ੍ਰੀ ਜਸਨਜੀਤ ਸਿੰਘ ਐਸ.ਡੀ ਐਮ ਬਾਬਾ ਬਕਾਲਾ ਸਾਹਿਬ ਜੀ ਨੂੰ ਲਿਖਤੀ ਸ਼ਕਾਇਤ ਰਾਹੀ ਦੱਸਿਆ ਕਿ ਮੇਰਾ ਭਰਾ ਰਕੇਸ ਨੂੰ ਨਗਰ ਪੰਚਾਇਤ ਰਈਆ ਵਿੱਚ ਰੈਗੂਲਰ ਸਫਾਈ ਕਰਮਚਾਰੀ ਦੀ ਪੱਕੀ ਨੌਕਰੀ ਕਰਦਾ ਸੀ ਜਿਸ ਦੀ ਮਿਤੀ 29-1-2024 ਨੂੰ ਮੌਤ ਹੋ ਗਈ ।ਮੇਰਾ ਭਰਾ ਕੁਆਰਾ ਸੀ ਜਿਸ ਬਾਰੇ ਨਗਰ ਪੰਚਾਇਤ ਰਈਆ ਦੇ ਸਾਰੇ ਮੁਲਾਜਿਮਾ ਨੂੰ ਪਤਾ ਹੈ ਅਤੇ ਮੈ ਆਪਣੇ ਮ੍ਰਿਤਕ ਭਰਾ ਦਾ ਕਾਨੂੰਨੀ ਵਾਰਿਸ ਹਾ ।ਪਰ ਮੇਰੇ ਭਰਾ ਦੀ ਮੌਤ ਤੋ ਬਾਅਦ ਗੱਬਰ ਪੁੱਤਰ ਲੱਖੀ ਵਾਸੀ ਧਿਆਨਪੁਰ ਨੇ ਆਪਣੇ ਹੋਰ ਸਾਥੀਆ ਨਾਲ ਮਿਲੀਭੁਗਤ ਕਰਕੇ ਮੇਰੇ ਭਰਾ ਦੀ ਮੌਤ ਦਾ ਸਰਟੀਫਿਕੇਟ ਬਣਾ ਲਿਆ ਜਿਸ ਵਿੱਚ ਕਿਸੇ ਸਮਿਤਰੀ ਦੇਵੀ ਨੂੰ ਉਸ ਦੀ ਪਤਨੀ ਲਿਖਾ ਦਿੱਤਾ ਅਤੇ ਬਾਅਦ ਵਿੱਚ ਨਗਰ ਪੰਚਾਇਤ ਰਈਆ ਦੇ ਮੁਲਾਜਮਾ / ਕਲਰਕਾ ਨਾਲ ਮਿਲੀਭੁਗਤ ਕਰਕੇ ਗੱਬਰ ਸਿੰਘ ਨੇ ਨਗਰ ਪੰਚਾਇਤ ਵਿੱਚ ਮੇਰੇ ਮ੍ਰਿਤਕ ਭਰਾ ਦੀ ਜਗਾ ਤਰਸ ਦੇ ਆਧਾਰ ਤੇ ਨੌਕਰੀ ਲੈ ਲਈ ।ਜਦ ਮੈ ਇਸ ਬਾਰੇ ਪਤਾ ਲੱਗਾ ਤਾ ਮੈ ਮੁੱਖ ਮੰਤਰੀ ਪੰਜਾਬ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਅਤੇ ਹੋਰ ਉਚ ਅਧਿਕਾਰੀਆ ਨੂੰ ਦਰਖਾਸਤਾ ਦਿੱਤੀਆ ਤਾ ਨਗਰ ਪੰਚਾਇਤ ਰਈਆ ਦੇ ਕਲਰਕਾ ਨੇ ਮੈਨੂੰ ਡਰਾਇਆ ਧਮਕਾਇਆ ।ਇੰਨ੍ਹਾ ਨੇ ਆਪਸੀ ਮਿਲੀਭੁਗਤ ਨਾਲ ਮੇਰੇ ਮ੍ਰਿਤਕ ਭਰਾ ਰਕੇਸ਼ ਕੁਮਾਰ ਦੇ ਗਲਤ ਤਰੀਕੇ ਜਾਅਲੀ ਕਾਗਜਾਤ ਦੇ ਆਧਾਰ ਤੇ ਫੰਡ ਕਢਵਾਕੇ ਹੜੱਪ ਕਰਕੇ ਸਰਕਾਰ ਨੂੰ ਵੀ ਚੂਨਾ ਲਾਇਆ ਹੈ ।ਮੈ ਇਸ ਸਬੰਧੀ ਦੁਬਾਰਾ ਮਿਤੀ 20-3-2026 ਨੂੰ ਈ .ਓ ਨਗਰ ਪੰਚਾਇਤ ਰਈਆ ਅਤੇ ਡਿਪਟੀ ਕਮਿਸਨਰ ਅੰਮ੍ਰਿਤਸਰ ਨੂੰ ਦਰਖਾਸਤਾ ਵੀ ਭੇਜੀਆ ਹਨ ਪਰ ਮੇਰੀਆ ਦਰਖਾਸਤਾ ਤੇ ਕੋਈ ਵੀ ਕਾਰਵਾਈ ਨਹੀ ਹੋਈ ਦਫਤਰ ਦੇ ਕਲਰਕ ਮੈਨੂੰ ਦਬਕੇ ਮਾਰ ਕੇ ਮੇਰੇ ਕੋਲੋ ਖਾਲੀ ਕਾਗਜਾਤ ਤੇ ਦਸਤਖਤ ਕਰਵਾਉਦੇ ਹਨ ।ਦੀਪੂ ਨੇ ਐਸ.ਡੀ.ਐਮ ਸਾਹਿਬ ਨੂੰ ਲ਼ਖਿਤੀ ਦਰਖਾਸਤ ਦੇ ਕੇ ਉਸ ਦੇ ਮ੍ਰਿਤਕ ਭਰਾ ਦੇ ਬਣਾਏ ਮੌਤ ਦੇ ਸਰਟੀਫਿਕੇਟ ਵਿੱਚ ਦਰਜ ਵਾਰਸ ਸਮਿਤਰੀ ਦੇਵੀ ਅਤੇ ਜਾਅਲੀ ਹੋਰ ਕਾਗਜਾਤ ਦੀ ਪੜਤਾਲ ਕਰਕੇ ਦੋਸ਼ੀਆ ਖਿਲ਼ਾਫ ਕਾਨੂੰਨੀ ਕਾਰਾਵਈ ਦੀ ਮੰਗ ਕੀਤੀ ਹੈ।ਇਸ ਮਾਮਲੇ ਸਬੰਧੀ ਸ੍ਰੀ ਅਨਿਲ ਚੋਪੜਾ ਈ.ਓ ਨਗਰ ਪੰਚਾਇਤ ਰਈਆ ਨਾਲ ਗੱਲਬਾਤ ਵੀ ਕੀਤੀ ਗਈ ਤਾ ਉਨ੍ਹਾ ਕਿਹਾ ਕਿ ਮੈ ਸ਼ਕਾਇਤ ਕਰਤਾ ਨੂੰ ਆਪਣੇ ਦਫਤਰ ਪੱਤਰ ਭੇਜ ਕੇ ਬੁਲਾਇਆ ਸੀ ਪਰ ਉਹ ਆਪਣੀ ਸ਼ਕਾਇਤ ਦੀ ਪੜਤਾਲ ਦੇ ਸਬੰਧ ਵਿੱਚ ਦਫਤਰ ਨਹੀ ਆਇਆ ।ਦੀਪੂ ਦੀ ਸ਼ਕਾਇਤ ਤੇ ਐਸ.ਡੀ ਐਮ ਬਾਬਾ ਬਕਾਲਾ ਸਾਹਿਬ ਨੇ ਇਸ ਮਾਮਲੇ ਦੀ ਪੜਤਾਲ ਦੇ ਹੁਕਮ ਜਾਰੀ ਕੀਤੇ ਹਨ ।

# ਮਾਂ ਦਿਵਸ ਮੌਕੇ ਵਿਸ਼ਾਲ ਮੁਹਿੰਮ ਦਾ ਅਗਾਜ਼,ਏਕ ਪੇੜ ਮਾਂ ਕੇ ਨਾਮ 1 ਮਈ ਤੋਂ 10 ਮਈ ਤੱਕ ਚੱਲੇਗੀ ਮੁਹਿੰਮ : ਦਵੇਸਰ/ਮੱਟੂ



**ਚੌਂਕ ਮਹਿਤਾ, 1 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਣ ਧੀਆਂ ’ਤੇ ਸਮਾਜ ਭਲਾਈ ਸੋਸਾਇਟੀ (ਰਜਿ.) ਅੰਮ੍ਰਿਤਸਰ ਦੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ (ਪ੍ਰਸਿੱਧ ਸਮਾਜ ਸੇਵਕ ਅਤੇ ਖੇਡ ਪ੍ਰੋਮੋਟਰ) ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਪਿੱਛਲੇ ਡੇਢ ਦਹਾਕੇ ਤੋਂ ਰੁੱਖ ਲਗਾਓ ਮੁਹਿੰਮ ਸਕੂਲ ਪੱਧਰ ਤੇ ਚਲਾਈ ਜਾ ਰਹੀ ਹੈ 9 ਇਸ ਵਰ੍ਹੇ ਸੋਸਾਇਟੀ ਵੱਲੋਂ ਨਿਵੇਂਕਲੀ ਪਹਿਲ ਕੀਤੀ ਗਈ ਹੈ 9 ਜਿਸ ਵਿੱਚ ਮਾਂ ਦਿਵਸ ਮੌਕੇ ਵਿਸ਼ਾਲ ਮੁਹਿੰਮ ਏਕ ਪੇੜ ਮਾਂ ਕੇ ਨਾਮ ਦਾ ਅਗਾਜ਼ ਸੋਸਾਇਟੀ ਦੇ ਚੇਅਰਮੈਨ ਹਰਦੇਸ਼ ਸ਼ਰਮਾ, ਪ੍ਰਧਾਨ ਗੁਰਿੰਦਰ ਸਿੰਘ ਮੱਟੂ, ਪ੍ਰਿੰਸੀਪਲ ਪ੍ਰਮਜੀਤ ਕੌਰ ਅਤੇ ਸਵਿੰਦਰ ਸਿੰਘ ਵੱਲੋਂ ਇੱਕ ਬੂਟਾ ਲਗਾਕੇ ਕੀਤਾ ਗਿਆ 9 ਇਸ ਸੰਬੰਧੀ ਸੋਸਾਇਟੀ ਦੇ ਮੈਂਬਰਾਂ ਨੇ ਸਾਂਝੇ ਤੌਰ ਕਿਹਾ ਕੀ ਇਸ ਮੁਹਿੰਮ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਸਕੂਲ ਪ੍ਰਿੰਸੀਪਲਾਂ ਨੂੰ ਸੰਦੇਸ਼ ਭੇਜ ਦਿੱਤੇ ਹਨ ਕੇ ਆਪਣੇ ਸਕੂਲ ਦੇ ਵੱਧ ਤੋਂ ਵੱਧ ਵਿਦਿਆਰਥੀ /ਅਧਿਆਪਕਾਂ ਮਾਪਿਆਂ ਅਤੇ ਬੱਚਿਆਂ ਤੋਂ ਲੈ ਕੇ ਵੱਡਿਆਂ ਤੱਕ ਹਰ ਕੋਈ ਇਸ ਮੁਹਿੰਮ ਨਾਲ ਜੋੜ ਸਕਦੇ ਹਨ (ਇਸ ਵਿੱਚ ਕੋਈ ਉਮਰ ਸੀਮਾ ਨਹੀਂ ਹੈ) ਸਕੂਲ ਪੱਧਰ ਤੇ ਹਰੇਕ ਬੂਟਾ ਵਾਲੇ 8 ਸਾਲ,10 ਸਾਲ,12 ਸਾਲ,14 ਸਾਲ,17 ਸਾਲ ਅਤੇ 19 ਸਾਲ ਤੋਂ ਘੱਟ ਉਮਰ ਦੇ ਹਰੇਕ 25-25 ਵਿਦਿਆਰਥੀ ਨੂੰ ਪ੍ਰਸੰਸਾ ਪੱਤਰ ਅਤੇ ਮੈਡਲ ਦਿੱਤਾ ਜਾਵੇਗਾ।

# ਧੂਰੀ, ਸੰਗਰੂਰ ਦੀਆਂ ਮੰਗਾਂ ਨੂੰ ਲੈ ਕੇ ਦਿਓਲ ਵੱਲੋਂ ਕੇਂਦਰੀ ਮੰਤਰੀ ਮੁਲਾਕਾਤ



**ਧੂਰੀ ( ਰਣਜੀਤ ਸਿੰਘ ਪੇਧਨੀ )**-ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਸ, ਰਣਦੀਪ ਸਿੰਘ ਦਿਓਲ ਹਲਕਾਂ ਇੰਚਾਰਜ ਧੂਰੀ ਨੇ ਧੂਰੀ ਅਤੇ ਸੰਗਰੂਰ ਦੀਆਂ ਸਮੱਸਿਆਵਾਂ ਨੂੰ ਲੈ ਕੇ ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਸ੍ਰੀ ਜਗਤ ਪ੍ਰਕਾਸ਼ ਨੱਡਾ ਨਾਲ ਮੁਲਾਕਾਤ ਕੀਤੀ।ਇਸ ਮੌਕੇ ਪ੍ਰੈਸ ਨਾਲ ਜਾਣਕਾਰ ਸਾਂਝੀ ਕਰਦਿਆਂ ਸ, ਦਿਓਲ ਨੇ ਕਿਹਾ ਕਿ ਪੀਜੀਆਈ ਸੈਟੇਲਾਈਟ ਸੰਗਰੂਰ ਵਿਖੇ ਐਮਰਜੈਂਸੀ, ਟਰੌਮਾ ਅਤੇ ਹੋਰ ਸਾਰੀਆਂ ਸੇਵਾਵਾਂ ਜਲਦ ਸ਼ੁਰੂ ਕਰਨ ਲਈ ਸਿਹਤ ਮੰਤਰੀ ਨੂੰ ਮਿਲ ਕੇ ਬੇਨਤੀ ਕੀਤੀ ਗਈ ।ਉਨ੍ਹਾਂ ਵੱਲੋਂ ਸਾਰੀਆਂ ਮੰਗਾਂ ਨੂੰ ਜਲਦੀ ਪੂਰਾ ਕਰਨ ਦਾ ਭਰੋਸਾ ਦਿੱਤਾ ।ਇਸ ਮੌਕੇ ਭਾਜਪਾ ਦੇ ਸੀਨੀਅਰ ਆਗੂ ਜਗਦੀਪ ਸਿੰਘ ਗੱਗੂ ਤੂਰ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸੰਤ ਬਾਬਾ ਇਕਬਾਲ ਸਿੰਘ ਜੀ ਦੇ 100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ

# ਚਾਰ-ਰੋਜ਼ਾ ਗੁਰਮਤਿ ਸਮਾਗਮ ਗੁ. ਬੜੂ ਸਾਹਿਬ ਵਿਖੇ ਆਯੋਜਿਤ




**ਨਵੀਂ ਦਿੱਲੀ, 1 ਮਈ (ਮਨਪ੍ਰੀਤ ਸਿੰਘ ਖਾਲਸਾ)**:- 20ਵੀਂ ਸਦੀ ਦੇ ਮਹਾਨ ਤਪੱਸਵੀ, ਰਾਜਯੋਗੀ, ਪੂਰਨ ਬ੍ਰਹਮਗਿਆਨੀ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣਾ ਸਾਹਿਬ ਵਾਲਿਆਂ ਅਤੇ ਸੰਤ ਤੇਜਾ ਸਿੰਘ ਜੀ, ਐੱਮ.ਏ., ਐੱਲ.ਐੱਲ.ਬੀ.(ਪੰਜਾਬ), ਏ.ਐੱਮ. (ਹਾਰਵਰਡ) ਦੇ ਅਨਿੰਨ ਸੇਵਕ, ਕਲਗੀਧਰ ਟ੍ਰਸਟ ਬੜੂ ਸਾਹਿਬ ਦੇ ਸਾਬਕਾ ਪ੍ਰਧਾਨ ਅਤੇ ਪਦਮ ਸ਼੍ਰੀ, ਵਿੱਦਿਆ ਮਾਰਤੰਡ, ਸ਼੍ਰੋਮਣੀ ਪੰਥ ਰਤਨ ਸੰਤ ਬਾਬਾ ਇਕਬਾਲ ਸਿੰਘ ਜੀ ਦੀ ਪਵਿੱਤਰ ਯਾਦ ਨੂੰ ਸਮਰਪਿਤ ਚਾਰ ਰੋਜ਼ਾ ਸਾਲਾਨਾ ਗੁਰਮਤਿ ਸਮਾਗਮ 28 ਅਪ੍ਰੈਲ ਤੋਂ 1 ਮਈ 2026 ਤੱਕ ਤਪੋ-ਭੂਮੀ ਗੁਰਦੁਆਰਾ ਬੜੂ ਸਾਹਿਬ ਵਿਖੇ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ 28 ਅਪ੍ਰੈਲ ਨੂੰ 121 ਸ੍ਰੀ ਅਖੰਡ ਪਾਠ ਸਾਹਿਬਾਂ ਦੀ ਆਰੰਭਤਾ ਨਾਲ ਹੋਈ, ਜਿਨ੍ਹਾਂ ਦੇ ਭੋਗ ਮੁੱਖ ਦਰਬਾਰ ਸਾਹਿਬ ਵਿੱਚ 30 ਅਪ੍ਰੈਲ ਨੂੰ ਪਾਏ ਅਤੇ 584 ਸਹਿਜ ਪਾਠਾਂ ਦੇ ਭੋਗ ਵੀ ਪਾਏ ਗਏ। ਉਪਰੰਤ ਧਾਰਮਿਕ ਦੀਵਾਨ ਦੁਪਹਿਰ 4 ਵਜੇ ਤੋਂ ਰਾਤ 9 ਵਜੇ ਤੱਕ ਸਜਾਇਆ ਗਿਆ। 1 ਮਈ ਨੂੰ ਧਾਰਮਿਕ ਦੀਵਾਨਾਂ ਵਿੱਚ ਪੰਥ ਪ੍ਰਸਿੱਧ ਕਥਾ ਵਾਚਕਾਂ ਅਤੇ ਕੀਰਤਨੀ ਜਥਿਆਂ ਵਿੱਚ ਭਾਈ ਕੰਵਲਦੀਪ ਸਿੰਘ ਜੀ (ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ), ਸੰਤ ਬਾਬਾ ਹਰਨੇਕ ਸਿੰਘ ਜੀ ਲੰਗਰਾਂ ਵਾਲਿਆਂ ਦਾ ਜੱਥਾ, ਗਿਆਨੀ ਗਗਨਦੀਪ ਸਿੰਘ ਜੀ ਕਥਾਵਾਚਕ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਸੰਤ ਬਾਬਾ ਜਸਵਿੰਦਰ ਸਿੰਘ ਜੀ ਹਰੇੜੀ ਵਾਲੇ, ਸੰਤ ਬਾਬਾ ਜਗਤਾਰ ਸਿੰਘ ਜੀ ਕਾਹਨਗੜ੍ਹ ਵਾਲੇ, ਅਨਾਹਦ ਬਾਣੀ ਤੰਤੀ ਸਾਜ ਜਥਾ ਅਤੇ ਅਕਾਲ ਅਕੈਡਮੀ ਦੇ ਵਿਦਿਆਰਥੀਆਂ ਨੇ ਸ਼ਬਦ ਕੀਰਤਨ ਦੀ ਹਾਜ਼ਰੀ ਭਰੀ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਸਮਾਗਮ ਵਿੱਚ ਪੰਥ ਦੀਆਂ ਅਨੇਕਾਂ ਹੋਰ ਵੱਖ-ਵੱਖ ਸਿੱਖ ਸੰਸਥਾਵਾਂ ਦੇ ਪ੍ਰਤਿਨਿਧੀਆਂ ਨੇ ਵੀ ਹਾਜ਼ਰੀ ਭਰੀ। ਇਸ ਸਮਾਗਮ ਦੌਰਾਨ ਸੰਤ ਬਾਬਾ ਇਕਬਾਲ ਸਿੰਘ ਜੀ ਦੇ ਬਚਨਾਂ ਨੂੰ ਯਾਦ ਕੀਤਾ ਗਿਆ ਕਿ ਉਨ੍ਹਾਂ ਦਾ ਸੰਕਲਪ ਸੀ ਕਿ ਬੱਚਿਆਂ ਨੂੰ ਗੁਰਸਿੱਖੀ ਨਾਲ ਜੋੜ ਕੇ ਉਨ੍ਹਾਂ ਨੂੰ ਦੁਨਿਆਵੀ ਵਿੱਦਿਆ ਦੇ ਨਾਲ ਗੁਰਮਤਿ ਅਧਾਰਤ ਜੀਵਨ ਵੀ ਦਿੱਤਾ ਜਾਵੇ। ਅੱਜ ਪੰਜਾਬ ਨੂੰ ਐਸੇ ਗੁਰਸਿੱਖ ਆਗੂਆਂ ਅਤੇ ਅਫਸਰਾਂ ਦੀ ਬਹੁਤ ਲੋੜ ਹੈ। ਕਲਗੀਧਰ ਟ੍ਰਸਟ ਇਸ ਵਿੱਚ ਮਹੱਤਵਪੂਰਣ ਯੋਗਦਾਨ ਪਾ ਰਿਹਾ ਹੈ। ਕਲਗੀਧਰ ਟ੍ਰਸਟ ਦੇ ਪ੍ਰਧਾਨ ਡਾ. ਦਵਿੰਦਰ ਸਿੰਘ ਜੀ ਅਤੇ ਉੱਪ-ਪ੍ਰਧਾਨ ਭਾਈ ਜਗਜੀਤ ਸਿੰਘ ਜੀ ਨੇ ਸਭ ਸੰਗਤਾਂ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਸੰਤ ਬਾਬਾ ਇਕਬਾਲ ਸਿੰਘ ਜੀ ਦੇ ਸੰਸਕਾਰਾਂ ਤੇ ਸੰਕਲਪਾਂ ਨੂੰ ਅੱਗੇ ਵਧਾਉਣ ਲਈ ਟ੍ਰਸਟ ਪੂਰੇ ਉਤਸ਼ਾਹ ਨਾਲ ਜੁਟਿਆ ਹੋਇਆ ਹੈ। ਅੰਤ ਵਿੱਚ ਸਮੂਹ ਸੰਗਤ ਵੱਲੋਂ ਸੰਤ ਬਾਬਾ ਇਕਬਾਲ ਸਿੰਘ ਜੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਉਨ੍ਹਾਂ ਦੇ ਮਿਸ਼ਨ ਤੇ ਅਦੁੱਤੀ ਸੇਵਾ ਨੂੰ ਯਾਦ ਕੀਤਾ ਗਿਆ।

ਦਸ਼ਮੇਸ਼ ਹੈਰੀਟੇਜ ਪਬਲਿਕ ਸਕੂਲ ਦਾ ਦਸਵੀਂ ਦਾ ਨਤੀਜਾ ਰਿਹਾ ਸ਼ਾਨਦਾਰ

# ਐਸ਼ਮੀਤ ਕੌਰ ਨੇ 88.20% ਅੰਕ ਪ੍ਰਾਪਤ ਕਰਕੇ ਹਾਸਿਲ ਕੀਤਾ ਪਹਿਲਾ ਸਥਾਨ



**ਚੌਕ ਮਹਿਤਾ, 1 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੀ ਮੰਨੀ ਪ੍ਰਮੰਨੀ ਸੰਸਥਾ ਦਸ਼ਮੇਸ਼ ਹੈਰੀਟੇਜ ਪਬਲਿਕ ਸਕੂਲ ਮਹਿਤਾ ਚੌਂਕ ਦਾ ਦਸਵੀਂ ਕਲਾਸ ਦਾ ਨਤੀਜਾ ਸ਼ਾਨਦਾਰ ਰਿਹਾ ।ਦਸਵੀਂ ਕਲਾਸ ਦੇ ਕੁੱਲ 37 ਬੱਚਿਆਂ ਨੇ ਪ੍ਰੀਖਿਆ ਦਿੱਤੀ। ਸਾਰੇ ਵਿਦਿਆਰਥੀ ਫਸਟ ਡਿਵੀਜ਼ਨ ਲੈ ਕੇ ਪਾਸ ਹੋਏ ।ਜਿਨਾਂ ਵਿੱਚੋਂ ਐਸ਼ਮੀਤ ਕੌਰ ਨੇ 88.20% ,ਐਸ਼ਮੀਤ ਕੌਰ 86.40% ਅਤੇ ਮਨਰਾਜ ਸਿੰਘ 82.5% ਨੇ ਅੰਕ ਪ੍ਰਾਪਤ ਕਰ ਕੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਿਲ ਕੀਤਾ ।ਇਸ ਤੋਂ ਇਲਾਵਾ 06 ਵਿਦਿਆਰਥੀਆਂ ਨੇ 80% ਤੋਂ ਉੱਪਰ ਨੰਬਰ ਲਏ ਅਤੇ 07 ਵਿਦਿਆਰਥੀਆਂ ਨੇ 70%ਤੋਂ ਉੱਪਰ ਨੰਬਰ ਲਏ ਅਤੇ 16 ਵਿਦਿਆਰਥੀਆਂ ਨੇ 60% ਤੋਂ ਉੱਪਰ ਨੰਬਰ ਅਤੇ 08 ਵਿਦਿਆਰਥੀਆਂ ਨੇ 50% ਤੋਂ ਉੱਪਰ ਅੰਕ ਲੈ ਕੇ ਪ੍ਰੀਖਿਆ ਪਾਸ ਕੀਤੀ। ਵਿਦਿਆਰਥੀਆਂ ਨੇ ਆਪਣੀ ਇਸ ਸਫ਼ਲਤਾ ਦਾ ਸਿਹਰਾ ਆਪਣੇ ਅਧਿਆਪਕਾਂ ਦੇ ਸਿਰ ਦਿੱਤਾ। ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਐਸ਼ਮੀਤ ਕੌਰ ਨੇ ਕਿਹਾ ਕਿ ਉਹ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸਖ਼ਤ ਮਿਹਨਤ ਕਰੇਗੀ ।ਸਕੂਲ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਨੇ ਦਸਵੀ ਕਲਾਸ ਦਾ 100% ਨਤੀਜਾ ਆਉਣ ਤੇ ਸਮੁੱਚੇ ਸਟਾਫ ਨੂੰ ਵਧਾਈ ਦਿੱਤੀ ।ਬੱਚਿਆਂ ਤੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਬੱਚਿਆਂ ਨੂੰ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਦੇ ਰਹਿਣ ਦੀ ਪ੍ਰੇਰਨਾ ਦਿੱਤੀ। ਇੱਥੇ ਇਹ ਵੀ ਵਰਨਣਯੋਗ ਹੈ ਕਿ ਪੁਜ਼ੀਸ਼ਨ ਹੋਲਡਰ ਵਿਦਿਆਰਥੀਆਂ ਦੇ ਸਖਸ਼ੀ ਨਿਖਾਰ ਦੇ ਪਾਤਰ ਹਨ ।ਉਹਨਾਂ ਨੇ ਸਕੂਲ ਦੀ ਹਰ ਗਤੀਵਿਧੀ ਵਿੱਚ ਵੱਧ ਚੜ ਕੇ ਹਿੱਸਾ ਲਿਆ ।ਇਸ ਮੌਕੇ ਸ੍ਰੀ ਲਛਮਣ ਸਿੰਘ ਰਾਵਤ,ਮੈ.ਹਰਪ੍ਰੀਤ ਕੌਰ,ਮੈ.ਸੰਦੀਪ ਕੌਰ,ਮੈ.ਰਵਨੀਤ ਕੌਰ ਸਮੂਹ ਸਟਾਫ ਅਤੇ ਵਿਦਿਆਰਥੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੇਂਟ ਸੋਲਜਰ ਇਲੀਟ ਕਨਵੈਂਟ ਸਕੂਲ ਵਿਖੇ ਬੜੇ ਉਤਸਾਹ ਨਾਲ ਵਿਸ਼ਵ ਮਜ਼ਦੂਰ ਦਿਵਸ ਮਨਾਇਆ ਗਿਆ

## ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਜੀ , ਪ੍ਰਿੰਸੀਪਲ ਡਾ.ਅਮਰਜੀਤ ਕੌਰ ਜੀ ਅਤੇ ਆਏ ਹੋਏ ਮਹਿਮਾਨ ਨੇ ਸਕੂਲ ਦੇ ਸਹਾਇਕ ਸਟਾਫ ਨੂੰ ਸਨਮਾਨਿਤ ਕੀਤਾ




**ਜੰਡਿਆਲਾ ਗੁਰੂ, 1 ਮਈ ( ਕੁਲਵੰਤ ਸਿੰਘ ਵਿਰਦੀ )**-ਸੇਂਟ ਸੋਲਜਰ ਇਲੀਟ ਕਨਵੈਂਟ ਸਕੂਲ ਵਿੱਚ ਵਿਸ਼ਵ ਮਜ਼ਦੂਰ ਦਿਵਸ ਮਨਾਇਆ ਗਿਆ। ਸੇਂਟ ਸੋਲਜਰ ਸਕੂਲ ਨੇ ਉਹਨਾਂ ਮਦਦਗਾਰ ਹੱਥਾਂ ਦੀ ਸਖਤ ਮਿਹਨਤ ਅਤੇ ਸਮਰਪਣ ਦਾ ਜਸ਼ਨ ਮਨਾਇਆ ਜੋ ਸਾਡੇ ਸਕੂਲ ਨੂੰ ਸੁਚਾਰੂ ਢੰਗ ਨਾਲ ਚਲਾਉਂਦੇ ਹਨ। ਸਕੂਲ ਦੇ ਵਿਦਿਆਰਥੀਆਂ ਨੇ ਆਪਣੇ ਹੱਥਾਂ ਨਾਲ ਬਣਾਏ ਕਾਡਾਂ ਤੇ ਦਿਲੋਂ ਧੰਨਵਾਦ ਅਤੇ ਸੰਦੇਸ਼ ਲਿਖ ਕੇ ਉਹਨਾਂ ਨੂੰ ਪਿਆਰ ਅਤੇ ਸਤਿਕਾਰ ਦਿੱਤਾ। ਇਸ ਸਬੰਧ ਵਿੱਚ ਸਕੂਲ ਦੇ ਸ਼ਾਨਦਾਰ ਆਟੋਡੋਰੀਅਮ ਵਿੱਚ ਇੱਕ ਸਮਾਗਮ ਰੱਖਿਆ ਗਿਆ ।ਜਿਸ ਵਿੱਚ ਸਕੂਲ ਦੇ ਪੰਜ ਹਾਊਸਾਂ ਡੇਜ਼ੀ ਲੋਟਸ ਪੈਜੀ ਰੋਜ਼ ਅਤੇ ਲਿਲੀ ਦਰਮਿਆਨ ਕੋਰਿਓਗ੍ਰਾਫੀਆਂ ਦੇ ਮੁਕਾਬਲੇ ਕਰਵਾਏ ਗਏ। ਸਾਰੇ ਹਾਊਸਾਂ ਨੂੰ ਸਮਾਜਿਕ ਮੁੱਦਿਆਂ ਤੇ ਅਧਾਰਿਤ ਵੱਖ-ਵੱਖ ਵਿਸ਼ੇ ਦਿੱਤੇ ਗਏ ।ਜਿਨਾਂ ਤਹਿਤ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਆਪਣੀ ਕਲਾ ਦਾ ਸ਼ਾਨਦਾਰ ਨਮੂਨਾ ਪੇਸ਼ ਕੀਤਾ। ਇਹਨਾਂ ਮੁਕਾਬਲਿਆਂ ਵਿੱਚ ਪੈਨਜੀ ਹਾਊਸ ਨੇ ਪਹਿਲਾ ਸਥਾਨ ਲਿਲੀ ਹਾਊਸ ਨੇ ਦੂਸਰਾ ਸਥਾਨ, ਡੇਜੀ ਹਾਊਸ ਨੇ ਤੀਸਰਾ ਸਥਾਨ ਅਤੇ ਲੋਟਸ ਹਾਊਸ ਨੇ ਵੀ ਤੀਸਰਾ ਸਥਾਨ ਹਾਸਿਲ ਕੀਤਾ। ਇਹਨਾਂ ਮੁਕਾਬਲਿਆਂ ਦੀ ਜੱਜਮੈਂਟ ਦੀ ਭੂਮਿਕਾ ਸ. ਪ੍ਰਿਤਪਾਲ ਸਿੰਘ (ਕੋਰਿਓਗ੍ਰਾਫਰ ਅਤੇ ਐਕਟਰ ) ਸ. ਰਵਿੰਦਰ ਸਿੰਘ ਛੱਜਲਵੱਡੀ (ਆਗੂ ਕਿਰਤੀ ਕਿਸਾਨ ਯੂਨੀਅਨ )ਅਤੇ ਸ.ਪ੍ਰਕਾਸ਼ ਸਿੰਘ ਥੋਥੀਆਂ (ਆਗੂ ਕਿਰਤੀ ਕਿਸਾਨ ਯੂਨੀਅਨ )ਜੀ ਨੇ ਬਾਖੂਬੀ ਨਿਭਾਈ। ਉਪਰੰਤ ਸਕੂਲ ਵੱਲੋਂ ਸਕੂਲ ਦੇ ਸਹਾਇਕ ਸਟਾਫ ਨੂੰ ਉਹਨਾਂ ਦੀ ਅਣਥੱਕ ਮਿਹਨਤ ਦਾ ਸਦਕਾ ਉਨਾਂ ਨੂੰ ਸ਼ਾਨਦਾਰ ਤੋਹਫੇ ਦੇ ਕੇ ਸਨਮਾਨਿਤ ਕੀਤਾ ਗਿਆ।। ਇਸ ਮੌਕੇ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਜੀ ਨੇ ਕਿਹਾ ਕਿ ਉਹਨਾਂ ਸਾਰਿਆਂ ਦਾ ਧੰਨਵਾਦ ਜੋ ਰੋਜ਼ਾਨਾ ਇਸ ਸਕੂਲ ਨੂੰ ਇੱਕ ਬਿਹਤਰ ਜਗ੍ਹਾ ਬਣਾਉਂਦੇ ਹਨ।। ਉਪਰੰਤ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਮਜ਼ਦੂਰ ਦਿਵਸ ਦੇ ਇਤਿਹਾਸ ਤੇ ਚਾਨਣਾ ਪਾਇਆ ਅਤੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਉਪਰੰਤ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੀ ਦਿੱਤੇ ਗਏ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ , ਸ਼ਿਲਪਾ ਸ਼ਰਮਾ ਕੋਆਰਡੀਨੇਟਰ, ਨੀਲਾਕਸ਼ੀ ਗੁਪਤਾ ਕੋਆਰਡੀਨੇਟਰ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮਈ ਦਿਵਸ ਨੂੰ ਸਮਰਪਿਤ ਜੱਥੇਬੰਦੀ ਦਾ ਝੰਡਾ ਲਹਿਰਾਇਆ - ਕਾਂਝਲਾਂ



ਧੂਰੀ ( ਰਣਜੀਤ ਸਿੰਘ ਪੇਧਨੀ ) ਪਾਵਰਕਾਮ ਦੀ ਪ੍ਰਮੁੱਖ ਜੱਥੇਬੰਦੀ ਆਈ ਟੀ ਆਈ ਇੰਪਲਾਈਜ ਐਸੋਸੀਏਸ਼ਨ ਪੰਜਾਬ ਦੇ ਸੱਦੇ ਤੇ ਮਜ਼ਦੂਰ ਦਿਵਸ ਨੂੰ ਸਮਰਪਿਤ ਮੰਡਲ ਦਫ਼ਤਰ ਧੂਰੀ ਵਿਖੇ ਡਵੀਜਨ ਪ੍ਰਧਾਨ ਗੁਰਪਿੰਦਰ ਸਿੰਘ ਕਹੇਰੂ ਦੀ ਅਗਵਾਈ ਵਿੱਚ ਜੱਥੇਬੰਦੀ ਨੇ ਝੰਡਾ ਲਹਿਰਾਇਆ। ਇਸ ਮੌਕੇ ਸਟੇਟ ਆਗੂ ਨਪਿੰਦਰ ਸਿੰਘ ਕਾਂਝਲਾ ਨੇ ਮਈ ਦਿਵਸ ਦੀ ਮਹੱਤਤਾ ਵਾਰੇ ਚਾਨਣਾ ਪਾਉਂਦੇ ਕਿਹਾ ਕਿ 1 ਮਈ 1886 ਨੂੰ ਅਮਰੀਕਾ ਵਿੱਚ ਮਜ਼ਦੂਰਾਂ ਨੇ ਕੰਮ ਦੇ ਘੰਟੇ 8 ਘੰਟੇ ਕਰਨ ਦੀ ਮੰਗ ਨੂੰ ਲੈ ਕੇ ਹੜਤਾਲ ਕੀਤੀ ਸੀ, ਸ਼ਿਕਾਗੋ ਵਿੱਚ ਸ਼ਾਂਤਮਈ ਪ੍ਰਦਰਸ਼ਨ ਦੌਰਾਨ 4 ਮਈ 1886 ਨੂੰ ਬੰਬ ਧਮਾਕਾ ਹੋਇਆ ਅਤੇ ਪੁਲਿਸ ਦੀ ਗੋਲਾਬਾਰੀ ਵਿੱਚ ਬਹੁਤ ਮਜਦੂਰ ਮਾਰੇ ਗਏ ਅਤੇ ਜਖਮੀ ਹੋਏ ਸਨ। ਇਸ ਮੌਕੇ ਸਰਕਲ ਆਗੂ ਮਨਜੀਤ ਸਿੰਘ ਲੱਡਾ ਨੇ ਜੱਥੇਬੰਦੀ ਦੇ ਝੰਡੇ ਨੂੰ ਸਲਾਮੀ ਦਿੰਦਿਆਂ ਦੱਸਿਆ ਕਿ ਮਜ਼ਦੂਰ ਦਿਵਸ ਭਾਰਤ ਵਿੱਚ ਸ਼ੁਰੂਆਤ ਪਹਿਲੀ ਵਾਰ 1 ਮਈ 1923 ਨੂੰ ਚੇਨਈ (ਉਸ ਸਮੇਂ ਮਦਰਾਸ) ਵਿੱਚ ਲੇਬਰ ਕਿਸਾਨ ਪਾਰਟੀ ਆਫ਼ ਹਿੰਦੂਸਤਾਨ ਦੁਆਰਾ ਮਨਾਇਆ ਗਿਆ ਸੀ। ਇਸ ਸਮੇਂ ਜਰਨੈਲ ਸਿੰਘ ਮਾਨਾਂ, ਜਸਵੀਰ ਸ਼ਰਮਾ, ਅਮਰਜੀਤ ਦਾਸ ਅਤੇ ਪੂਰਨ ਸਿੰਘ ਦੀਦਾਰਗੜ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਪਾਵਰਕਾਮ ਅਤੇ ਜੱਥੇਬੰਦੀ ਦੇ ਜੁਝਾਰੂ ਸਾਥੀਆਂ ਵੱਲੋ ਮਈ ਦਿਵਸ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਦਿਆਂ ਲਾਲ ਸਲਾਮ ਦੇ ਨਾਅਰੇ ਲਗਾਏ ਗਏ। ਇਸ ਸਮੇਂ ਕੁਲਦੀਪ ਸਿੰਘ ਰਾਜੋਮਾਜਰਾ,ਕਰਮਵੀਰ ਸਿੰਘ, ਸੰਦੀਪ ਸਿੰਘ ਧੂਰਾ, ਅਮਰੀਕ ਸਿੰਘ ਮੀਮਸਾ ਜਸਪ੍ਰੀਤ ਸਿੰਘ, ਜੱਗਾ ਸਿੰਘ, ਮਨਵੀਰ ਸਿੰਘ, ਬੱਗਾ ਧੂਰੀ, ਧਰਮਾ ਧੂਰੀ, ਜਰਨੈਲ ਸਿੰਘ ਮਾਨਾ, ਹਰਵਿੰਦਰ ਸ਼ਰਮਾਂ ਆਦਿ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ

# ਨਵੀਆਂ ਨਿਯੁਕਤੀਆਂ ਦਾ ਐਲਾਨ

**ਚੰਡੀਗੜ੍ਹ, 1 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਦੇ ਆਦੇਸ਼ਾਂ ਅਨੁਸਾਰ ਪਾਰਟੀ ਦੀ ਮਜਬੂਤੀ ਲਈ ਅਹੁਦੇਦਾਰਾਂ ਦਾ ਵਿਸਥਾਰ ਕਰਦਿਆਂ ਮੀਤ ਪ੍ਰਧਾਨ, ਜਰਨਲ ਸਕੱਤਰ, ਜਥੇਬੰਦਕ ਸਕੱਤਰ ਅਤੇ ਪ੍ਰਚਾਰ ਸਕੱਤਰਾਂ ਦੀਆਂ ਨਿਯੁਕਤੀਆਂ ਕੀਤੀਆਂ ਗਈਆਂ। ਜਿੰਨਾਂ ਦੇ ਨਾਵਾਂ ਦੀ ਲਿਸਟ ਹੇਠ ਲਿਖੇ ਅਨੁਸਾਰ ਹੈ।

**ਮੀਤ ਪ੍ਰਧਾਨ**

ਸ. ਜੰਗੀਰ ਸਿੰਘ ਖ਼ਾਗ
ਸ. ਹਰਦੀਪ ਸਿੰਘ ਸਾਗਰਾ
ਸ. ਹਰਦੇਵ ਸਿੰਘ ਹਾਮਿਦ
ਸ. ਗੁਰਭੇਜ ਸਿੰਘ ਫਾਜ਼ਿਲਕਾ (ਚੇਅਰਮੈਨ)
ਸ. ਗੁਰਚਰਨ ਸਿੰਘ ਕੌਲੀ (ਮੁਲਾਜ਼ਮ ਆਗੂ)
ਸ. ਹਰਦੇਵ ਸਿੰਘ (ਫਫੜੇ ਭਾਈ ਕੇ)
ਸ. ਬਲਵਿੰਦਰ ਸਿੰਘ ਸਹਿਗਲ
ਸ. ਦਲਜਿੰਦਰਪਾਲ ਸਿੰਘ ਡਾਂਗ

**ਜਰਨਲ ਸਕੱਤਰ**

ਸ. ਗੁਰਲਾਲ ਸਿੰਘ ਫਾਜਿਲਕਾ

**ਜੱਥੇਬੰਦਕ ਸਕੱਤਰ**

ਸ. ਅਜਾਇਬ ਸਿੰਘ (ਪਟੀ ਸਦੀਕ)
ਸ. ਸਵਰਨ ਸਿੰਘ ਚੱਕ ਬੁੱਢੇ ਸ਼ਾਹ
ਸੂਬੇਦਾਰ ਚਮਕੌਰ ਸਿੰਘ ਖਾਲਸਾ (ਸ਼ਕੂਰ)
ਸ਼੍ਰੀ ਤਰਸੇਮ ਸ਼ਰਮਾ (ਹਮਝੜੀ)
ਸ. ਪ੍ਰੇਮ ਸਿੰਘ ਸੰਧੂ (ਮੌਲਵੀਵਾਲਾ)
ਸ. ਸੂਬਾ ਸਿੰਘ ਗਲੌਲੀ
ਸ. ਮਹਿੰਦਰ ਸਿੰਘ ਝੰਬਾਲੀ
ਸ. ਅਵਤਾਰ ਸਿੰਘ ਬੁੱਟਰ ਫਾਜ਼ਿਲਕਾ
ਸ. ਨਿਸ਼ਾਨ ਸਿੰਘ ਅਤਾਲਾ

**ਪ੍ਰਚਾਰ ਸਕੱਤਰ**

ਸ. ਅਮਰਜੀਤ ਸਿੰਘ ਲਾਂਬਾ
ਸ. ਤੇਜਿੰਦਰਪਾਲ ਸਿੰਘ ਰਾਣਾ



ਸ. ਗੁਰਲਾਲ ਸਿੰਘ ਫਾਜਿਲਕਾ | ਸ. ਸੂਬੇਦਾਹ ਚਮਕੌਰ ਸਿੰਘ ਖਾਲਸਾ (ਸ਼ਕੂਰ) | ਸ. ਸਰਦਾਰ ਹਰਦੇਵ ਸਿੰਘ ਜੀ ਹਾਮਦ | ਸ. ਅਵਤਾਰ ਸਿੰਘ ਬੁੱਟਰ ਫਾਜ਼ਿਲਕਾ | ਸ. ਗੁਰਭੇਜ ਸਿੰਘ ਫਾਜ਼ਿਲਕਾ | ਸ. ਸਵਰਨ ਸਿੰਘ ਜੀ (ਚੱਕ ਬੁੱਢੇ ਸ਼ਾਹ)

ਸ. ਜਸਬੀਰ ਸਿੰਘ ਉਬਰਾਏ
ਸ. ਸੂਬਾ ਸਿੰਘ ਕਾਜੇਵਾਲ (ਪਠਾਨਕੋਟ)
ਸ. ਗੁਰਦਰਸ਼ਨ ਸਿੰਘ ਬਟਾਲਾ

ਜਥੇਬੰਦੀ ਵੱਲੋਂ ਇਹ ਵੀ ਜਾਣਕਾਰੀ ਦਿੱਤੀ ਗਈ ਹੈ ਕਿ ਸ ਲਖਬੀਰ ਸਿੰਘ ਟਾਂਡਾ ਨੂੰ ਪਿਛਲੇ ਦਿਨੀ ਜਾਰੀ ਕੀਤੀ ਲਿਸਟ ਵਿੱਚ ਮੀਤ ਪ੍ਰਧਾਨ ਬਣਾਇਆ ਗਿਆ ਸੀ, ਜਿੰਨਾ ਬਾਰੇ ਜਿਲ੍ਹਾ ਹੁਸ਼ਿਆਰਪੁਰ ਦੀ ਜਥੇਬੰਦੀ ਨੇ ਰਿਪੋਰਟ ਦਿੱਤੀ ਹੈ ਕਿ ਉਹਨਾਂ ਦਾ ਵਿਹਾਰ ਪਾਰਟੀ ਜਾਬਤੇ ਦੇ ਖਿਲਾਫ ਹੈ। ਇਸ ਕਰਕੇ ਉਹਨਾਂ ਦੀ ਨਿਯੁਕਤੀ ਰੱਦ ਕੀਤੀ ਜਾਂਦੀ ਹੈ। ਪਾਰਟੀ ਵੱਲੋਂ ਸਮੂਹ ਅਹੁਦੇਦਾਰਾਂ ਨੂੰ ਪਾਰਟੀ ਅਨੁਸ਼ਾਸਨ ਵਿੱਚ ਰਹਿ ਕੇ ਸਿੱਖੀ ਸਿਧਾਂਤਾਂ ਅਨੁਸਾਰ ਕੰਮ ਕਰਨ ਦੀ ਅਪੀਲ ਕੀਤੀ ਗਈ। ਪ੍ਰੈਸ ਦੇ ਨਾਮ ਇਹ ਬਿਆਨ ਸ. ਤੇਜਿੰਦਰ ਸਿੰਘ ਪੰਨੂੰ ਨੇ ਜਾਰੀ ਕੀਤਾ।

# ਮੁੱਖ ਮੰਤਰੀ ਨੇ ਮਜਦੂਰ ਦਿਵਸ਼ 'ਤੇ ਵਿਸ਼ੇਸ਼ ਸੈਸ਼ਨ ਬੁਲਾ ਕੇ ਮਜ਼ਦੂਰ ਵਰਗ ਦਾ ਦਿਲ ਜਿੱਤਿਆ-ਬਸੰਤ ਕੁਮਾਰ ਕਾਂਝਲਾ

**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮਜ਼ਦੂਰ ਦਿਵਸ ਤੇ ਸਪੈਸ਼ਲ ਸਦਨ ਬੁਲਾਉਣ ਤੇ ਮੁੱਖ ਮੰਤਰੀ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦਿਆਂ ਟਰੇਡਰਜ਼ ਕਮਿਸ਼ਨ ਦੇ ਮੈਂਬਰ ਬਸੰਤ ਕੁਮਾਰ ਕਾਂਝਲਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪਹਿਲੇ ਮੁੱਖ ਮੰਤਰੀ ਹਨ ਜਿਨਾ ਨੇ ਵਿਧਾਨ ਸਭਾ ਦਾ ਸਪੈਸ਼ਲ ਸਦਨ ਬੁਲਾ ਕੇ ਮਜ਼ਦੂਰਾਂ ਦੇ ਹੱਕ ਵਿੱਚ ਫੈਸਲੇ ਲਏ ਅਤੇ ਸ਼ਿਕਾਂਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਉਹਨਾਂ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਮੁੱਖ ਮੰਤਰੀ ਨੂੰ ਸਦਨ ਵਿੱਚ ਸ਼ਰਾਬ ਪੀ ਕੇ ਆਉਣ ਦੀ ਕੀਤੀ ਗਲਤ ਦੂਸ਼ਨਬਾਜੀ ਅਤਿਨਿੰਦਣ ਯੋਗ ਹੈ ਉਹਨਾਂ ਕਿਹਾ ਕਿ ਜਿਹੜੇ ਕੰਮ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਚਾਰ ਸਾਲਾਂ ਵਿੱਚ ਕਰ ਦਿਖਾਏ, ਉਹ ਪਿਛਲੀਆਂ ਸਰਕਾਰਾਂ 70 ਸਾਲਾਂ ਵਿੱਚ ਵੀ ਨਹੀਂ ਕਰ ਸਕੀਆਂ ।



# ਭਸੌੜ, ਘੁੱਲੀ, ਰੰਧਾਵਾ ਨੇ ਸ਼ਿਕਾਗੋ ਦੇ ਸ਼ਹੀਦਾਂ ਦੀ ਯਾਦ ਵਿੱਚ ਝੰਡਾ ਲਹਿਰਾਇਆ

**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼ਿਕਾਗੋ ਦੇ ਸ਼ਹੀਦਾ ਨੂੰ ਸਮਰਪਿਤ ਮਜਦੂਰ ਦਿਵਸ਼ 'ਤੇ ਧੂਰੀ ਦੀ ਮਿਉਂਸਪਲ ਕਮੇਟੀ ਦੇ ਬਾਹਰ ਧੂਰੀ ਹਲਕੇ ਦੇ ਰਾਜ ਗਿਰੀ ਮਿਸਤਰੀ ਅਤੇ ਮਜਦੂਰਾਂ ਵੱਲੋਂ ਇਕੱਠ ਕੀਤਾ ਗਿਆ। ਜਿਸ ਵਿੱਚ ਮੁੱਖ ਮੰਤਰੀ ਦੇ ਦਫ਼ਤਰ ਇੰਚਾਰਜ ਚੇਅਰਮੈਨ ਰਾਜਵੰਤ ਸਿੰਘ ਘੁੱਲੀ ,ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ ਅਤੇ ਸ੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਮਜਦੂਰਾਂ ਨੂੰ ਮਜ਼ਦੂਰ ਦਿਵਸ਼ ਦੀਆਂ ਵਧਾਈਆਂ ਦੇਣ ਲਈ ਵਿਸੇਸ ਤੌਰ ਤੇ ਸਾਮਿਲ ਹੋਏ। ਇਸ ਮੌਕੇ ਆਗੂਆਂ ਨੇ ਮਜਦੂਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੂਰੀ ਦੁਨੀਆਂ ਵਿੱਚ ਕੋਈ ਵੀ ਅਜਿਹਾ ਕੰਮ ਨਹੀਂ ਜਿਹੜਾ ਮਜਦੂਰਾਂ ਤੋਂ ਬਿਨਾਂ ਹੁੰਦਾ ਹੋਵੇ। ਆਗੂਆਂ ਨੇ ਕਿਹਾ ਕਿ ਮਜ਼ਦੂਰਾਂ ਦੀ ਅਸਲ ਮਜ਼ਦੂਰੀ ਉਹ ਹੈ ਕਿ ਮਜ਼ਦੂਰ ਦੀ ਗਰਮੀ ਸੁੱਕਣ ਤੋਂ ਪਹਿਲਾਂ ਪਹਿਲਾਂ ਮਜਦੂਰੀ ਮਿਲਣੀ ਚਾਹੀਦੀ ਹੈ।

### ਆਖਿਰ ਕਦੋਂ ਤਕ ਅਸੀਂ ਧਰਨੇ ਪ੍ਰਦਰਸ਼ਨ, ਸੱਤਿਆਗ੍ਰਹਿ ਕਰਦੇ ਰਹਾਂਗੇ: ਰਤਿੰਦਰ ਸਿੰਘ, ਇੰਦੌਰ

# 3 ਮਈ 2026 ਦੀ ਇਕੱਤਰਤਾ ਦੇ ਸੰਬੰਧ ਵਿੱਚ ਵਿਚਾਰ

**ਨਵੀਂ ਦਿੱਲੀ 1 ਮਈ (ਮਨਪ੍ਰੀਤ ਸਿੰਘ ਖਾਲਸਾ)**:- ਐਸਜੀਪੀਸੀ ਵਲੋਂ ਸ਼੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਾਨੂੰਨ ਅਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਪੰਥ ਕੋਲੋਂ ਸੁਝਾਅ ਮੰਗੇ ਹਨ। ਇਸ ਬਾਰੇ ਸਿੱਖ ਚਿੰਤਕ ਭਾਈ ਰਤਿੰਦਰ ਸਿੰਘ ਇੰਦੌਰ ਨੇ ਕਿਹਾ ਕਿ 3 ਮਈ 2026 ਨੂੰ ਸ੍ਰੀ ਅਕਾਲ ਤਖਤ ਸਾਹਿਬ ਤੇ ਹੋਣ ਜਾ ਰਹੀ ਸਮੂਹ ਪੰਥਕ ਜਥੇਬੰਦੀਆਂ, ਪੰਜ ਸਿੰਘ ਸਾਹਿਬਾਨਾ ਅਤੇ ਸ਼੍ਰੋਮਣੀ ਕਮੇਟੀ ਦੇ ਮੁੱਖ ਅਹੁਦੇਦਾਰਾਂ ਦੀ ਇਕੱਤਰਤਾ ਦੇ ਚਰਨਾਂ 'ਚ ਕੁਝ ਬੇਨਤੀਆਂ ਦਾਸ ਰਤਿੰਦਰ ਸਿੰਘ ਇੰਦੌਰ ਵੱਲੋਂ ਕੀਤੀਆਂ ਜਾ ਰਹੀਆਂ ਹਨ । ਜਿਸ ਲਈ ਆਪਣੀ ਭੁੱਲਾਂ ਚੁੱਕਾਂ ਦੀ ਖਿਮਾ ਪਹਿਲਾ ਹੀ ਮੰਗ ਰਿਹਾ ਹੈ । ਕਿਰਪਾ ਕਰਕੇ ਇਹਨਾਂ ਬੇਨਤੀਆਂ ਵੱਲ ਧਿਆਨ ਦੇਣ ਦੀ ਬਖਸ਼ਿਸ਼ ਕਰਨੀ ਜੀ ਇਹ ਮੀਟਿੰਗ ਬੰਦੀ ਸਿੰਘਾਂ ਦੀ ਰਿਹਾਈ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਸਬੰਧੀ ਹੋਈਆਂ ਘਟਨਾਵਾਂ ਤੇ ਇਸ ਸਬੰਧੀ ਬਣੇ ਕਾਨੂੰਨ ਨੂੰ ਲੈ ਕੇ ਉਲੀਕੀ ਗਈ ਦੱਸੀ ਜਾ ਰਹੀ ਹੈ । ਸੋ ਕੁਝ ਨਿਮਾਣੇ ਜਿਹੇ ਸਵਾਲ ਆਪ ਜੀ ਦੀ ਸੇਵਾ ਵਿੱਚ ਪੇਸ਼ ਹਨ : ਜਦ ਸ੍ਰੀ ਗੁਰੂ ਨਾਨਕ ਸਾਹਿਬ ਜੀ ਨੂੰ ਅਤੇ ਭਾਈ ਮਰਦਾਨਾ ਜੀ ਨੂੰ ਬਾਬਰ ਨੇ ਆਪਣੇ ਕੈਦਖਾਨੇ ਵਿੱਚ ਕੈਦ ਰੱਖਿਆ ਸੀ ਤੇ ਕੀ ਭਾਈ ਮਰਦਾਨਾ ਜੀ ਜਾਂ ਗੁਰੂ ਨਾਨਕ ਸਾਹਿਬ ਵੱਲੋਂ ਬਾਹਰ ਆਪਣੇ ਸਿੱਖਾਂ ਨੂੰ ਇਹ ਸੁਨੇਹਾ ਭੇਜਿਆ ਗਿਆ ਸੀ ? ਜਾਂ ਬਾਹਰ ਗੁਰੂ ਸਾਹਿਬ ਦੇ ਉਸ ਸਮੇਂ ਤੱਕ ਮੌਜੂਦ ਸਿੱਖ ਜਾਂ ਗੁਰੂ ਸਾਹਿਬ ਦਾ ਪਰਿਵਾਰ ਬਾਬਰ ਦੀ ਜੇਲ ਦੇ ਬਾਹਰ ਧਰਨਾ ਪ੍ਰਦਰਸ਼ਨ ਸੱਤਿਆਗ੍ਰਹਿ ਆਮਰ ਅਨਸ਼ਨ ਭੁੱਖ ਹੜਤਾਲ ਬੇਨਤੀ ਪੱਤਰ ਦੇਣ ਲਈ ਹਾਜ਼ਰ ਹੋਏ ਸਨ ? ਜਦ ਗੁਰੂ ਨਾਨਕ ਪਾਤਸ਼ਾਹ ਨੇ ਆਪਣੀ ਪੰਜਵੀਂ ਜੋਤ ਦੇ ਰੂਪ 'ਚ ਗੁਰੂ ਅਰਜਨ ਦੇਵ ਜੀ ਨੂੰ ਤੱਤੀ ਤਵੀ ਤੇ ਬਿਠਾ ਕੇ ਤਰ੍ਹਾਂ ਤਰ੍ਹਾਂ ਦੇ ਤਸੀਹੇ ਦਿੱਤੇ ਗਏ ਉਹਨਾਂ ਦੇ ਸੀਸ ਵਿੱਚ ਗਰਮ ਰੇਤਾ ਪਾ ਕੇ ਉਹਨਾਂ ਦੀ ਨਾ ਸਿਰਫ ਘੋਰ ਬੇਅਦਬੀ ਕੀਤੀ ਗਈ ਬਲਕਿ ਉਹਨਾਂ ਨੂੰ ਤਸੀਹੇ ਦੇ ਕੇ ਸ਼ਹੀਦ ਕੀਤਾ ਗਿਆ। ਕਿ ਉਸ ਤੋਂ ਉਪਰੰਤ ਛੇਵੇਂ ਪਾਤਸ਼ਾਹ ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਮਹਾਰਾਜ ਨੇ ਸਿੱਖਾਂ ਨੂੰ ਇਹ ਹੁਕਮ ਕੀਤਾ ਸੀ ਕਿ ਉਹ ਜਹਾਂਗੀਰ ਦੇ ਮਹਿਲਾਂ ਦੇ ਸਾਹਮਣੇ ਜਾ ਕੇ ਧਰਨਾ ਪ੍ਰਦਰਸ਼ਨ ਭੁੱਖ ਹੜਤਾਲ ਕਰਨ ? ਅਤੇ ਅੱਗੇ ਤੋਂ ਇਹੋ ਜਿਹਾ ਕੋਈ ਕਾਨੂੰਨ ਬਣਾਉਣ ? ਜਿਸ ਦੇ ਨਾਲ ਕਿ ਅੱਗੇ ਤੋਂ ਸਿੱਖ ਗੁਰੂ ਸਾਹਿਬਾਨ ਭਗਤਾ ਜਾਂ ਹੋਰ ਆਮ ਲੁਕਾਈ ਦੇ ਉੱਪਰ ਜੁਲਮ ਨਾ ਹੋ ਸਕਣ ? ਜਾਂ ਗੁਰੂ ਸਾਹਿਬ ਦੇ ਸੀਸ ਵਿੱਚ ਗਰਮ ਰੇਤਾ ਪਾ ਕੇ ਗੁਰੂ ਸਾਹਿਬ ਜੀ ਜੋ ਬੇਅਦਬੀ ਕੀਤੀ ਗਈ ਸੀ ਉਸ ਸਬੰਧੀ ਜਹਾਂਗੀਰ ਕੋਈ ਕਾਨੂੰਨ ਬਣਾਏ ? ਅਤੇ ਉਸ ਕਾਨੂੰਨ ਅਨੁਸਾਰ ਦੋਸ਼ੀਆਂ ਨੂੰ ਸਜਾ ਦੇਵੇ ?

ਗੁਰੂ ਪਿਆਰੇ ਜੀਓ ਜਦ ਪੰਡਿਤ ਕਿਰਪਾ ਰਾਮ ਜੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਰਨਾਂ ਚ ਹਾਜ਼ਰ ਹੋਏ ਤਾਂ ਕੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਉਹਨਾਂ ਨੂੰ ਇਹ ਕਿਹਾ ਸੀ ਕਿ ਉਹ ਲਾਲ ਕਿਲੇ ਦੀ ਮੀਨਾਰ ਤੇ ਜਾ ਕੇ ਚੜ ਜਾਣ ਜਾਂ ਲਾਲ ਕਿਲੇ ਦੇ ਸਾਹਮਣੇ ਔਰੰਗਜ਼ੇਬ ਦੇ ਮਹਿਲਾਂ ਦੇ ਸਾਹਮਣੇ ਜਾ ਕੇ ਸ਼ਾਂਤਮਈ ਧਰਨਾ ਪ੍ਰਦਰਸ਼ਨ ਕਰਨ ? ਅਤੇ ਗੁਰੂ ਸਾਹਿਬ ਆਪ ਇਸ ਧਰਨੇ ਪ੍ਰਦਰਸ਼ਨ ਚ ਸ਼ਾਮਿਲ ਹੁੰਦਿਆਂ ਅਨੰਦਪੁਰ ਸਾਹਿਬ ਵਿੱਚ ਵੀ ਉਹਨਾਂ ਦੇ ਹੱਕ ਵਿੱਚ ਇੱਕ ਧਰਨਾ ਪ੍ਰਦਰਸ਼ਨ ਜਾਂ ਸ਼ਾਂਤਮਈ ਜਾਂ ਸੱਤਿਆਗ੍ਰਹਿ ਜਾਂ ਦੂਸਰੇ ਹੋਰ ਰਾਜਾ ਤੇ ਮੁਲਕਾਂ ਦੀਆਂ ਸਰਕਾਰਾਂ ਨੂੰ ਬੇਨਤੀ ਪੱਤਰ ਲਿਖ ਕੇ ਇਹ ਮੰਗ ਕਰਨਗੇ ਕਿ ਔਰੰਗਜ਼ੇਬ ਨੂੰ ਐਸਾ ਕਰਨ ਤੋਂ ਰੋਕਿਆ ਜਾਵੇ ?

ਜਦ ਸ੍ਰੀ ਅਨੰਦਪੁਰ ਸਾਹਿਬ ਨੂੰ 10 ਲੱਖ ਮੁਗਲ ਫੌਜਾਂ ਨੇ ਤੇ ਪਹਾੜੀ ਰਾਜਿਆਂ ਨੇ ਘੇਰਾ ਪਾਇਆ ਸੀ ਉਸ ਸਮੇਂ ਗੁਰੂ ਸਾਹਿਬ ਦੇ ਅਨਿੰਨ ਸਿੱਖ ਕਿਲੇ ਤੋਂ ਬਾਹਰ ਵੀ ਸਨ ਕੀ ਉਹਨਾਂ ਨੇ ਆਪਣੀ ਆਪਣੀਆਂ ਥਾਵਾਂ ਤੇ ਪਿੰਡਾਂ ਸ਼ਹਿਰਾਂ ਦੇ ਕਿਲੇ ਤੋਂ ਕੁਝ ਦੂਰ ਸੱਤਿਆਗ੍ਰਹਿ ,ਧਰਨਾ, ਪ੍ਰਦਰਸ਼ਨ ਬੇਨਤੀ ਪੱਤਰ ਇਹ ਦਿੱਤੇ ਸਨ ? ਕਿ ਮੁਗਲ ਫੌਜਾਂ ਘੇਰਾ ਖੋਲ ਦੇਣ ? ਕੀ ਗੁਰੂ ਸਾਹਿਬ ਨੇ ਅਨੰਦਪੁਰ ਸਾਹਿਬ ਦੇ ਕਿਲੇ ਦੇ ਅੰਦਰ ਕੋਈ ਇਹੋ ਜਿਹਾ ਸੱਤਿਆਗ੍ਰਹ ਧਰਨਾ ਪ੍ਰਦਰਸ਼ਨ ਜਾਂ ਕਿਲੇ ਦੀਆਂ ਮਿਨਾਰਾਂ ਬੁਰਜਿਆਂ ਤੇ ਚੜ ਕੇ, ਔਰੰਗਜ਼ੇਬ ਦੀ ਸੇਵਾ ਲਈ ਮੰਗ ਪੱਤਰ ਭੇਜਿਆ ਸੀ ? ਬੇਨਤੀ ਕੀਤੀ ਸੀ ਕਿ ਉਹ ਇਸ ਸੰਬੰਧੀ ਆਪਣੀਆਂ ਫੌਜਾਂ ਨੂੰ ਹਟਾ ਲੈ ? ਕੀ ਜਦ ਮਸੰਦਾਂ ਨੇ ਗੁਰੂ ਘਰ ਨਾਲ ਧ੍ਰੋਹ ਕਮਾਇਆ ਸੀ ਤੇ ਗੁਰੂ ਸਾਹਿਬ ਦੇ ਸਿੱਖਾਂ ਨੇ ਅਤੇ ਗੁਰੂ ਸਾਹਿਬ ਨੇ ਮਸੰਦਾਂ ਦੇ ਕਾਲੇ ਕਾਰਿਆਂ ਨੂੰ ਰੋਕਣ ਲਈ ਸ਼ਾਂਤਮਈ ਧਰਨਾ ਪ੍ਰਦਰਸ਼ਨ ਕਾਨੂੰਨ ਬਣਾਉਣ ਅਤੇ ਸਰਕਾਰ ਨੂੰ ਉਨਾਂ ਮਸੰਦਾਂ ਤੇ ਕਾਬੂ ਪਾਉਣ ਲਈ ਕੋਈ ਕਾਨੂੰਨ ਬਣਾਉਣ ਲਈ ਕਿਹਾ ਸੀ ? ਕੀ ਭਾਈ ਮਤੀ ਦਾਸ ਜੀ ਭਾਈ ਸਤੀ ਦਾਸ ਜੀ ਭਾਈ ਦਿਆਲਾ ਜੀ ਅਤੇ ਗੁਰੂ ਤੇਗ ਬਹਾਦਰ ਸਾਹਿਬ ਜੀ ਸ਼ਹਾਦਤ ਤੋਂ ਉਪਰੰਤ ਗੁਰੂ ਸਾਹਿਬ ਨੇ ਆਪਣੇ ਸਿੱਖਾਂ ਨੂੰ ਇਹ ਕਿਹਾ ਸੀ ਕਿ ਉਹ ਲਾਲ ਕਿਲੇ ਤੇ ਜਾਂ ਸਰਹੰਦ ਤੇ ਜਾ ਕੇ ਸ਼ਾਂਤਮਈ ਧਰਨਾ ਪ੍ਰਦਰਸ਼ਨ ਕਰਨ ?ਅਤੇ ਇਸ ਇਨਸਾਫ ਦੀ ਮੰਗ ਕਰਨ ਅਤੇ ਦੋਸ਼ੀਆਂ ਨੂੰ ਸਜਾ ਦੇਣ ਦੀ ਮੰਗ ਕਰਨ ਕਿ ਗੁਰੂ ਤੇਗ ਬਹਾਦਰ ਸਾਹਿਬ ਨੂੰ ਅਤੇ ਭਾਈ ਮਤੀ ਦਾਸ ਜੀ ਭਾਈ ਸਤੀ ਦਾਸ ਜੀ ਭਾਈ ਦਿਆਲਾ ਜੀ ਨੂੰ ਇਸ ਵਿੱਚ ਤਸੀਹੇ ਦੇ ਦੇ ਕੇ ਕਿਉਂ ਸ਼ਹੀਦ ਕੀਤਾ ਗਿਆ ? ਕੀ ਕੋਈ ਕਾਨੂੰਨ ਬਣਾਉਣ ਦੀ ਮੰਗ ਕੀਤੀ ਸੀ ? ਕਿ ਅੱਗੇ ਤੋਂ ਔਰੰਗਜ਼ੇਬ ਦੀਆਂ ਹਾਕਮ ਇਹੋ ਜਿਹੀ ਕੋਈ ਕਾਰਵਾਈ ਨਾ ਕਰਨ ? ਸਰਹੰਦ ਦੀ ਦਿਵਾਰ ਛੋਟੇ ਸਾਹਿਬਜ਼ਾਦਿਆਂ ਦੇ ਚੁਣੇ ਜਾਣ ਤੋਂ ਬਾਅਦ ਸ਼ਹਾਦਤ ਤੋਂ ਉਪਰੰਤ ਕੀ ਨਾਂਦੇੜ ਜਾ ਕੇ ਗੁਰੂ ਗੋਬਿੰਦ ਸਿੰਘ ਮਹਾਰਾਜ ਨੇ ਬੰਦਾ ਸਿੰਘ ਬਹਾਦਰ ਨੂੰ ਦਿੱਲੀ ਦੇ ਲਾਲ ਕਿਲੇ ਸਰਹੰਦ ਦੇ ਤਖਤ ਅਤੇ ਲਾਹੌਰ ਦੇ ਤਖਤ ਅਤੇ ਹੋਰ ਥਾਵਾਂ ਤੇ ਸ਼ਾਂਤਮਈ ਧਰਨਾ ਪ੍ਰਦਰਸ਼ਨ, ਭੁੱਖ ਹੜਤਾਲ, ਸੱਤਿਆਗ੍ਰਹ ਅਹਿੰਸਾ ਮੈਮੋਰੈਂਡਮ ਬੇਨਤੀ ਪੱਤਰ ਦੂਸਰੇ ਦੇਸ਼ਾ ਦੇ ਮੁਲਕਾਂ ਕੋਲੋਂ ਮਦਦ ਮੰਗ ਕੇ ਸਾਹਿਬਜ਼ਾਦਿਆਂ ਨੂੰ ਇਨਸਾਫ ਦਿਵਾਉਣ ਲਈ ਬੇਨਤੀਆਂ ਕਰਨ ਲਈ ਭੇਜਿਆ ਸੀ ? ਜਦ ਅਹਿਮਦ ਸ਼ਾਹ ਅਬਦਾਲੀ ਨੇ ਦੱਖਣੀ ਏਸ਼ੀਆ ਦੇ ਇਸ ਖਿੱਤੇ ਤੇ ਹਮਲਾ ਕੀਤਾ ਅਤੇ ਇਸ ਇਲਾਕੇ ਦੀਆਂ ਧੀਆਂ ਭੈਣਾਂ ਅਤੇ ਮਾਲ ਖਜਾਨਾ ਅਤੇ ਨੌਜਵਾਨੀ ਨੂੰ ਲੁੱਟ ਕੇ ਬੰਧਕ ਬਣਾ ਕੇ ਲਿਜਾ ਰਿਹਾ ਸੀ, ਤੇ 18ਵੀਂ ਸਦੀ ਦੇ ਸਿੱਖਾਂ ਨੇ ਧਰਨਾ ਪ੍ਰਦਰਸ਼ਨ ਬੇਨਤੀ ਪੱਤਰ, ਸਤਿਆਗ੍ਰਹਿ ਕੀਤਾ ਸੀ ਕਿ ਅਬਦਾਲੀ ਇਸ ਤਰਾਂ ਨਾ ਕਰੇ ? ਜਦ ਬੱਸੀ ਪਠਾਣਾ ਦੇ ਹਾਕਮ ਨੇ ਇੱਕ ਗਰੀਬ ਬ੍ਰਾਹਮਣ ਦੀ ਇਸਤਰੀ ਖੋ ਲਈ ਸੀ ਤੇ ਗੁਰੂ ਗੋਬਿੰਦ ਸਿੰਘ ਮਹਾਰਾਜ ਨੇ ਬਾਬਾ ਅਜੀਤ ਸਿੰਘ ਜੀ ਨੂੰ ਬੱਸੀ ਪਠਾਣਾ ਦੇ ਹਾਕਮ ਦੇ ਕਿਲੇ ਦੇ ਬਾਹਰ ਸਤਿਆਗ੍ਰਹਿ ਕਰਨ ਲਈ ਭੇਜਿਆ ਸੀ ? ਜਦ ਮੁਲਤਾਨ ਦੇ ਭਾਈਚਾਰੇ ਨੇ ਸ੍ਰੀ ਅਕਾਲ ਤਖਤ ਸਾਹਿਬ ਤੇ ਹਾਜ਼ਰ ਹੋ ਕੇ ਉਸ ਵੇਲੇ ਤਰਨਾ ਦਲ ਦੇ ਭਾਈ ਘਨਈਆ ਮਿਸਲ ਵਿੱਚ ਹੋਰ ਸਿੰਘਾਂ ਸਰਦਾਰਾ ਨੂੰ ਬੇਨਤੀ ਕੀਤੀ ਕਿ ਮੁਲਤਾਨ ਦੇ ਹਾਕਮ ਕਸੂਰ ਦੇ ਹਾਕਮ ਉਹਨਾਂ ਦੀਆਂ ਧੀਆਂ ਭੈਣਾਂ ਨੂੰ ਚੁੱਕ ਕੇ ਲੈ ਕੇ ਜਾਂਦੇ ਹਨ ਤੇ ਸਿੱਖਾਂ ਨੇ ਉਹਨਾਂ ਨੂੰ ਇਹ ਸਲਾਹ ਦਿੱਤੀ ਸੀ ? ਕਿ ਉਹ ਦੂਸਰੇ ਮੁਲਕਾਂ ਦੀਆਂ ਸਰਕਾਰਾਂ ਨੂੰ ਬੇਨਤੀ ਪੱਤਰ ਦੇਣ ਸ਼ਾਂਤਮਈ ਧਰਨਾ ਪ੍ਰਦਰਸ਼ਨ ਕਰਨ ਅਤੇ ਸਿੱਖ ਵੀ ਉੱਥੇ ਜਾ ਕੇ ਮੁਲਤਾਨ ਦੇ ਮਹਿਲਾਂ ਤੇ ਕਸੂਰ ਦੇ ਕਿਲੇ ਦੇ ਸਾਹਮਣੇ ਧਰਨਾ ਪ੍ਰਦਰਸ਼ਨ ਵਿੱਚ ਸ਼ਾਮਿਲ ਹੋ ਕੇ ਉਹਨਾਂ ਨੂੰ ਇਨਸਾਫ ਦਵਾਉਣਗੇ ? ਗੁਰੂ ਪਿਆਰੇ ਜੀਓ ਕੀ ਨਰਾਣੂ ਮੰਹਤ ਪਾਸੋਂ, ਨਨਕਾਣਾ ਸਾਹਿਬ ਤੋਂ ਆਜ਼ਾਦ ਕਰਾਉਣ ਲਈ ਭਾਈ ਲਛਮਣ ਸਿੰਘ ਧਾਰੋਵਾਲੀ ਨੇ ਸ਼ਾਂਤਮਈ ਧਰਨਾ ਪ੍ਰਦਰਸ਼ਨ ਕੀਤਾ ਸੀ ? ਸੱਤਿਆਗ੍ਰਹਿ ਕੀਤਾ ਸੀ ? ਗੁਰਮੁਖ ਸੱਜਣ ਜੀਓ ਸਾਡੀਆਂ ਰਗਾਂ ਵਿੱਚ ਮਾਤਾ ਸਾਹਿਬ ਕੌਰ ਅਤੇ ਕਲਗੀਧਰ ਪਾਤਸ਼ਾਹ ਦਾ ਖ਼ੂਨ ਹੈ ਜਾਂ ਸਵਾਮੀ ਦਇਆਨੰਦ ਤੇ ਬਾਪੂ ਗਾਂਧੀ ਦਾ ਖ਼ੂਨ ਹੈ ? ਗੁਰੂ ਸਵਾਰੇ ਜੀਓ ਆਪ ਜੀ ਦੀ 3 ਮਈ ਦੀ ਇਕੱਤਰਤਾ ਨੂੰ ਇਹ ਬੇਨਤੀ ਹੈ ਕਿ ਜੇ ਆਪ ਜੀ ਇਹ ਸਮਝਦੇ ਹੋ ਕਿ ਹੁਣ ਤੱਕ ਇਹਨਾਂ ਵਿਸ਼ਿਆਂ ਸਬੰਧੀ ਕੀਤੇ ਗਏ ਹੀਲੇ ਹਵਾਲੇ ਜਿਹੜੇ ਕਿ ਆਪ ਜੀ ਦੇ ਅਨੁਸਾਰ ਹੁਣ ਤੱਕ ਅਤੇ ਹੋਰ ਸਮੇਂ ਦੀ ਸਿੱਖ ਮਾਨਸਿਕਤਾ ਅਨੁਸਾਰ ਠੀਕ ਹਨ ਤਾਂ ਹੇਠ ਲਿਖੀ ਬੇਨਤੀ ਪ੍ਰਵਾਨ ਜ਼ਰੂਰ ਕਰਨੀ ਜੀ ਹੇਠ ਲਿਖ ਕੇ ਕੀਤੀ ਜਾ ਰਹੀ ਬੇਨਤੀ ਪ੍ਰਵਾਨ ਜ਼ਰੂਰ ਕਰਨੀ ਅੱਜ ਇਕੱਤਰਤਾ ਵਿੱਚ ਸ਼ਾਮਲ ਸਮੂਹ ਦਲ ਪੰਥਾਂ, ਨਿਹੰਗ ਸਿੰਘ ਜਥੇਬੰਦੀਆਂ ਟਕਸਾਲਾਂ, ਕੀਰਤਨੀ ਜਥਿਆਂ, ਵਿਦਵਾਨਾਂ ਪੰਜ ਸਿੰਘ ਸਾਹਿਬਾਨਾ, ਸ਼੍ਰੋਮਣੀ ਕਮੇਟੀ ਦੇ ਅੰਤਰਿਮ ਕਮੇਟੀ ਦੇ ਮੈਂਬਰਾਂ, ਪ੍ਰਧਾਨ ਸਾਹਿਬ ਵੱਖ ਵੱਖ ਅਕਾਲੀ ਦਲਾਂ ਦੇ ਪ੍ਰਧਾਨਾਂ ਦੇ ਚਰਨਾਂ ਚ ਦਾਸ ਦੀ ਬੇਨਤੀ ਹੈ ਕਿ ਆਪ ਜੀ ਸਾਰੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਲਾਗੇ ਬਣੀ ਪਾਣੀ ਦੀ ਉੱਚੀ ਟੈਂਕੀ ਦੇ ਉੱਪਰ ਬੈਠ ਕੇ ਸੱਤਿਆਗ੍ਰਹਿ ਆਰੰਭ ਕਰੋ, ਗੁਰੂ ਰਾਮਦਾਸ ਹਸਪਤਾਲ ਦੇ ਲਾਗੇ ਬਣੀ ਪਾਣੀ ਦੀ ਟੈਂਕੀ ਵੀ ਕਾਫੀ ਉੱਚੀ ਹੈ ਇੱਥੇ ਵੀ ਬੈਠ ਕੇ ਧਰਨਾ ਪ੍ਰਦਰਸ਼ਨ ਕਰਨਾ ਬਹੁਤ ਅੱਛਾ ਕੰਮ ਹੋਵੇਗਾ ਜੀ ! ਸਾਡੇ ਕੋਲ ਦਰਬਾਰ ਸਾਹਿਬ ਵਿਖ਼ੇ ਦੋ ਬੁੰਗੇ ਵੀ ਹਨ ਇਹਨਾਂ ਦੇ ਉੱਪਰ ਚੜ ਕੇ ਵੀ ਧਰਨਾ ਪ੍ਰਦਰਸ਼ਨ ਤੇ ਸ਼ਾਂਤਮਈ ਅੰਦੋਲਨ ਕੀਤਾ ਜਾ ਸਕਦਾ ਹੈ ! ਜੇ ਆਪ ਜੀ ਸਾਰੇ ਐਸਾ ਕਰਦੇ ਹੋ ਅਤੇ ਇਸ ਵਿੱਚ ਆਪ ਜੀ ਨੂੰ ਸਫਲਤਾ ਮਿਲਦੀ ਹੈ ਤੇ ਇਸ ਸਫਲਤਾ ਤੋਂ ਬਾਅਦ ਕਿਰਪਾ ਕਰਕੇ ਸ੍ਰੀ ਅਕਾਲ ਤਖਤ ਸਾਹਿਬ ਤੋਂ ਇੱਕ ਹੁਕਮਨਾਮਾ ਜ਼ਰੂਰ ਜਾਰੀ ਕਰ ਦੇਣਾ ਜੀ ਕਿ ਸਾਡਾ ਪੰਥ ਦਾ ਪੁਰਾਣਾ ਵਿਧੀ ਵਿਧਾਨ, ਪੁਰਾਣੀ ਪਰੰਪਰਾ, ਪੁਰਾਣੀ ਮਰਿਆਦਾ,ਸਾਰੀ ਗਲਤ ਸੀ ਹੁਣ ਇਹ ਨਵੀਂ ਮਰਿਆਦਾ ,ਨਵਾਂ ਵਿਧੀ ਵਿਧਾਨ ਤੇ ਨਵੀਂ ਪਰੰਪਰਾ ਆਰੰਭ ਹੋਣ ਜਾ ਰਹੀ ਹੈ ! ਤੇ ਅੱਗੇ ਤੋਂ ਪੰਥ ਇਸੇ ਬਿਧ ਆਪਣੇ ਬੰਦੀ ਸਿੰਘਾਂ ਗੁਰੂ ਸਾਹਿਬਾਨਾਂ ,ਪੰਥ ਦੀਆਂ ਧੀਆਂ ਭੈਣਾਂ ਦੇ ਲਈ ਇਨਸਾਫ ਕਰੇਗਾ ਅਤੇ ਕਰਾਏਗਾ ।

ਗੁਰੂ ਸਵਾਰੇ ਜੀਓ ਅਕਸਰ ਕਰ ਪੰਜਾਬ ਅਤੇ ਦੇਸ਼ ਦੇ ਹੋਰ ਇਲਾਕਿਆਂ ਵਿੱਚ ਦੇਖਿਆ ਜਾਂਦਾ ਹੈ ਕਿ ਕਿੰਨਰ ਭਾਈਚਾਰੇ ਦੇ ਲੋਕ ਰੈਡ ਲਾਈਟਾਂ ਤੇ ਜਾਂ ਪਿੰਡਾਂ 'ਚ ਵਧਾਈ ਮੰਗਣ ਜਾਂਦੇ ਹਨ ਕੋਈ ਘਰ ਚ ਗਮੀ ਕੋਈ ਖੁਸ਼ੀ ਦਾ ਮੌਕਾ ਹੋਏ ਘਰ ਚ ਬਾਲਕ ਦਾ ਜਨਮ ਹੋਇਆ ਹੈ ਉੱਥੇ ਜਾ ਕੇ ਤਾੜੀਆਂ ਵਜਾਦੇ ਹਨ ਅਤੇ ਪਰਿਵਾਰ ਕੋਲੋਂ ਦਬਾਅ ਪਾ ਕੇ ਧੱਕੇ ਨਾਲ ਕੋਈ ਨਾ ਕੋਈ ਸ਼ਗਨ ਜਾਂ ਵਧਾਈ ਜ਼ਰੂਰ ਲੈ ਕੇ ਜਾਂਦੇ ਹਨ । ਸ਼ਾਇਦ ਇਹ ਵੀ ਵਿਧੀ ਅੱਜ ਦੇ ਮੌਜੂਦਾ ਸਾਡੇ ਗੁਰੂ ਭਾਈਆਂ ਨੂੰ ਬਹੁਤ ਚੰਗੀ ਲੱਗੇਗੀ ਜੀ,! ਸੋ ਮੇਰੀ ਬੇਨਤੀ ਹੈ ਕਿ ਤਿੰਨ ਤਰੀਕ ਦੀ ਕਰਤਾ ਵਿੱਚ ਇਹਨਾਂ ਕਿੰਨਰ ਭਾਈਚਾਰਿਆਂ ਨੂੰ ਜ਼ਰੂਰ ਸ਼ਾਮਿਲ ਕੀਤਾ ਜਾਵੇ ਤੇ ਇਹਨਾਂ ਤੇ ਵੀ ਵਿਧਾਨ ਅਨੁਸਾਰ ਵੀ ਤਾੜੀਆਂ ਵਜਾ ਕੇ ਚੌਕਾ ਤੇ ਤੇ ਨਚ ਗਾ ਕੇ ਆਪਣੇ ਕੋਈ ਘਰ ਚ ਕਮੀ ਕੋਈ ਖੁਸ਼ੀ ਦਾ ਮੌਕਾ ਹੋਏ ਘਰ ਚ ਬਾਲਕ ਦਾ ਜਨਮ ਹੋਇਆ ਹੈ ਉਹ ਉੱਥੇ ਜਾ ਕੇ ਤਾੜੀਆਂ ਵਜਾਂਦੇ ਹਨ ਅਤੇ ਪਰਿਵਾਰ ਨੂੰ ਦਬਾਅ ਦੇ ਕੇ ਧੱਕੇ ਨਾਲ ਕੋਈ ਨਾ ਕੋਈ ਸ਼ਗਨ ਜਾਂ ਵਧਾਈ ਜ਼ਰੂਰ ਲੈ ਕੇ ਜਾਂਦੇ ਹਨ । ਸ਼ਾਇਦ ਇਹ ਵੀ ਵਿਧੀ ਅੱਜ ਦੇ ਮੌਜੂਦਾ ਸਾਡੇ ਗੁਰੂ ਭਾਈਆਂ ਨੂੰ ਬਹੁਤ ਚੰਗੀ ਲੱਗੇਗੀ ਜੀ ! ਸੋ ਮੇਰੀ ਬੇਨਤੀ ਹੈ ਕਿ ਤਿੰਨ ਤਰੀਕ ਦੀ ਇਕੱਤਰਤਾ ਵਿੱਚ ਇਹਨਾਂ ਕਿੰਨਰ ਭਾਈਚਾਰਿਆਂ ਨੂੰ ਜ਼ਰੂਰ ਸ਼ਾਮਿਲ ਕੀਤਾ ਜਾਵੇ ਤੇ ਇਹਨਾਂ ਦੇ ਵੀ ਜੀਵਨ ਵਿਧਾਨ ਅਨੁਸਾਰ ਵੀ ਤਾੜੀਆਂ ਵਜਾ ਕੇ ਚੌਕਾ ਤੇ ਨਚ ਗਾ ਕੇ ਆਪਣੇ ਵਧਾਈ ਸ਼ਗਨ ਦੀ ਤੇ ਹੋਰ ਸਾਨੂੰ ਕਿਸਮ ਦੇ ਅਧਿਕਾਰ ਲੈਣ ਦੀ ਵਿਧੀ ਆਰੰਭ ਕਰਨ ਦੀ ਕਿਰਪਾਲਤਾ ਕਰੋ ਜੀ । ਇਸ ਸਦੀ ਦੇ ਇਕ ਮਹਾਨ ਫਿਲਾਸਫਰ ਨੇ ਇੱਕ ਕਹਾਣੀ ਸੁਣਾਈ ਸੀ ਕਿ ਇੱਕ ਬਹੁਤ ਵੱਡੇ ਨਗਰ ਦੇ ਸੇਠ ਦੀ ਇੱਕ ਬਹੁਤ ਸੁੰਦਰ ਕਨਿਆ ਸੀ, ਉਸ ਕੰਨਿਆ ਤੋਂ ਪੰਜ ਗੁਣਾ ਵੱਧ ਉਮਰ ਦਾ ਇੱਕ ਵਿਅਕਤੀ ਜਿਹੜਾ ਦੇਖਣ ਚ ਬਹੁਤ ਹੀ ਬਦਸੂਰਤ ਸੀ ਉਸ ਨਗਰ ਦੇ ਸੇਠ ਦੇ ਘਰ ਦੇ ਸਾਹਮਣੇ ਟੈਂਟ ਲਗਾ ਕੇ ਗੱਦਾ ਤੱਕੀਆ ਲੈ ਕੇ ਆਮਰਨ ਅਨਸ਼ਨ ਤੇ ਬੈਠ ਗਿਆ ਕਿ ਸੇਠ ਆਪਣੀ ਧੀ ਦਾ ਵਿਆਹ ਉਸ ਨਾਲ ਹੀ ਕਰਾਏ ! ਅਖਬਾਰਾਂ ਚ ਖਬਰਾਂ ਛਪਣ ਲੱਗੀਆਂ ! ਰੇਡੀਓ ਤੇ ਖਬਰਾਂ ਆਉਣ ਲੱਗੀਆਂ ! ਦੇਸ਼ ਭਰ ਚ ਦੁਨੀਆ ਭਰ 'ਚ ਜਿੱਥੇ ਜਿੱਥੇ ਪ੍ਰਚਾਰ ਸਾਧਨ ਸਨ ਉਥੇ ਉਸ ਸੇਠ ਤੇ ਉਸਦੀ ਧੀ ਦੀ ਬਦਨਾਮੀ ਹੋਣ ਲੱਗੀ। ਤਰ੍ਹਾਂ ਤਰ੍ਹਾਂ ਦੀਆਂ ਅਫਵਾਹਾਂ ਫੈਲਣ ਲੱਗੀਆਂ ਸੇਠ ਅਤੇ ਉਸਦੀ ਧੀ ਇਸ ਤੋਂ ਤੰਗ ਆਏ ਤੇ ਆਤਮ ਹੱਤਿਆ ਕਰਨੀ ਚਾਹੁੰਦੇ ਸਨ । ਪਰ ਕਿਸੀ ਸਿਆਣੇ ਨੇ ਉਹਨੂੰ ਇੱਕ ਸਲਾਹ ਦਿੱਤੀ, ਤੇ ਸੇਠ ਨੇ ਉਸ ਸਲਾਹ ਤੇ ਅਮਲ ਕਰਦਿਆਂ ਹੋਇਆ ਉਸ 65 ਸਾਲਾ ਬਦਸੂਰਤ ਹਵਸ ਦੇ ਭੁੱਖੇ ਭੇੜੀਏ ਦਾ ਜਵਾਬ ਉਸੇ ਤਰੀਕੇ ਨਾਲ ਦੇਣ ਦੀ ਜੁਗਤ ਨਾਲ ਇੱਕ 70 ਸਾਲਾਂ ਦੀ ਇੱਕ ਵੇਸ਼ਵਾ ਨੂੰ ਕੁਝ ਪੈਸਾ ਦੇ ਕੇ ਤੇ ਉਸਦੇ ਲਾਗੇ ਉਸਦਾ ਟੈਂਟ ਤੇ ਗੱਦਾ ਬਿਸਤਰਾ ਲਗਵਾ ਦਿੱਤਾ ਕਿ ਜੇ ਉਹ ਵਿਅਕਤੀ ਉਸ ਵੇਸ਼ਵਾ ਨਾਲ ਵਿਆਹ ਨਹੀਂ ਕਰਾਏਗਾ ਤਾਂ ਉਹ ਭੁੱਖੀ ਹੀ ਮਰ ਜਾਏਗੀ ਆਤਮਹੱਤਿਆ ਕਰ ਲਏਗੀ । ਉਸ ਵਿਅਕਤੀ ਦਾ ਇਹ ਤਰੀਕਾ ਬਹੁਤ ਕਾਰਗਰ ਸਾਬਿਤ ਹੋਇਆ ਅਤੇ ਉਹ ਆਪਣਾ ਬੋਰੀਆ ਬਿਸਤਰ ਸਮੇਟ ਕੇ ਚਲਾ ਗਿਆ। ਜੇ ਆਪ ਜੀ ਨੂੰ ਇਹ ਵਿਅੰਗ ਸਮਝ ਆ ਰਿਹਾ ਹੋਵੇ ,ਆਪ ਜੀ ਸਮੂਹ ਮਹਾਂਪੁਰਖ ਹੋ, ਸਤਿਕਾਰਯੋਗ ਹੋ ਦਾਸ ਆਪ ਜੀ ਦਾ ਛੋਟਾ ਬੱਚਾ ਹੈ, ਆਪ ਜੀ ਦੇ ਚਰਨਾਂ ਦੀ ਧੂੜ ਹੈ, ਬੇਨਤੀ ਹੈ ਗੁਰੂ ਪਿਆਰਿਓ ਕੀ ਜੇ ਇਹ ਤਰੀਕਾ ਠੀਕ ਹੈ ? ਤਾਂ ਫਿਰ ਹੋਣ ਵਾਲੀ ਇਕੱਤਰਤਾ ਇਹੀ ਫੈਸਲਾ ਕਰੇ ਆਪਣੇ ਪਿਛਲੇ ਸਾਰੇ ਇਤਿਹਾਸ ਪਿਛਲੀਆਂ ਸਾਰੀਆਂ ਪਰੰਪਰਾਵਾਂ ਗੁਰੂ ਸਾਹਿਬਾ ਦੁਆਰਾ ਦ੍ਰਿੜਾਈ ਗਈ ਵਿਧੀ ਨੂੰ ਤਿਆਗ ਕਰਕੇ ਤੁਰੰਤ ਇੱਕ ਹੁਕਮਨਾਮਾ ਜਾਰੀ ਕਰਕੇ ਤੇ ਮਹਾਤਮਾ ਗਾਂਧੀ ਨੂੰ ਸਿੱਖ ਕੌਮ ਦਾ ਨਾਦੀ ਪਿਤਾ ਕਰਾਰ ਦੇ ਕੇ ਇਸ ਨਵੇਂ ਵਿਧੀ ਵਿਧਾਨ ਨੂੰ ਜ਼ਰੂਰ ਅਪਣਾਇਆ ਜਾਵੇ ਜੀ।



### ਸਰਦਾਰਨੀ ਜਸਬੀਰ ਕੌਰ ਰੰਧਾਵਾ ਉਦੋਂਨੰਗਲ ਨੂੰ ਸ਼ਰਧਾਂਜਲੀਆਂ ਭੇਟ

# ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਨੇ ਕੀਤੇ ਸ਼ਰਧਾ ਦੇ ਫੁੱਲ ਭੇਂਟ










**ਚੌਂਕ ਮਹਿਤਾ, 1 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜਿਲਾ ਪ੍ਰੀਸ਼ਦ ਮੈਂਬਰ ਜਰਮਨਜੀਤ ਰੰਧਾਵਾ ਉਦੋ ਨੰਗਲ (ਬਲਾਕ ਪ੍ਰਧਾਨ) ਅਤੇ ਨਵਜੋਸ਼ ਸਿੰਘ ਰੰਧਾਵਾ ਦੀ ਸਤਿਕਾਰ ਯੋਗ ਮਾਤਾ ਜੀ ਅਤੇ ਪ੍ਰਧਾਨ ਜਗਦੇਵ ਸਿੰਘ ਉਦੋ ਨੰਗਲ ਦੇ ਭਾਬੀ ਜੀ ਸਵ.ਸਰਦਾਰਨੀ ਜਸਬੀਰ ਕੌਰ ਰੰਧਾਵਾ ਦੇ ਨਮਿਤ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਅੱਜ ਉਨ੍ਹਾਂ ਦੇ ਗ੍ਰਹਿ ਪਿੰਡ ਉਦੋ ਨੰਗਲ ਵਿਖੇ ਪਾਏ ਗਏ, ਉਪਰੰਤ ਕੀਰਤਨੀ ਜਥੇ ਨੇ ਵੈਰਾਗਮਈ ਕੀਰਤਨ ਕੀਤਾ।ਇਸ ਦੌਰਾਨ ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ.ਨੇ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ ਤੇ ਮੈਡਮ ਸੁਰਿੰਦਰ ਕੌਰ ਪਤਨੀ ਕੈਬਨਿਟ ਮੰਤਰੀ ਈ.ਟੀ.ਓ. ਵਿਸ਼ੇਸ਼ ਤੌਰ ਤੇ ਸੰਗਤਾਂ ਵਿੱਚ ਹਾਜ਼ਰੀ ਲਵਾਈ।ਇਸ ਦੌਰਾਨ ਜਰਮਨ ਰੰਧਾਵਾ ਉਦੋ ਨੰਗਲ, ਰਾਣਾ ਚੂੰਗ ਅਤੇ ਪ੍ਰਧਾਨ ਜਗਦੇਵ ਸਿੰਘ ਉਦੋ ਨੰਗਲ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਚੇਅਰਮੈਨ ਡਾ. ਗੁਰਵਿੰਦਰ ਸਿੰਘ ਰੰਧਾਵਾ ਖੱਬੇ ਰਾਜਪੂਤਾਂ, ਚੇਅਰਮੈਨ ਸੁਖਦੇਵ ਸਿੰਘ ਸੁੱਖ ਰੰਧਾਵਾ ਮਹਿਤਾ, ਚੇਅਰਮੈਨ ਅਮਰੀਕ ਸਿੰਘ ਸੋਢੀ, ਚੇਅਰਮੈਂਨ ਸੁਰਜੀਤ ਸਿੰਘ ਕੰਗ, ਚੇਅਰਮੈਂਨ ਹਰਜਿੰਦਰ ਸਿੰਘ ਜਲਾਲ ਉਸਮਾਂ, ਬਲਾਕ ਪ੍ਰਧਾਨ ਗੁਰਜਿੰਦਰ ਸਿੰਘ ਘੁਹਾਟਵਿੰਡ, ਠੇਕੇਦਾਰ ਲਖਵਿੰਦਰ ਸਿੰਘ (ਸਰਪੰਚ ਉਸਮਾਂ), ਸਰਪੰਚ ਅਜੇ ਗਾਂਧੀ, ਮਹਿਲਾ ਵਿੰਗ ਪ੍ਰਧਾਨ ਸੁਨੈਨਾ ਰੰਧਾਵਾ, ਇਸਤਰੀ ਵਿੰਗ ਪ੍ਰਧਾਨ ਮਨਜਿੰਦਰ ਕੌਰ ਰੰਧਾਵਾ, ਸਰਪੰਚ ਮਨਜੀਤ ਸਿੰਘ ਮਲਕ ਨੰਗਲ ਪ੍ਰਧਾਨ ਐਸੀ ਵਿੰਗ, ਸਰਪੰਚ ਬਲਵਿੰਦਰ ਸਿੰਘ ਰਜਧਾਨ, ਬਲਾਕ ਸੰਮਤੀ ਮੈਂਬਰ ਬਲਜੀਤ ਸਿੰਘ ਚਾਹਲ, ਸ਼ਹਿਰੀ ਪ੍ਰਧਾਨ ਸਰਬਜੀਤ ਸਿੰਘ ਡਿੰਪੀ, ਪ੍ਰਧਾਨ ਅਮਰ ਰਾਵਤ, ਰਾਣਾ ਸ਼ਾਹ ਧਰਦਿਉ, ਬਲਾਕ ਸੰਮਤੀ ਮੈਂਬਰ ਹਰਜੀਤ ਸਿੰਘ ਖੱਬੇ ਰਾਜਪੂਤਾਂ, ਬਲਾਕ ਸੰਮਤੀ ਮੈਂਬਰ ਹਰਜੀਤ ਸਿੰਘ ਸੈਦਪੁਰ, ਸਰਪੰਚ ਪਰਮਜੀਤ ਕੌਰ, ਸਰਪੰਚ ਰਣਜੀਤ ਸਿੰਘ, ਪਲਵਿੰਦਰ ਸਿੰਘ ਨੰਗਲੀ ਖੁਰਦ, ਬਲਵਿੰਦਰ ਸਿੰਘ ਨਵੀਂ ਨੰਗਲੀ, ਐੱਸ ਐੱਚ ਓ ਜਗਦੀਪ ਸਿੰਘ ਮਹਿਤਾ, ਸਰਪੰਚ ਦਿਲਬਾਗ ਸਿੰਘ ਦਿਆਲਗੜ੍ਹ, ਸਰਪੰਚ ਨਿਸ਼ਾਨ ਸਿੰਘ ਦਬੁਰਜੀ, ਪਰਗਟ ਸਿੰਘ ਸਰਪੰਚ ਬੁੱਟਰ, ਸਰਪੰਚ ਇੰਦਰਜੀਤ ਸਿੰਘ ਬਿੱਟੂ ਬੁੱਟਰ, ਗੁਰਵੇਲ ਸਿੰਘ ਸਰਪੰਚ ਜਲਾਲ, ਹਰਪ੍ਰੀਤ ਸਿੰਘ ਉਦੋ ਨੰਗਲ ਖੁਰਦ, ਬਲਜੀਤ ਸਿੰਘ ਸਰਪੰਚ ਸੈਦੋਕੇ, ਮਾ. ਜਸਬੀਰ ਸਿੰਘ ਪੰਚ ਨੰਗਲ, ਪ੍ਰਧਾਨ ਪਿੰਕੂ ਰੰਧਾਵਾ, ਪ੍ਰਧਾਨ ਮਨਜੋਤ ਸਿੰਘ ਮਲਕ ਨੰਗਲ, ਪ੍ਰਧਾਨ ਸੁਖਦੇਵ ਸਿੰਘ ਬੁੱਟਰ, ਮਾ. ਬਲਵਿੰਦਰ ਸਿੰਘ ਬੱਬਲੀ, ਮੱਖਣ ਸਿੰਘ ਪੰਚ, ਪਰਮਜੀਤ ਸਿੰਘ ਪੰਚ, ਐਸ ਡੀ ਓ ਹਰਪਾਲ ਸਿੰਘ, ਰਜਿੰਦਰ ਸਿੰਘ ਉਦੋਂ ਨੰਗਲ, ਜੱਥੇ. ਰਾਜਬੀਰ ਸਿੰਘ ਉਦੋ ਨੰਗਲ, ਬੌਬੀ ਚੁੰਘ, ਗੁਰਮੁੱਖ ਸਿੰਘ ਸਾਬਾ, ਕਵਲਜੀਤ ਸਿੰਘ ਕੇ ਵੀਂ, ਬਲਕਾਰ ਸਿੰਘ ਪੀ ਬੀ ਐੱਸ ਵਾਲੇ, ਅਮਰਜੀਤ ਸਿੰਘ ਪੰਚ, ਕੇਵਲ ਸਿੰਘ ਪੰਚ, ਭਗਤ ਸਿੰਘ ਉਦੋ ਨੰਗਲ,ਦੇਈਆ ਸਿੰਘ ਮਹਿਤਾ, ਚੀਨਾ ਮਹਿਤਾ, ਲਾਡੀ ਸੁਰੋਪੱਡ ਤੋਂ ਇਲਾਵਾ ਇਲਾਕੇ ਦੇ ਸਰਪੰਚ-ਪੰਚ 'ਤੇ ਮੁਹਤਬਰ ਵਿਅਕਤੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਪਾਰਟੀ ਵੱਲੋਂ ਮਿਲੀ ਜ਼ਿੰਮੇਵਾਰੀ ਨੂੰ ਇਮਾਨਦਾਰੀ ਨਿਭਾਵਾਂਗਾ ਕਾਂਗਰਸ ਪਾਰਟੀ ਦੇ ਨਵ ਨਿਯੁਕਤ ਜ਼ਿਲ੍ਹਾ ਅੰਮ੍ਰਿਤਸਰ ਦੇ ਜਨਰਲ ਸਕੱਤਰ ਜੋਬਨਜੀਤ ਸਿੰਘ



ਜੰਡਿਆਲਾ ਗੁਰੂ 1 ਮਈ ( ਕੁਲਵੰਤ ਸਿੰਘ ਵਿਰਦੀ ) ਬੀਤੇ ਦਿਨ ਪੰਜਾਬ ਕਾਂਗਰਸ ਪਾਰਟੀ ਵਲੋਂ ਪੰਜਾਬ ਭਰ ਵਿੱਚ ਲੰਮੇ ਸਮੇਂ ਤੋਂ ਪਾਰਟੀ ਲਈ ਮਿਹਨਤ ਕਰ ਰਹੇ ਵਰਕਰਾਂ ਅਤੇ ਪਾਰਟੀ ਨਾਲ ਜੁੜੇ ਵਰਕਰਾਂ ਨੂੰ ਅਹੁਦੇ ਦੇ ਕਿ ਨਿਵਾਜਿਆ ਜਾ ਰਿਹਾ ਹੈ ਅਤੇ ਪਾਰਟੀ ਦੀ ਮਜਬੂਤੀ ਲਈ ਪਹਿਲਾਂ ਨਾਲੋਂ ਵਧੇਰੇ ਮੇਹਨਤ ਕਰਨ ਲਈ ਜਿੰਮੇਵਾਰ ਵਰਕਰ ਦੇ ਤੌਰ ਤੇ ਪੰਜਾਬ ਦੇ ਲੋਕਾਂ ਦੀ ਕਚਹਿਰੀ ਵਿੱਚ ਆਪਣੇ ਇਲਾਕੇ ਦੇ ਲੋਕਾਂ ਦੇ ਕੰਮਾਂ ਨੂੰ ਤਰਜੀਹ ਦੇਣ ਲਈ ਕਿਹਾ ਗਿਆ ਇਨਾਂ ਗੱਲਾਂ ਦਾ ਪ੍ਰਗਟਾਵਾ ਕਰਦਿਆ ਹੋਇਆ ਨਵ ਨਿਯੁਕਤ ਜ਼ਿਲ੍ਹਾ ਅੰਮ੍ਰਿਤਸਰ (ਐਸ. ਸੀ. ਵਿਭਾਗ) ਦੇ ਜਨਰਲ ਸਕੱਤਰ ਜੋਬਨਜੀਤ ਸਿੰਘ ਪੁੱਤਰ ਦਿਲਬੀਰ ਸਿੰਘ ਪਿੰਡ ਤਾਰਾਗੜ੍ਹ ਜ਼ਿਲ੍ਹਾ ਅੰਮ੍ਰਿਤਸਰ ਨੇ ਅੱਗੇ ਕਿਹਾ ਕਿ ਮੈਂ ਧੰਨਵਾਦੀ ਹਾਂ ਸਾਬਕਾ ਵਿਧਾਇਕ ਸ੍ਰ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਜੀ ਦਾ, ਚੇਅਰਮੈਨ ਸ੍ਰ ਮਨੋਜ ਸਿੰਘ ਭੱਟੀ ਜੀ ਦਾ ਅਤੇ ਕਾਂਗਰਸ ਪਾਰਟੀ ਹਾਈਕਮਾਂਡ ਦਾ ਜਿੰਨਾਂ ਵੱਲੋਂ ਮੈਨੂੰ ਜ਼ਿਲ੍ਹਾ ਅੰਮ੍ਰਿਤਸਰ (ਐਸ. ਸੀ. ਵਿਭਾਗ) ਦੇ ਜਨਰਲ ਸਕੱਤਰ ਦੇ ਅਹੁਦਾ ਦੇ ਕਿ ਮਾਣ ਬਖਸਿਆ ਹੈ ਅਤੇ ਮੈਂ ਵਿਸਵਾਸ਼ ਦਿਵਾਉਂਦਾ ਹਾਂ ਕਿ ਪਾਰਟੀ ਲਈ ਦਿਨ ਰਾਤ ਮਿਹਨਤ ਕਰਕੇ ਮਿਲੀ ਜਿੰਮੇਵਾਰੀ ਪੂਰੀ ਇਮਾਨਦਾਰੀ ਨਾਲ ਨਿਭਾਵਾਂਗਾ !



ਸ਼੍ਰੋਮਣੀ ਗੁਰੂਦਵਾਰਾ ਪ੍ਰਬੰਧਕ ਕਮੇਟੀ ਵਲੋਂ ਨਵਨਿਯੁਕਤ ਐਡੀਸ਼ਨਲ ਸਕੱਤਰ ਸ. ਜਸਵਿੰਦਰ ਸਿੰਘ ਜੱਸੀ ਜੀ ਅਤੇ ਨਵਨਿਯੁਕਤ ਮੈਨੇਜਰ ਸ਼੍ਰੀ ਦਰਬਾਰ ਸਾਹਿਬ ਸ. ਮੇਜਰ ਸਿੰਘ ਜੀ ਨਾਲ ਮਹੱਤਵਪੂਰਨ ਅਤੇ ਸਾਰਥਕ ਮੁਲਾਕਾਤ ਹੋਈ ਇਸ ਮੌਕੇ ਵਰਲਡ ਸਿੱਖ ਚੈਂਬਰ ਓਫ ਕਾਮਰਸ ਦੇ ਚੇਅਰਮੈਨ ਸ. ਰਾਜਿੰਦਰ ਸਿੰਘ ਮਰਵਾਹਾ ਜੀ, ਜ਼ਿਲਾ ਪ੍ਰਧਾਨ ਸ. ਹਰਪ੍ਰੀਤ ਸਿੰਘ ਭਾਟੀਆ ਜੀ, ਸ. ਸਰਬ੍ਰਿੰਦਰਜੀਤ ਸਿੰਘ ਸੋਨੂ ਸੁਲਤਾਨਵਿੰਡ, ਸ. ਕੁਲਵਿੰਦਰ ਸਿੰਘ ਮਰਵਾਹਾ ਜੀ ਅਤੇ ਬੌਬੀ ਬਾਦਸ਼ਾਹ ਜੀ ਹਾਜ਼ਰ ਸਨ।

(ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

****************************************************************************

# ਸੁਖਜਿੰਦਰ ਸਿੰਘ ਰੰਧਾਵਾ ਦੇ ਬੇਬੁਨਿਆਦ ਅਤੇ ਭੜਕਾਊ ਬਿਆਨ ਸਿੱਖਾਂ ਨਾਲ ਕਾਂਗਰਸ ਦੀ ਨ.ਫਰਤ ਦਾ ਤਾਜਾ ਸਬੂਤ ਸਾਹਮਣੇ ਆਇਆ

## ਕਾਂਗਰਸ ਆਪਣੇ ਕਾਲੇ ਇਤਿਹਾਸ ਤੋਂ ਧਿਆਨ ਹਟਾਉਣ ਲਈ ਸਿੱਖ ਨੌਜਵਾਨੀ ਨੂੰ ਨਿਸ਼ਾਨਾ ਬਣਾ ਰਹੀ ਹੈ, 1984 ਦੇ ਜ਼ਖਮ ਅਜੇ ਵੀ ਤਾਜ਼ਾ



ਜੰਡਿਆਲਾ ਗੁਰੂ 1 ਮਈ ( ਕੁਲਵੰਤ ਸਿੰਘ ਵਿਰਦੀ ) ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਬਾਰੇ ਕਾਂਗਰਸ ਦੇ ਸੀਨੀਅਰ ਆਗੂ ਸੁਖਜਿੰਦਰ ਸਿੰਘ ਰੰਧਾਵਾ ਵੱਲੋਂ ਲਗਾਏ ਜਾ ਰਹੇ ਦੋਸ਼ ਨਾਂ ਸਿਰਫ਼ ਬਿਨਾਂ ਕਿਸੇ ਢੁੱਕਵੇਂ ਸਬੂਤ ਦੇ ਹਨ, ਸਗੋਂ ਇਹ ਸਿੱਧੇ ਤੌਰ 'ਤੇ ਸਿਆਸੀ ਲਾਭ ਲਈ ਲੋਕਾਂ ਵਿੱਚ ਡਰ ਅਤੇ ਭਰਮ ਪੈਦਾ ਕਰਨ ਦੀ ਕੋਸ਼ਿਸ਼ ਹੈ। ਜਸਕਰਨ ਸਿੰਘ ਰਿਆੜ ਨੇ ਸਪੱਸ਼ਟ ਕੀਤਾ ਕਿ ਭਾਈ ਅੰਮ੍ਰਿਤਪਾਲ ਸਿੰਘ ਇਸ ਵੇਲੇ ਵੀ ਆਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਸਖ਼ਤ ਸੁਰੱਖਿਆ ਘੇਰੇ ਹੇਠ ਨਜ਼ਰਬੰਦ ਹਨ। ਅਜਿਹੇ ਹਾਲਾਤਾਂ ਵਿੱਚ ਉਹਨਾਂ ਨੂੰ ਕਿਸੇ ਵੀ ਤਾਜ਼ਾ ਘਟਨਾਂ ਨਾਲ ਜੋੜਨਾ ਸਿਰਫ਼ ਅਤੇ ਸਿਰਫ਼ ਝੂਠਾ ਪ੍ਰਚਾਰ ਹੈ। ਉਨ੍ਹਾਂ ਕਿਹਾ ਕਿ ਜੇ ਕਿਸੇ ਕੋਲ ਸੱਚਮੁੱਚ ਕੋਈ ਸਬੂਤ ਹੈ ਤਾਂ ਉਹ ਅਦਾਲਤਾਂ ਵਿੱਚ ਪੇਸ਼ ਕੀਤਾ ਜਾਵੇ, ਮੀਡੀਆ ਰਾਹੀਂ ਬੇਬੁਨਿਆਦ ਦੋਸ਼ ਲਗਾ ਕੇ ਲੋਕਾਂ ਨੂੰ ਗੁੰਮਰਾਹ ਕਰਨਾ ਲੋਕਤੰਤਰਕ ਮਰਿਆਦਾਵਾਂ ਦੇ ਖਿਲਾਫ਼ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦਾ ਇਤਿਹਾਸ ਸਿੱਖ ਕੌਮ ਨਾਲ ਕੀਤੀਆਂ ਬੇਇਨਸਾਫੀਆਂ ਨਾਲ ਭਰਿਆ ਪਿਆ ਹੈ। 1984 ਦਾ ਦਿੱਲੀ ਕਤਲੇਆਮ, ਪੰਜਾਬ ਵਿੱਚ ਹੋਈਆਂ ਝੂਠੀਆਂ ਮੁਠਭੇੜਾਂ ਅਤੇ ਬੇਗੁਨਾਹ ਨੌਜਵਾਨਾਂ 'ਤੇ ਕੀਤੇ ਜ਼ੁਲਮ ਅਜੇ ਵੀ ਇਤਿਹਾਸ ਦੇ ਕਾਲੇ ਅਧਿਆਇ ਹਨ। ਅੱਜ ਤੱਕ ਉਹਨਾਂ ਘਟਨਾਵਾਂ ਲਈ ਪੂਰਾ ਨਿਆਂ ਨਹੀਂ ਮਿਲਿਆ, ਜਿਸ ਕਰਕੇ ਸਿੱਖ ਕੌਮ ਦੇ ਦਿਲਾਂ ਵਿੱਚ ਗਹਿਰੇ ਜ਼ਖ਼ਮ ਮੌਜੂਦ ਹਨ। ਜਿਹੜੀ ਪਾਰਟੀ ਆਪਣੇ ਭੂਤਕਾਲ ਦੇ ਇਨ੍ਹਾਂ ਗੰਭੀਰ ਮਸਲਿਆਂ 'ਤੇ ਸਪੱਸ਼ਟੀਕਰਨ ਦੇਣ ਤੋਂ ਕੱਤਰਉਂਦੀ ਰਹੀ ਹੈ, ਉਹ ਅੱਜ ਸਿੱਖ ਨੌਜਵਾਨੀ ਨੂੰ ਕਟਹਿਰੇ ਵਿੱਚ ਖੜ੍ਹਾ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਇਹ ਸਿਰਫ਼ ਦੋਹਰੇ ਮਾਪਦੰਡਾਂ ਅਤੇ ਸਿਆਸੀ ਨਾਟਕਬਾਜ਼ੀ ਦੀ ਨਿਸ਼ਾਨੀ ਹੈ। ਉਨ੍ਹਾਂ ਨੇ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਹਮੇਸ਼ਾਂ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਦੂਰ ਕਰਨ, ਸਿੱਖੀ ਦੇ ਮੂਲ ਸਿਧਾਂਤਾਂ ਨੂੰ ਮਜ਼ਬੂਤ ਕਰਨ ਅਤੇ ਸਮਾਜ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਲਈ ਕੰਮ ਕਰਦੇ ਆਏ ਹਨ। ਉਹਨਾਂ ਨੂੰ ਕਿਸੇ ਵੀ ਧਰਮ ਜਾਂ ਭਾਈਚਾਰੇ ਲਈ ਖ਼ਤਰਾ ਦੱਸਣਾ ਨਿਰਾਧਾਰ ਅਤੇ ਸਿਆਸਤ ਤੋਂ ਪ੍ਰੇਰਿਤ ਪ੍ਰਚਾਰ ਹੈ। ਪੰਜਾਬ ਦੀ ਸਾਂਝੀਵਾਲਤਾ ਅਤੇ ਭਾਈਚਾਰੇ ਦੀ ਰੀਤ ਨੂੰ ਖ਼ਰਾਬ ਕਰਨ ਦੀ ਕੋਈ ਵੀ ਕੋਸ਼ਿਸ਼ ਕਦੇ ਕਾਮਯਾਬ ਨਹੀਂ ਹੋਵੇਗੀ। ਉਨ੍ਹਾਂ ਕਾਂਗਰਸ ਆਗੂਆਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਬੇਬੁਨਿਆਦ ਅਤੇ ਭੜਕਾਊ ਬਿਆਨ ਦੇਣ ਤੋਂ ਗੁਰੇਜ਼ ਕਰਨ। ਪੰਜਾਬ ਦੇ ਲੋਕ ਹੁਣ ਜਾਗਰੂਕ ਹਨ ਅਤੇ ਉਹ ਹਰ ਉਸ ਸਿਆਸੀ ਤਾਕਤ ਨੂੰ ਕਰਾਰਾ ਜਵਾਬ ਦੇਣ ਲਈ ਤਿਆਰ ਹਨ ਜੋ ਸੂਬੇ ਦੇ ਮਾਹੌਲ ਨੂੰ ਖ਼ਰਾਬ ਕਰਨ ਦੀ ਕੋਸ਼ਿਸ਼ ਕਰਦੀ ਹੈ। ਉਨ੍ਹਾਂ ਅੰਤ ਵਿੱਚ ਕਿਹਾ ਕਿ ਸੱਚਾਈ ਨੂੰ ਕਦੇ ਵੀ ਝੂਠ ਨਾਲ ਦਬਾਇਆ ਨਹੀਂ ਜਾ ਸਕਦਾ ਅਤੇ ਸਮਾਂ ਆਉਣ 'ਤੇ ਹਰ ਗੱਲ ਸਪੱਸ਼ਟ ਹੋ ਜਾਂਦੀ ਹੈ। ਅਕਾਲੀ ਦਲ ਵਾਰਿਸ ਪੰਜਾਬ ਦੇ ਹਮੇਸ਼ਾਂ ਸੱਚ, ਇਨਸਾਫ ਅਤੇ ਪੰਜਾਬ ਦੇ ਹੱਕਾਂ ਲਈ ਡੱਟ ਕੇ ਖੜ੍ਹਾ ਰਹੇਗਾ ਅਤੇ ਰਹੇਗਾ।

## ਯੂਰਪੀਅਨ ਸੰਸਦ ਦੇ ਸਾਹਮਣੇ ''ਆਜ਼ਾਦ ਖਾਲਿਸਤਾਨ'' ਦੇ

# ਨਾਅਰੇ ਹੇਠ ਕੀਤਾ ਗਿਆ ਵਿਸ਼ਾਲ ਵਿਰੋਧ ਪ੍ਰਦਰਸ਼ਨ




**ਨਵੀਂ ਦਿੱਲੀ, 1 ਮਈ (ਮਨਪ੍ਰੀਤ ਸਿੰਘ ਖਾਲਸਾ):-** ਯੂਰਪੀਅਨ ਯੂਨੀਅਨ ਦੀ ਰਾਜਧਾਨੀ ਬ੍ਰਸੇਲਜ਼ ਵਿੱਚ ਯੂਰਪੀਅਨ ਸੰਸਦ ਦੇ ਸਾਹਮਣੇ ਲਕਸਮਬਰਗ ਸਕੁਏਅਰ ਵਿੱਚ ਸਿੱਖ ਭਾਈਚਾਰੇ ਵੱਲੋਂ ਖ਼ਾਲਿਸਤਾਨ ਐਲਾਨਨਾਮੇ ਦੀ 40ਵੀਂ ਵਰ੍ਹੇਗੰਢ ਮੌਕੇ "ਆਜ਼ਾਦ ਖਾਲਿਸਤਾਨ" ਦੇ ਨਾਅਰੇ ਹੇਠ ਇੱਕ ਵਿਸ਼ਾਲ ਵਿਰੋਧ ਪ੍ਰਦਰਸ਼ਨ ਕੀਤਾ ਗਿਆ। ਵੱਖ ਵੱਖ ਸਿੱਖ ਸੰਗਠਨ ਅਤੇ ਗੁਰਦੁਆਰਾ ਪ੍ਰਸ਼ਾਸਨ ਵੱਲੋਂ ਆਯੋਜਿਤ ਆਜ਼ਾਦੀ ਰੈਲੀ ਵਿੱਚ ਬੈਲਜੀਅਮ ਸਮੇਤ ਪੂਰੇ ਯੂਰਪ ਤੋਂ ਸਿੱਖ ਭਾਈਚਾਰੇ ਦੀਆਂ ਰਾਜਨੀਤਿਕ, ਸਮਾਜਿਕ ਅਤੇ ਵਪਾਰਕ ਸ਼ਖਸੀਅਤਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਪ੍ਰਦਰਸ਼ਨਕਾਰੀਆਂ ਨੇ ਮੋਦੀ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ ਅਤੇ ਭਾਰਤੀ ਲੋਕਤੰਤਰ ਨੂੰ ਨਕਲੀ ਕਿਹਾ। ਉਨ੍ਹਾਂ ਕਿਹਾ ਕਿ ਭਾਰਤ ਹੁਣ ਸਿੱਖਾਂ ਦੇ ਸਵੈ-ਨਿਰਣੇ ਦੇ ਅਧਿਕਾਰ ਨੂੰ ਦਬਾ ਨਹੀਂ ਸਕਦਾ। ਸਿੱਖ ਆਗੂਆਂ ਭਾਈ ਅਮਰੀਕ ਸਿੰਘ ਗਿੱਲ, ਭਾਈ ਦਬਿੰਦਰਜੀਤ ਸਿੰਘ, ਭਾਈ ਰੇਸ਼ਮ ਸਿੰਘ ਜਰਮਨੀ, ਭਾਈ ਗੁਰਮੀਤ ਸਿੰਘ ਖਣਿਆਨ, ਭਾਈ ਰਘਬੀਰ ਸਿੰਘ ਕੋਹਾੜ, ਭਾਈ ਚੈਨ ਸਿੰਘ ਫਰਾਂਸ, ਭਾਈ ਮਨਜੋਤ ਸਿੰਘ ਸਮੇਤ ਹਾਜ਼ਰੀਨ ਬੁਲਾਰੇਆ ਨੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਕਿਹਾ ਕਿ ਆਜ਼ਾਦੀ ਲਹਿਰ ਲਈ ਉਨ੍ਹਾਂ ਦੇ ਬਜ਼ੁਰਗਾਂ ਨੇ ਅਥਾਹ ਕੁਰਬਾਨੀਆਂ ਦਿੱਤੀਆਂ, ਜਿਨ੍ਹਾਂ ਨੂੰ ਵਿਅਰਥ ਨਹੀਂ ਜਾਣ ਦਿੱਤਾ ਜਾਵੇਗਾ। ਉਨ੍ਹਾਂ ਦਸਿਆ ਕਿ ਆਜ਼ਾਦੀਪਸੰਦ ਸਿੱਖਾਂ ਵਲੋਂ ਸ਼੍ਰੀ ਅਕਾਲ ਤਖ਼ਤ ਸਾਹਿਬ ਵਿਖੇ ਖਾਲਿਸਤਾਨ ਦੇ ਐਲਾਨ ਦੀ 40ਵੀਂ ਵਰ੍ਹੇਗੰਢ ਸ਼ਾਨਦਾਰ ਢੰਗ ਨਾਲ ਮਨਾਈ ਗਈ ਹੈ । ਸਿੱਖ ਫੈਡਰੇਸ਼ਨ, ਯੂਕੇ ਵੱਲੋਂ ਜਾਰੀ ਬਿਆਨ ਅਨੁਸਾਰ, ਬ੍ਰਸੇਲਜ਼ ਪ੍ਰੈਸ ਕਲੱਬ ਵਿਖੇ ਇੱਕ ਮਹੱਤਵਪੂਰਨ ਪ੍ਰੈਸ ਕਾਨਫਰੰਸ ਵੀ ਕੀਤੀ ਗਈ ਹੈ, ਜਿਸ ਵਿੱਚ ਭਾਰਤ ਵੱਲੋਂ ਸੰਯੁਕਤ ਰਾਸ਼ਟਰ ਦੇ ਮਤਿਆਂ ਦੀ ਉਲੰਘਣਾ ਅਤੇ ਹਿੰਦੂਤਵ ਵਿਚਾਰਧਾਰਾ ਰਾਹੀਂ ਘੱਟ ਗਿਣਤੀਆਂ 'ਤੇ ਕੀਤੇ ਜਾ ਰਹੇ ਜ਼ੁਲਮ ਦਾ ਪਰਦਾਫਾਸ਼ ਕੀਤਾ ਗਿਆ ਹੈ ।ਪ੍ਰਦਰਸ਼ਨਕਾਰੀਆਂ ਨੇ ਅਮਰੀਕਾ, ਚੀਨ, ਯੂਕੇ ਅਤੇ ਜਰਮਨੀ ਸਮੇਤ ਵਿਸ਼ਵ ਸ਼ਕਤੀਆਂ ਦੇ ਬਦਲਦੇ ਰਵੱਈਏ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਦੁਨੀਆ ਹੁਣ ਭਾਰਤ ਨੂੰ ਇੱਕ ਭਰੋਸੇਯੋਗ ਦੇਸ਼ ਮੰਨਦੀ ਹੈ। ਪਰ ਭਾਰਤ ਦੇ ਅੰਦਰ ਚੱਲ ਰਹੇ ਵੱਖ ਵੱਖ ਧਰਮਾਂ ਦੇ ਆਜ਼ਾਦੀ ਅੰਦੋਲਨ ਇਸਨੂੰ ਘੱਟੋ-ਘੱਟ ਅੱਠ ਵੱਖ-ਵੱਖ ਰਾਜਾਂ ਵਿੱਚ ਵੰਡ ਦੇਣਗੇ, ਜਿਨ੍ਹਾਂ ਵਿੱਚ ਖਾਲਿਸਤਾਨ ਵੀ ਸ਼ਾਮਲ ਹੈ, ਦੁਨੀਆ ਦੇ ਨਕਸ਼ੇ 'ਤੇ ਉਭਰੇਗਾ। ਇਸ ਮੌਕੇ ਸਿੱਖ ਆਗੂਆਂ ਨੇ ਵੱਖ ਵੱਖ ਦੇਸ਼ ਦੀ ਫੌਜੀ ਲੀਡਰਸ਼ਿਪ ਨੂੰ ਵੀ ਅਪੀਲ ਕੀਤੀ ਕਿ ਉਹ ਸਵੈ-ਨਿਰਣੇ ਦੇ ਅਧਿਕਾਰ ਲਈ ਉਨ੍ਹਾਂ ਦੇ ਅੰਦੋਲਨ ਨੂੰ ਨੈਤਿਕ ਸਮਰਥਨ ਦੇਣ। ਇਹ ਵਿਰੋਧ ਪ੍ਰਦਰਸ਼ਨ ਕਈ ਘੰਟਿਆਂ ਤੱਕ ਜਾਰੀ ਰਿਹਾ, ਜਿਸ ਵਿੱਚ ਖਾਲਿਸਤਾਨ ਦੇ ਹੱਕ ਵਿੱਚ ਜ਼ੋਰਦਾਰ ਨਾਅਰੇ ਲਗਾਏ ਗਏ।

ਆਵਾਜ਼ਿ ਕੌਮ AWAZE QAUM
International Newspaper & WEB TV

**ਭਾਰਤ ਦੇ ਅੰਦਰ ਚੱਲ ਰਹੇ ਅੰਦੋਲਨਾਂ ਵਿੱਚੋਂ ਉਭਰੇਗਾ ਖਾਲਿਸਤਾਨ**

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ 'ਚ ਇੰਟਰ-ਹਾਊਸ ਡਾਂਸ ਮੁਕਾਬਲਾ ਕਰਵਾਇਆ

ਫਿਰੋਜ਼ਪੁਰ 1 ਮਈ (ਮਨੋਹਰ ਲਾਲ): ਫਿਰੋਜ਼ਪੁਰ ਮੋਗਾ ਰੋਡ 'ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ, ਚੇਅਰਮੈਨ ਡਾ. ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਨਿਗਰਾਨੀ ਹੇਠ ਚੱਲ ਰਿਹਾ ਹੈ। ਵਿਸ਼ਵ ਡਾਂਸ ਦਿਵਸ ਮਨਾਉਣ ਲਈ ਇੱਕ ਇੰਟਰ-ਹਾਊਸ ਡਾਂਸ ਮੁਕਾਬਲਾ ਕਰਵਾਇਆ ਗਿਆ। ਚਾਰਾਂ ਹਾਊਸਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ।

ਆਵਾਜ਼ਿ ਕੌਮ AWAZE QAUM
International Newspaper & WEB TV



ਵਿਦਿਆਰਥੀਆਂ ਨੇ ਵੱਖ-ਵੱਖ ਵਿਸ਼ਿਆਂ 'ਤੇ ਪੇਸ਼ਕਾਰੀਆਂ ਪੇਸ਼ ਕੀਤੀਆਂ। ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਜਨਰਲ ਸਕੱਤਰ ਸ਼ਿਵਮ ਸ਼ਰਮਾ ਵੀ ਮੌਜੂਦ ਸਨ। ਇਹਨਾਂ ਪੇਸ਼ਕਾਰੀਆਂ ਨੇ ਸਾਰਿਆਂ ਨੂੰ ਮੋਹਿਤ ਕਰ ਦਿੱਤਾ, ਅਤੇ ਤਾੜੀਆਂ ਨੇ ਸਾਰੇ ਪ੍ਰਤੀਯੋਗੀਆਂ ਦਾ ਉਤਸ਼ਾਹ ਵਧਾ ਦਿੱਤਾ। ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਵਿਦਿਆਰਥੀਆਂ ਨੂੰ ਵਿਸ਼ਵ ਡਾਂਸ ਦਿਵਸ ਦੇ ਇਤਿਹਾਸ ਅਤੇ ਡਾਂਸ ਦੀ ਮਹੱਤਤਾ ਬਾਰੇ ਦੱਸਿਆ, ਇਹ ਨੋਟ ਕਰਦੇ ਹੋਏ ਕਿ ਇਹ ਦਿਨ ਜੀਨ-ਜਾਰਜਸ ਨਵਾਰੇ ਦੇ ਜਨਮਦਿਨ ਵਜੋਂ ਮਨਾਇਆ ਜਾਂਦਾ ਹੈ, ਜਿਸਨੂੰ ਬੈਲੇ ਦੇ ਜਨਮਦਿਨ ਵਜੋਂ ਵੀ ਜਾਣਿਆ ਜਾਂਦਾ ਹੈ। ਉਹਨਾਂ ਨੇ ਜ਼ੋਰ ਦੇ ਕੇ ਕਿਹਾ ਕਿ ਡਾਂਸ ਆਪਣੇ ਆਪ ਵਿੱਚ ਇੱਕ ਸ਼ਾਨਦਾਰ ਕਲਾ ਹੈ। ਡਾਂਸ ਰਾਹੀਂ, ਅਸੀਂ ਆਪਣੇ ਸਰੀਰ ਅਤੇ ਮਨ ਦੋਵਾਂ ਨੂੰ ਬਣਾਈ ਰੱਖ ਸਕਦੇ ਹਾਂ। ਡਾਂਸ ਇੱਕ ਪ੍ਰਭਾਵਸ਼ਾਲੀ ਕਸਰਤ ਵਜੋਂ ਵੀ ਕੰਮ ਕਰਦਾ ਹੈ, ਜੋ ਸਾਨੂੰ ਤਾਜ਼ਗੀ ਦਿੰਦਾ ਹੈ। ਉਹਨਾਂ ਨੇ ਬੱਚਿਆਂ ਨੂੰ ਕਸਰਤ ਦੇ ਰੂਪ ਵਿੱਚ ਡਾਂਸ ਨੂੰ ਆਪਣੀ ਰੋਜ਼ਾਨਾ ਰੁਟੀਨ ਵਿੱਚ ਸ਼ਾਮਲ ਕਰਨ ਦਾ ਸੁਝਾਅ ਦਿੱਤਾ।

# ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਵਿਸਾਖ ਦੀ ਪੂਰਨਮਾਸ਼ੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ



**ਫਿਰੋਜ਼ਪੁਰ, 1 ਮਈ (ਮਨੋਹਰ ਲਾਲ )**-ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਵਿਸਾਖ ਦੀ ਪੂਰਨਮਾਸ਼ੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਭੋਗ ਉਪਰੰਤ ਦੀਵਾਨ ਸਜਾਏ ਗਏ। ਜਿਸ ਵਿਚ ਰਾਗੀ ਅਤੇ ਢਾਡੀ, ਕਵੀਸ਼ਰੀ ਜਥਿਆਂ ਨੇ ਆਪਣੀ ਸੁਰੀਲੀ ਅਵਾਜ਼ ਨਾਲ ਗੁਰੂ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਭਾਈ ਬਲਵੀਰ ਸਿੰਘ ਸ੍ਰੀ ਮੁਕਤਸਰ ਸਾਹਿਬ, ਭਾਈ ਸੁਰਿੰਦਰ ਸਿੰਘ ਪਾਰਸ ਕਵੀਸ਼ਰੀ ਜਥਾ, ਭਾਈ ਦਾਨ ਸਿੰਘ ਕਵੀਸ਼ਰੀ ਜਥਿਆਂ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਤੂਤਾ ਵਾਲਿਆਂ ਨੇ ਕਥਾ ਕਰਦਿਆਂ ਆਖਿਆ ਕਿ ਸਾਨੂੰ ਪ੍ਰਮੇਸ਼ਵਰ ਦਾ ਨਾਮ ਜਪਣਾ ਚਾਹੀਦਾ ਹੈ। ਪ੍ਰਮੇਸ਼ਵਰ ਵਾਹਿਗੁਰੂ ਜੀ ਦਾ ਨਾਮ ਜਪਣ ਨਾਲ ਤੁਹਾਡੇ ਸਾਰੇ ਦੁੱਖ ਦੂਰ ਹੁੰਦੇ ਹਨ, ਪਰ ਭਰੋਸੇ ਦੀ ਜ਼ਰੂਰਤ ਸਨੂੰ ਮੜੀਆਂ ਮਸਾਨਿਆਂ ਤੇ ਮੱਥਾ ਟੇਕਣ ਦੀ ਬਜਾਏ ਕੇਵਲ ਤੇ ਕੇਵਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਣਾ ਚਾਹੀਦਾ ਹੈ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਤੂਤਾ ਵਾਲਿਆਂ ਨੇ ਆਖਿਆ ਕਿ ਰੁੱਤਾਂ ਆਉਂਦੀਆਂ ਹਨ ਰੁੱਤਾਂ ਜਾਂਦੀਆਂ ਹਨ, ਕਦੇ ਬਹੁਤ ਜ਼ਿਆਦਾ ਠੰਡ, ਪਰ ਕਦੇ ਬਹੁਤ ਜ਼ਿਆਦਾ ਗਰਮੀ ਅਤੇ ਕਦੇ ਬਰਸਾਤ ਰੁੱਤ ਹੁੰਦੀ ਹੈ। ਪਰ ਜੇਕਰ ਤੁਸੀਂ ਗਰਮੀ ਸਰਦੀ ਤੋਂ ਦੂਰ ਸਿਰਫ ਉਸ ਦੇ ਭਾਣੇ ਵਿਚ ਰਹਿ ਕੇ ਨਾਮ ਜੱਪਣਗੇ ਤਾਂ ਨਾ ਤੁਹਾਨੂੰ ਸਰਦੀ ਮਾਰ ਸਕਦੀ ਹੈ ਨਾ ਹੀ ਗਰਮੀ ਨਾ ਵਿਗਾੜ ਸਕਦੀ ਹੈ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਤੂਤਾ ਵਾਲਿਆਂ ਨੇ ਕਿਹਾ ਕਿ ਲੰਗਰ ਹਾਲ ਅਤੇ ਰਿਹਾਇਸ਼ੀ ਕਮਰਿਆਂ ਦੀ ਕਾਰ ਸੇਵਾ ਜੰਗੀ ਪੱਧਰ ਤੇ ਚੱਲ ਰਹੀ ਹੈ, ਸਾਨੂੰ ਤਨ, ਮਨ, ਧਨ ਨਾਲ ਇਸ ਕਾਰਜ ਵਿਚ ਵੱਧ ਤੋਂ ਵੱਧ ਸੇਵਾ ਕਰਨੀ ਚਾਹੀਦੀ ਹੈ। ਇਸ ਮੌਕੇ ਤੇ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਭਾਈ ਹਰਪਿੰਦਰ ਸਿੰਘ ਜੀ ਨੇ ਵੀ ਕਥਾ ਕੀਰਤਨ ਕੀਤਾ ਜਿਨ੍ਹਾਂ ਵਿਚ ਉਨ੍ਹਾਂ ਕਿਹਾ ਕਿ ਨਾਮ ਜੱਪੋ ਕੀਰਤਨ ਕਰੋ ਅਤੇ ਵੱਧ ਤੋਂ ਵੱਧ ਸੰਗਤਾਂ ਖੰਡੇ ਬਾਟੇ ਦਾ ਅਮ੍ਰਿਤ ਛੱਕ ਕੇ ਗੁਰੂ ਲੜ ਲੱਗੋ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਏ ਗਏ।

ਆਵਾਜ਼ਿ ਕੌਮ AWAZE QAUM
International Newspaper & WEB TV

# ਫਿਰੋਜ਼ਪੁਰ ਵਿੱਚ ਮੁ.ਫਤ ਫਾਇਬਰੋ ਸਕੈਨ ਜਾਂਚ ਕੈਂਪ ਆਯੋਜਿਤ




ਫਿਰੋਜ਼ਪੁਰ 1 ਮਈ (ਮਨੋਹਰ ਲਾਲ): ਫਿਰੋਜ਼ਪੁਰ-ਮੋਗਾ ਰੋਡ ਸਥਿਤ ਅਮਨਦੀਪ ਹਸਪਤਾਲ ਵਿੱਚ ਉਜਾਲਾ ਸਿਗਨਸ ਹੈਲਥਕੇਅਰ ਸਰਵਿਸਿਜ਼ ਦੇ ਸਹਿਯੋਗ ਅਤੇ ਸ਼੍ਰੀ ਸਨਾਤਨ ਧਰਮ ਸਭਾ, ਸੂਜੀ ਬਾਜ਼ਾਰ, ਫਿਰੋਜ਼ਪੁਰ ਕੈਂਟ ਦੇ ਸਮਰਥਨ ਨਾਲ ਵੀਰਵਾਰ ਨੂੰ ਮੁਫ਼ਤ ਫਾਇਬਰੋ ਸਕੈਨ ਜਾਂਚ ਕੈਂਪ ਲਗਾਇਆ ਗਿਆ। ਇਹ ਕੈਂਪ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਚੱਲਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕਾਂ ਨੇ ਲਾਭ ਲਿਆ।ਹਸਪਤਾਲ ਪ੍ਰਬੰਧਨ ਮੁਤਾਬਕ, ਆਮ ਤੌਰ 'ਤੇ ਕਰੀਬ 4000 ਰੁਪਏ ਦੀ ਲਾਗਤ ਵਾਲੀ ਫਾਇਬਰੋ ਸਕੈਨ ਜਾਂਚ ਇਸ ਕੈਂਪ ਵਿੱਚ ਪੂਰੀ ਤਰ੍ਹਾਂ ਮੁਫ਼ਤ ਕੀਤੀ ਗਈ। ਜਾਂਚ ਲਈ ਆਧੁਨਿਕ ਏਆਈ-ਚਲਿਤ ਇਕੋਸੈਂਸ ਮਿਨੀ+ 430 ਮਸ਼ੀਨ ਦੀ ਵਰਤੋਂ ਕੀਤੀ ਗਈ, ਜਿਸ ਨਾਲ ਜਿਗਰ ਦੀ ਸਥਿਤੀ ਦਾ ਸਹੀ ਅੰਦਾਜ਼ਾ ਲਗਾਇਆ ਗਿਆ। ਫਾਇਬਰੋ ਸਕੈਨ ਇੱਕ ਗੈਰ-ਆਕਰਮਕ ਜਾਂਚ ਹੈ, ਜੋ ਫੈਟੀ ਲਿਵਰ ਅਤੇ ਜਿਗਰ ਦੀ ਕਠੋਰਤਾ ਨੂੰ ਸ਼ੁਰੂਆਤੀ ਪੜਾਅ ਵਿੱਚ ਪਤਾ ਲਗਾਉਣ ਵਿੱਚ ਮਦਦਗਾਰ ਹੈ, ਜਿਸ ਨਾਲ ਸਮੇਂ 'ਤੇ ਇਲਾਜ ਸੰਭਵ ਹੁੰਦਾ ਹੈ।ਕੈਂਪ ਦਾ ਉਦਘਾਟਨ ਸੁਵਿਧਾ ਹਸਪਤਾਲ ਦੇ ਫੈਸਿਲਟੀ ਡਾਇਰੈਕਟਰ ਅਭਿਸ਼ੇਕ ਅਰੋੜਾ ਅਤੇ ਸ਼੍ਰੀ ਸਨਾਤਨ ਧਰਮ ਸਭਾ ਦੇ ਪ੍ਰਧਾਨ ਬਾਲ ਕਿਸ਼ਨ ਮਿੱਤਲ ਵੱਲੋਂ ਸੀਨੀਅਰ ਅਧਿਕਾਰੀਆਂ ਅਤੇ ਇਲਾਕੇ ਦੇ ਲੋਕਾਂ ਦੀ ਮੌਜੂਦਗੀ ਵਿੱਚ ਕੀਤਾ ਗਿਆ।ਅਮਨਦੀਪ ਹਸਪਤਾਲ ਦੀ ਡਾਇਰੈਕਟਰ ਅਮਨਦੀਪ ਕੌਰ ਨੇ ਕਿਹਾ ਕਿ ਬਦਲ ਰਹੀ ਜੀਵਨ ਸ਼ੈਲੀ ਅਤੇ ਸਮੇਂ 'ਤੇ ਜਾਂਚ ਨਾ ਹੋਣ ਕਰਕੇ ਜਿਗਰ ਨਾਲ ਸੰਬੰਧਿਤ ਬਿਮਾਰੀਆਂ ਤੇਜ਼ੀ ਨਾਲ ਵੱਧ ਰਹੀਆਂ ਹਨ। ਇਸ ਤਰ੍ਹਾਂ ਦੇ ਮੁਫ਼ਤ ਕੈਂਪ ਲੋਕਾਂ ਨੂੰ ਜਾਗਰੂਕ ਕਰਨ ਅਤੇ ਉਨ੍ਹਾਂ ਨੂੰ ਉੱਚ ਪੱਧਰੀ ਜਾਂਚ ਸਹੂਲਤਾਂ ਮੁਹੱਈਆ ਕਰਵਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ, ਤਾਂ ਜੋ ਗੰਭੀਰ ਬਿਮਾਰੀਆਂ ਤੋਂ ਸਮੇਂ ਸਿਰ ਬਚਾਅ ਕੀਤਾ ਜਾ ਸਕੇ।ਹਸਪਤਾਲ ਪ੍ਰਬੰਧਨ ਵੱਲੋਂ ਇਲਾਕੇ ਦੇ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਇਸ ਤਰ੍ਹਾਂ ਦੀਆਂ ਮੁਫ਼ਤ ਸਿਹਤ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ।ਅਮਨਦੀਪ ਗਰੁੱਪ ਇੱਕ ਅਗੇਤੀ ਸਿਹਤ ਸੇਵਾ ਨੈੱਟਵਰਕ ਵਜੋਂ ਸਥਾਪਿਤ ਹੋ ਚੁੱਕਾ ਹੈ, ਜਿਸ ਵਿਚ 750 ਤੋਂ ਵੱਧ ਬੈੱਡ ਅਤੇ ਛੇ ਮੁੱਖ ਥਾਵਾਂ 'ਤੇ 170 ਤੋਂ ਵੱਧ ਮਾਹਿਰ ਡਾਕਟਰ ਸੇਵਾਵਾਂ ਦੇ ਰਹੇ ਹਨ। ਇਹ ਗਰੁੱਪ ਅੰਮ੍ਰਿਤਸਰ, ਪਠਾਨਕੋਟ, ਫਿਰੋਜ਼ਪੁਰ, ਸ੍ਰੀਨਗਰ ਅਤੇ ਤਰਨਤਾਰਨ ਸਮੇਤ ਕਈ ਸ਼ਹਿਰਾਂ ਵਿੱਚ ਸਿਹਤ ਸੇਵਾਵਾਂ ਪ੍ਰਦਾਨ ਕਰ ਰਿਹਾ ਹੈ ਅਤੇ ਹੁਣ ਤੱਕ 25 ਲੱਖ ਤੋਂ ਵੱਧ ਮਰੀਜ਼ਾਂ ਦਾ ਸਫਲ ਇਲਾਜ ਕਰ ਚੁੱਕਾ ਹੈ।

ਆਵਾਜ਼ਿ ਕੌਮ AWAZE QAUM
International Newspaper & WEB TV

1 ਤੋਂ 3 ਮਈ ਤੱਕ ਸ਼ਹੀਦੀ ਦਿਵਸ ’ਤੇ ਵਿਸ਼ੇਸ਼

# ਗੁਰਦੁਆਰਾ ਸ਼ਹੀਦ ਗੰਜ ਵਿਖੇ 40 ਮੁਕਤਿਆਂ ਦਾ ਸ਼ਹੀਦੀ ਦਿਵਸ



**ਗੁਰਦੁਆਰਾ** ਸ਼ਹੀਦ ਗੰਜ ਸਾਹਿਬ, ਸ਼੍ਰੀ ਦਰਬਾਰ ਸਾਹਿਬ (ਗੁਰਦੁਆਰਾ ਟੁੱਟੀ ਗੰਢੀ ਸਾਹਿਬ) ਸ਼੍ਰੀ ਮੁਕਤਸਰ ਸਾਹਿਬ ਦੇ ਪਿੱਛੇ ਲਹਿੰਦੇ ਪਾਸੇ ਵੱਲ ਹੈ। ਜਿੱਥੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੇ ਹੱਥੀਂ ਚਿਖਾ (ਅੰਗੀਠਾ) ਤਿਆਰ ਕਰਕੇ 40 ਮੁਕਤੇ ਅਤੇ ਹੋਰ ਸ਼ਹੀਦ ਸਿੰਘਾਂ ਦਾ ਆਪਣੇ ਹੱਥੀਂ ਸਸਕਾਰ ਕੀਤਾ ਸੀ। 40 ਮੁਕਤਿਆਂ ਦੀ ਯਾਦ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 1, 2 ਅਤੇ 3 ਮਈ ਨੂੰ ਸ਼ਹੀਦੀ ਦਿਹਾੜਾ ਮਨਾਇਆ ਜਾ ਰਿਹਾ ਹੈ।

ਦਸਮ ਪਾਤਸ਼ਾਹ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਸੰਨ 1704 ਈ: ਵਿੱਚ ਅਨੰਦਪੁਰ ਸਾਹਿਬ ਵਿੱਚ ਕਿਲਾ ਅਨੰਦਗੜ ਵਿਖੇ ਮੁਗ਼ਲ ਫ਼ੌਜਾਂ ਨਾਲ ਯੁੱਧ ਲੜ ਰਹੇ ਸਨ। ਦੁਸ਼ਮਣ ਦੀਆਂ ਫ਼ੌਜਾਂ ਨੇ ਚਾਰੇ ਪਾਸੇ ਘੇਰਾ ਪਾ ਲਿਆ ਅਤੇ ਬਾਹਰੋਂ ਰਸਦ-ਪਾਣੀ ਅੰਦਰ ਨਾ ਜਾਣ ਦਿੱਤਾ, ਕਿਉਂਕਿ ਉਹਨਾਂ ਨੂੰ ਉਮੀਦ ਸੀ ਕਿ ਭੁੱਖ ਨਾਲ ਮਰਦੇ ਸਿੰਘ ਲੜਾਈ ਨਹੀਂ ਲੜ ਸਕਣਗੇ ਅਤੇ ਬਾਹਰ ਆ ਜਾਣਗੇ। ਜਦੋਂ ਕਾਫ਼ੀ ਲੰਮਾ ਸਮਾਂ ਕਿਲ੍ਹੇ ਨੂੰ ਘੇਰਾ ਪਿਆ ਰਿਹਾ ਤਾਂ ਭੁੱਖ ਤੋਂ ਤੰਗ ਆਏ ਸਿੰਘਾਂ ਨੇ ਗੁਰੂ ਜੀ ਨੂੰ ਬੇਨਤੀ ਕੀਤੀ ਕਿ ਉਹ ਜੰਗ ਨਹੀਂ ਲੜ ਸਕਦੇ ਅਤੇ ਉਹ ਘਰਾਂ ਨੂੰ ਜਾਣਾ ਚਾਹੁੰਦੇ ਹਨ। ਗੁਰੂ ਸਾਹਿਬ ਨੇ ਸਿੰਘਾਂ ਨੂੰ ਹੌਂਸਲਾ ਦਿੰਦੇ ਹੋਏ ਕਿਹਾ ਕਿ ਕੁਝ ਦਿਨਾਂ ਦੀ ਗੱਲ ਹੈ, ਪਰ ਸਿੰਘਾਂ ਨੇ ਉੱਤਰ ਦਿੱਤਾ, “ਅਸੀਂ ਲੜਦੇ ਹੋਏ ਸ਼ਹੀਦ ਹੋ ਸਕਦੇ ਹਾਂ ਪਰ ਭੁੱਖੇ ਮਰਨ ਲਈ ਤਿਆਰ ਨਹੀਂ।” ਸਿੰਘ ਜਦ ਆਪਣੀ ਜ਼ਿੱਦ ਤੇ ਅੜੇ ਰਹੇ ਤਾਂ ਗੁਰੂ ਜੀ ਨੇ ਕਿਹਾ ਕਿ ਜੇਕਰ ਤੁਸੀਂ ਜਾਣਾ ਹੈ ਤਾਂ ਜਾਉ ਪਰ ਇਹ ਲਿਖ ਕੇ ਦੇ ਜਾਉ “ਗੁਰੂ ਗੋਬਿੰਦ ਸਿੰਘ ਸਾਡਾ ਗੁਰੂ ਨਹੀਂ ਅਤੇ ਅਸੀਂ ਉਸ ਦੇ ਸਿੱਖ ਨਹੀਂ।” ਭਾਈ ਮਹਾਂ ਸਿੰਘ ਜੀ ਦੀ ਅਗਵਾਈ ਵਿੱਚ 40 ਸਿੰਘ ਗੁਰੂ ਜੀ ਨੂੰ ‘ਅਸੀਂ ਤੁਹਾਡੇ ਸਿੱਖ ਨਹੀਂ,’ ਤੁਸੀਂ ਸਾਡੇ ਗੁਰੂ ਨਹੀਂ” ਬੇਦਾਵਾ ਲਿਖ ਕੇ ਦੇਣ ਉਪਰੰਤ ਘਰਾਂ ਨੂੰ ਵਾਪਸ ਆ ਗਏ।

ਗੁਰੂ ਜੀ ਨੇ ਮੁਗ਼ਲਾਂ ਦੇ ਵਿਸ਼ਵਾਸ ਦੇਣ ’ਤੇ ਅਨੰਦਪੁਰ ਸਾਹਿਬ ਦਾ ਕਿਲ੍ਹਾ ਛੱਡ ਦਿੱਤਾ ਕਿ ਸਾਡੀ ਫ਼ੌਜ ਵਾਪਸ ਚਲੀ ਜਾਵੇਗੀ। ਪਰ ਇਹ ਉਹਨਾਂ ਦੀ ਇੱਕ ਚਾਲ ਸੀ। ਗੁਰੂ ਜੀ ਸਰਸਾ ਨਦੀ ਪਾਰ ਕਰਕੇ ਚਮਕੌਰ ਸਾਹਿਬ ਪੁੱਜੇ। ਇਸੇ ਸਮੇਂ ਦੌਰਾਨ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫ਼ਤਹਿ ਸਿੰਘ ਜੋ ਗੰਗੂ ਰਸੋਈਏ ਨਾਲ ਸਨ, ਗੁਰੂ ਸਾਹਿਬ ਤੋਂ ਵਿੱਛੜ ਗਏ। ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਤੇ ਬਾਬਾ ਜੁਝਾਰ ਸਿੰਘ ਜੀ ਗੁਰੂ ਸਾਹਿਬ ਦੇ ਨਾਲ ਸਨ। ਮੁਗ਼ਲ ਫ਼ੌਜ ਪਿੱਛਾ ਕਰਦੀ ਆ ਰਹੀ ਸੀ। ਚਮਕੌਰ ਸਾਹਿਬ ਵਿਖੇ ਬਹੁਤ ਭਾਰੀ ਯੁੱਧ ਹੋਇਆ। ਜਿੱਥੇ ਦੋਵੇਂ ਵੱਡੇ ਸਾਹਿਬਜ਼ਾਦੇ ਮੁਗਲ ਫ਼ੌਜਾਂ ਨਾਲ ਜੂਝਦੇ ਹੋਏ ਜੰਗ ਵਿੱਚ ਸ਼ਹੀਦ ਹੋ ਗਏ।

ਗੁਰੂ ਜੀ ਪੰਜ ਪਿਆਰਿਆਂ ਦਾ ਹੁਕਮ ਮੰਨ ਕੇ ਚਮਕੌਰ ਦੀ ਗੜ੍ਹੀ ਵਿੱਚੋਂ ਨਿਕਲ ਕੇ ਮਾਛੀਵਾੜਾ, ਰਾਏਕੋਟ, ਦੀਨਾ ਕਾਂਗੜ, ਭਾਈ ਭਗਤਾ, ਵਾਂਦਰ, ਬਰਗਾੜੀ, ਸਰਾਵਾਂ, ਜੈਤੋ, ਮਲੂਕਾ ਆਦਿ ਪਿੰਡਾਂ ਵਿੱਚੋਂ ਦੀ ਹੁੰਦੇ ਹੋਏ ਕੋਟਕਪੂਰਾ ਪੁੱਜੇ। ਕੋਟਕਪੂਰੇ ਦੇ ਚੌਧਰੀ (ਨਵਾਬ) ਕਪੂਰ ਸਿੰਘ ਤੋਂ ਗੁਰੂ ਜੀ ਨੇ ਕਿਲ੍ਹਾ ਮੰਗਿਆ। ਚੌਧਰੀ ਨੇ ਗੁਰੂ ਜੀ ਦੀ ਬਹੁਤ ਸੇਵਾ ਤੇ ਸਤਿਕਾਰ ਕੀਤਾ ਪਰ ਕਿਲ੍ਹਾ ਦੇਣ ਤੋਂ ਸਾਫ਼ ਨਾਂਹ ਕਰ ਦਿੱਤੀ। ਗੁਰੂ ਸਾਹਿਬ ਸਿੱਖ ਯੋਧਿਆਂ ਸਮੇਤ ਖਿਦਰਾਣੇ ਦੀ ਢਾਬ ਵੱਲ ਚੱਲ ਪਏ।

ਦੂਜੇ ਪਾਸੇ ਅਨੰਦਪੁਰ ਸਾਹਿਬ ਤੋਂ ਬੇਦਾਵਾ ਦੇਣ ਵਾਲੇ 40 ਸਿੰਘ ਜਦ ਆਪਣੇ ਘਰਾਂ ਨੂੰ ਚਲੇ ਗਏ ਅਤੇ ਘਰ ਜਾ ਕੇ ਸਾਰਾ ਹਾਲ ਸੁਣਾਇਆ ਤਾਂ ਉਹਨਾਂ ਦੀਆਂ ਪਤਨੀਆਂ, ਭੈਣਾਂ, ਮਾਵਾਂ ਤੇ ਰਿਸ਼ਤੇਦਾਰਾਂ ਨੇ ਬਹੁਤ ਤਾਅਨੇ-ਮਿਹਣੇ ਮਾਰ ਕੇ ਕਿਹਾ ਕਿ ਤੁਸੀਂ ਗੁਰੂ ਜੀ ਨੂੰ ਛੱਡ ਕੇ ਚੰਗਾ ਕੰਮ ਨਹੀਂ ਕੀਤਾ। ਤੁਸੀਂ ਗੁਰੂ ਜੀ ਤੋਂ ਬੇਮੁਖ ਹੋ ਕੇ ਆਏ ਹੋ। ਤੁਸੀਂ ਘਰਾਂ ਵਿੱਚ ਘੱਗਰੇ ਤੇ ਚੂੜੀਆਂ (ਵੰਗਾਂ) ਪਾ ਕੇ ਬੈਠੋ, ਅਸੀਂ ਜੰਗ ਲੜਨ ਜਾਂਦੀਆਂ ਹਾਂ। ਮਾਈ ਭਾਗੋ ਜੋ ਸੂਰਬੀਰ ਤੇ ਦਲੇਰ ਔਰਤ ਸੀ, ਉਸ ਦੀ ਪ੍ਰੇਰਨਾ ਨਾਲ ਇਹ 40 ਸਿੰਘ ਸਮੀਰ ਸਿੰਘ, ਸਰਜਾ ਸਿੰਘ, ਸੁਹੇਲ ਸਿੰਘ, ਸੁਲਤਾਨ ਸਿੰਘ, ਸੋਭਾ ਸਿੰਘ, ਸੰਤ ਸਿੰਘ, ਹਰਸਾ ਸਿੰਘ, ਗੰਗਾ ਸਿੰਘ, ਹਰੀ ਸਿੰਘ, ਕਰਨ ਸਿੰਘ, ਕਰਮ ਸਿੰਘ, ਕਾਲਾ ਸਿੰਘ, ਕੀਰਤੀ ਸਿੰਘ, ਕ੍ਰਿਪਾਲ ਸਿੰਘ, ਖੁਸ਼ਾਲ ਸਿੰਘ, ਗੁਲਾਬ ਸਿੰਘ, ਗੰਗਾ ਸਿੰਘ, ਗੰਡਾ ਸਿੰਘ, ਘਰਬਾਰਾ ਸਿੰਘ, ਚੰਬਾ ਸਿੰਘ, ਜਾਦੋ ਸਿੰਘ, ਜੋਗਾ ਸਿੰਘ, ਜੰਗ ਸਿੰਘ, ਦਿਆਲ ਸਿੰਘ, ਦਰਬਾਰਾ ਸਿੰਘ, ਦਿਲਬਾਗ ਸਿੰਘ, ਧਰਮ ਸਿੰਘ, ਧੰਨਾ ਸਿੰਘ, ਨਿਹਾਲ ਸਿੰਘ, ਨਿਧਾਨ ਸਿੰਘ, ਬੂੜ ਸਿੰਘ, ਭਾਗ ਸਿੰਘ, ਭੋਲਾ ਸਿੰਘ, ਭੰਗਾ ਸਿੰਘ, ਮਹਾਂ ਸਿੰਘ, ਮੱਜਾ ਸਿੰਘ, ਮਾਨ ਸਿੰਘ, ਮੈਯਾ ਸਿੰਘ, ਰਾਇ ਸਿੰਘ, ਲਛਮਣ ਸਿੰਘ (ਮਹਾਨ ਕੋਸ਼, ਚੌਥੀ ਵਾਰ, ਪੰਨਾ 981) ਗੁਰੂ ਜੀ ਦੀ ਭਾਲ ਕਰਦੇ ਹੋਏ ਖਿਦਰਾਣੇ ਦੀ ਢਾਬ ’ਤੇ ਪਹੁੰਚੇ। ਉਹਨਾਂ ਆਪਣੀ ਗਿਣਤੀ ਜ਼ਿਆਦਾ ਦਿਖਾਉਣ ਲਈ ਝਾੜੀਆਂ ਅਤੇ ਬੂਟੀਆਂ ਦੇ ਉੱਪਰ ਆਪਣੇ ਚਾਦਰੇ, ਪਰਨੇ ਅਤੇ ਹੋਰ ਕੱਪੜੇ ਪਾ ਕੇ ਤੰਬੂਆਂ ਦੀ ਸ਼ਕਲ ਵਿੱਚ ਬਦਲ ਦਿੱਤਾ। 40 ਸਿੰਘ ਮੁਗ਼ਲ ਫ਼ੌਜਾਂ ਨਾਲ ਜੂਝ ਕੇ ਲੜੇ।

ਯੁੱਧ ਖ਼ਤਮ ਹੋਣ ਤੋਂ ਬਾਅਦ ਗੁਰੂ ਜੀ ਜਦੋਂ ਲੜਾਈ ਦੇ ਮੈਦਾਨ ਵਿੱਚ ਪਹੁੰਚੇ, 39 ਸਿੰਘ ਸ਼ਹੀਦ ਹੋ ਚੁੱਕੇ ਸਨ। ਜਦੋਂ ਗੁਰੂ ਜੀ ਸਹਿਕ ਰਹੇ ਇੱਕ ਸਿੱਖ ਭਾਈ ਮਹਾਂ ਸਿੰਘ ਕੋਲ ਪਹੁੰਚੇ ਤਾਂ ਉਸ ਨੂੰ ਆਪਣੀ ਗੋਦੀ ਵਿੱਚ ਬਿਠਾਇਆ ਤੇ ਕੱਪੜੇ ਨਾਲ ਉਸ ਦਾ ਚਿਹਰਾ ਸਾਫ਼ ਕੀਤਾ। ਗੁਰੂ ਜੀ ਨੇ ਉਸ ਦੀ ਆਖ਼ਰੀ ਇੱਛਾ ਪੁੱਛੀ ਤੇ ਕਿਹਾ, “ਭਾਈ ਮਹਾਂ ਸਿੰਘ ! ਤੁਸੀਂ ਮਹਾਨ ਕੁਰਬਾਨੀ ਕੀਤੀ ਹੈ, ਮੰਗ ਲੈ, ਜੋ ਮੰਗੇਗਾ, ਉਹ ਜ਼ਰੂਰ ਮਿਲੇਗਾ।”

ਤਬ ਲੌ ਇਕ ਸਿਖ ਸਹਿਕਤ ਪਾਯੋ।
ਕਹਯੋ ਗੁਰੂ ਮਾਂਗੋ ਮਨ ਭਾਯੋ।
(ਪੰਥ ਪ੍ਰਕਾਸ਼ ਗਿਆਨੀ ਗਿਆਨ ਸਿੰਘ, ਪੰਨਾ 311)

ਸਿਸਕੀਆਂ ਭਰਦਿਆਂ ਭਾਈ ਮਹਾਂ ਸਿੰਘ ਨੇ ਹੱਥ ਜੋੜ ਕੇ ਬੇਨਤੀ ਕੀਤੀ ਜੇ ਤਰੁੱਠੇ ਹੋ ਤਾਂ ਅਨੰਦਪੁਰ ਸਾਹਿਬ ਵਿਖੇ ਜੰਗ ਸਮੇਂ ਅਸੀਂ 40 ਸਿੰਘ ਜੋ ਬੇਦਾਵਾ ਲਿਖ ਕੇ ਦੇ ਆਏ ਸੀ, ਉਹ ਪਾੜ ਦਿਉ ਅਤੇ ਸਾਡੀ ਟੁੱਟੀ ਗੰਢ ਦਿਉ। ਗੁਰੂ ਜੀ ਨੇ ਆਪਣੇ ਕਮਰਕੱਸੇ ਵਿੱਚੋਂ ਬੇਦਾਵਾ ਕੱਢ ਕੇ ਭਾਈ ਮਹਾਂ ਸਿੰਘ ਦੇ ਸਾਹਮਣੇ ਪਾੜ ਕੇ ਭਾਈ ਮਹਾਂ ਸਿੰਘ ਤੇ ਸ਼ਹੀਦ ਹੋਏ ਸਿੰਘਾਂ ਨਾਲ ਟੁੱਟੀ ਗੰਢ ਦਿੱਤੀ।

ਸਿੱਖੀ ਹਿਤ ਜਿਨ ਰਾਜਨ ਚਾਹਯੋ।
ਸਿਦਕ ਔਰ ਉਪਕਾਰ ਨਿਬਾਹਯੋ।
ਜੇਬ ਬੀਚ ਤੈ ਤਬੈ ਨਿਕਾਰਯੋ।
ਕਾਗਜ ਸਨਮੁਖ ਤਾਂਕੇ ਫਾਰਯੋ।
ਗੁਰੂ ਤੇ ਵਲੀ ਗੁਰੂ ਕੇ ਸਿਖ ਹੈਂ।
ਯਹਿ ਗੁਰੂ ਕਹਯੋ ਲਏ ਹਿਮ ਪਿਖ ਹੈਂ।
ਤੂਟੀ ਸਿੱਖੀ ਫੇਰ ਮਿਲਾਈ।
ਪਰਉਪਕਾਰ ਕਰਯੋ ਬਹੁਤਾਈ।
(ਪੰਥ ਪ੍ਰਕਾਸ਼ ਗਿਆਨੀ ਗਿਆਨ ਸਿੰਘ, ਪੰਨਾ 311)

ਗੁਰੂ ਜੀ ਨੇ ਫ਼ਰਮਾਇਆ ਕਿ ਇਹ ਥਾਂ ਹੁਣ ਖਿਦਰਾਣਾ ਨਹੀਂ ਸਗੋਂ ਮੁਕਤੀ ਦਾ ਅਸਥਾਨ ਹੈ।

ਮੁਕਤਯੋਂ ਕਾ ਪਦ ਉਨਕੋ ਦੀਨਾ।
ਖਿਦਰਾਣੇ ਕੋ ਮੁਕਤਸਰ ਕੀਨਾ।
(ਪੰਥ ਪ੍ਰਕਾਸ਼ ਗਿਆਨੀ ਗਿਆਨ ਸਿੰਘ, ਪੰਨਾ 312)

ਗੁਰੂ ਜੀ ਨੇ ਸ਼ਹੀਦ ਹੋਏ ਸਿੰਘਾਂ ਨੂੰ ਪੰਜ ਹਜ਼ਾਰੀ, ਦਸ ਹਜ਼ਾਰੀ ਅਤੇ ਹੋਰ ਵੱਡੇ-ਵੱਡੇ ਖਿਤਾਬ ਬਖ਼ਸ਼ੇ। ਇਹਨਾਂ 40 ਮੁਕਤਿਆਂ ਨੂੰ ਅਸੀਂ ਰੋਜ਼ਾਨਾ ਸਵੇਰੇ-ਸ਼ਾਮ ਅਰਦਾਸ ਕਰਨ ਸਮੇਂ ਯਾਦ ਕਰਦੇ ਹਾਂ।

ਗੁਰਦੁਆਰਾ ਸ਼ਹੀਦ ਗੰਜ ਸ਼੍ਰੀ ਮੁਕਤਸਰ ਸਾਹਿਬ ਵਿਖੇ ਹਰ ਸਮੇਂ ਅਖੰਡ-ਪਾਠਾਂ ਦੀ ਲੜੀ ਚੱਲਦੀ ਰਹਿੰਦੀ ਹੈ। ਇਸ ਅਸਥਾਨ ਤੇ ਹਰ ਸਾਲ 40 ਮੁਕਤਿਆਂ ਦਾ ਸ਼ਹੀਦੀ ਦਿਹਾੜਾ 1, 2, ਤੇ 3 ਮਈ ਨੂੰ ਬੜੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। 1 ਮਈ ਨੂੰ ਅਖੰਡ-ਪਾਠ ਆਰੰਭ ਹੋਣਗੇ। ਇਸੇ ਦਿਹਾੜੇ ਗੁਰਦੁਆਰਾ ਟਿੱਬੀ ਸਾਹਿਬ ਤੋਂ ਨਗਰ-ਕੀਰਤਨ ਸਜਾਇਆ ਜਾਵੇਗਾ। 3 ਮਈ ਨੂੰ ਅਖੰਡ-ਪਾਠਾਂ ਦੇ ਭੋਗ ਪਾਏ ਜਾਣਗੇ। ਤਿੰਨ ਰੋਜ਼ਾ ਸਮਾਗਮ ਵਿੱਚ ਪੰਥ ਦੇ ਪ੍ਰਸਿੱਧ ਕੀਰਤਨੀ ਜਥੇ, ਪ੍ਰਚਾਰਕ, ਢਾਡੀ ਗੁਰ ਇਤਿਹਾਸ, ਗੁਰਬਾਣੀ ਦੇ ਰਸ-ਭਿੰਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ। ਗੁਰੂ ਕਾ ਲੰਗਰ ਅਤੁੱਟ ਵਰਤੇਗਾ।

**-ਕਰਨੈਲ ਸਿੰਘ ਐੱਮ.ਏ. ਲੁਧਿਆਣਾ**
**#1138/63-ਏ, ਗੁਰੂ ਤੇ.ਗ ਬਹਾਦਰ ਨਗਰ,**
**ਗਲੀ ਨੰਬਰ-1, ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ**

# ਹੜ੍ਹ ਪ੍ਰਭਾਵਿਤ ਪਿੰਡਾਂ ਦੇ ਦੋ ਸਰਕਾਰੀ ਸਕੂਲਾਂ ਵਿੱਚ ਬਣਾਏ ਗਏ ਆਧੁਨਿਕ ਟਾਇਲਟ ਬਲਾਕਾਂ ਦਾ ਕੀਤਾ ਉਦਘਾਟਨ



**ਫਿਰੋਜ਼ਪੁਰ 1 ਮਈ (ਮਨੋਹਰ ਲਾਲ):** ਰੋਟਰੀ ਇੰਟਰਨੈਸ਼ਨਲ ਜ਼ਿਲ੍ਹਾ 3090 ਵੱਲੋਂ ਡਿਜਾਸਟਰ ਗ੍ਰਾਂਟ ਦੇ ਤਹਿਤ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਦੋ ਸਰਕਾਰੀ ਸਕੂਲਾਂ ਵਿੱਚ ਬਣਾਏ ਗਏ ਆਧੁਨਿਕ ਟਾਇਲਟ ਬਲਾਕਾਂ ਦਾ ਸ਼ੁਭ ਉਦਘਾਟਨ ਜ਼ਿਲ੍ਹਾ ਗਵਰਨਰ ਰੋਟੇਰੀਅਨ ਭੂਪੇਸ਼ ਮਹੇਤਾ ਜੀ ਵੱਲੋਂ ਕੀਤਾ ਗਿਆ।ਰੋਟਰੀ ਇੱਕ ਵਿਸ਼ਵ ਪੱਧਰੀ ਸਮਾਜ ਸੇਵੀ ਸੰਸਥਾ ਹੈ, ਜੋ ਲਗਭਗ 220 ਦੇਸ਼ਾਂ ਵਿੱਚ ਮਨੁੱਖਤਾ ਦੀ ਸੇਵਾ ਲਈ ਕੰਮ ਕਰ ਰਹੀ ਹੈ ਅਤੇ ਇਸਦੇ ਕਰੀਬ 15 ਲੱਖ ਮੈਂਬਰ ਹਨ। ਇਸੀ ਸੇਵਾ ਭਾਵਨਾ ਨੂੰ ਅੱਗੇ ਵਧਾਉਂਦੇ ਹੋਏ ਰੋਟਰੀ ਇੰਟਰਨੈਸ਼ਨਲ ਜ਼ਿਲ੍ਹਾ 3090 ਨੇ ਫਿਰੋਜ਼ਪੁਰ ਖੇਤਰ ਦੇ ਬਾੜ੍ਹ ਪ੍ਰਭਾਵਿਤ ਦੋ ਪਿੰਡਾਂ ਦੇ ਸਕੂਲਾਂ ਵਿੱਚ ਵਿਦਿਆਰਥੀਆਂ ਲਈ ਸਾਫ਼-ਸੁਥਰੇ ਅਤੇ ਸੁਰੱਖਿਅਤ ਟਾਇਲਟ ਬਲਾਕ ਬਣਵਾਏ। ਉਨ੍ਹਾਂ ਦੇ ਪੂਰਾ ਹੋਣ ਉਪਰੰਤ ਅੱਜ ਉਨ੍ਹਾਂ ਦਾ ਵਿਧਿਵਤ ਉਦਘਾਟਨ ਕਰਕੇ ਸਕੂਲਾਂ ਨੂੰ ਸਮਰਪਿਤ ਕੀਤਾ ਗਿਆ।ਉਲੇਖਣਯੋਗ ਹੈ ਕਿ ਪਿਛਲੇ ਸਾਲ ਭਾਰੀ ਵਰਖਾ ਕਾਰਨ ਸਤਲੁਜ ਦਰਿਆ ਦਾ ਪਾਣੀ ਪੱਧਰ ਕਾਫ਼ੀ ਵੱਧ ਗਿਆ ਸੀ, ਜਿਸ ਨਾਲ ਫਿਰੋਜ਼ਪੁਰ ਅਤੇ ਫਾਜ਼ਿਲਕਾ ਜ਼ਿਲ੍ਹਿਆਂ ਵਿੱਚ ਭਿਆਨਕ ਬਾੜ੍ਹ ਦੀ ਸਥਿਤੀ ਪੈਦਾ ਹੋ ਗਈ ਸੀ। ਇਸ ਕੁਦਰਤੀ ਆਫ਼ਤ ਕਾਰਨ ਜਿੱਥੇ ਕਈ ਮਹੀਨਿਆਂ ਤੱਕ ਆਮ ਜੀਵਨ ਪ੍ਰਭਾਵਿਤ ਰਿਹਾ, ਉੱਥੇ ਹੀ ਸਕੂਲਾਂ ਦੀਆਂ ਇਮਾਰਤਾਂ ਨੂੰ ਵੀ ਭਾਰੀ ਨੁਕਸਾਨ ਝੇਲਣਾ ਪਿਆ। ਇਸ ਪ੍ਰਸੰਗ ਵਿੱਚ ਰੋਟਰੀ ਇੰਟਰਨੈਸ਼ਨਲ ਨੇ ਪਿੰਡ ਧੀਰਾਘਰਾ ਅਤੇ ਰੁਕਣੇ ਵਾਲਾ ਦੇ ਸਰਕਾਰੀ ਸਕੂਲਾਂ ਵਿੱਚ ਬਾੜ੍ਹ ਨਾਲ ਪ੍ਰਭਾਵਿਤ ਟਾਇਲਟ ਬਲਾਕਾਂ ਦਾ ਦੁਬਾਰਾ ਨਿਰਮਾਣ ਕਰਕੇ ਉਨ੍ਹਾਂ ਨੂੰ ਮੁੜ ਸਕੂਲਾਂ ਨੂੰ ਸਮਰਪਿਤ ਕੀਤਾ।ਇਸ ਤੋਂ ਪਹਿਲਾਂ ਵੀ ਰੋਟਰੀ ਵੱਲੋਂ ਬਾੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਮਹੱਤਵਪੂਰਨ ਸੇਵਾ ਕਾਰਜ ਕੀਤੇ ਗਏ। ਲਗਭਗ 10 ਲੱਖ ਰੁਪਏ ਦੀ ਰਕਮ ਵਿਦਿਆਰਥੀਆਂ ਦੀ ਫੀਸ ਲਈ ਪ੍ਰਦਾਨ ਕੀਤੀ ਗਈ ਅਤੇ ਕਰੀਬ 500 ਕੰਬਲ ਅਤੇ ਲਗਭਗ 100 ਗੱਦੇ ਲੋੜਵੰਦ ਪਰਿਵਾਰਾਂ ਵਿੱਚ ਵੰਡੇ ਗਏ, ਜਿਸ ਨਾਲ ਮੁਸ਼ਕਲ ਸਮੇਂ ਵਿੱਚ ਉਨ੍ਹਾਂ ਨੂੰ ਕਾਫ਼ੀ ਰਾਹਤ ਮਿਲੀ।ਇਸ ਮੌਕੇ ਜ਼ਿਲ੍ਹਾ ਗਵਰਨਰ ਰੋਟੇਰੀਅਨ ਭੂਪੇਸ਼ ਮਹੇਤਾ ਜੀ ਦੇ ਨਾਲ ਪਾਸਟ ਡਿਸਟ੍ਰਿਕਟ ਗਵਰਨਰ ਰੋਟੇਰੀਅਨ ਪ੍ਰੇਮ ਅਗਰਵਾਲ (ਚੇਅਰਮੈਨ, ਰੋਟਰੀ ਫਾਊਂਡੇਸ਼ਨ) ਅਤੇ ਪਾਸਟ ਡਿਸਟ੍ਰਿਕਟ ਗਵਰਨਰ ਰੋਟੇਰੀਅਨ ਵਿਜੇ ਅਰੋੜਾ (ਚੇਅਰਮੈਨ, ਗ੍ਰਾਂਟਸ) ਵਿਸ਼ੇਸ਼ ਤੌਰ ’ਤੇ ਮੌਜੂਦ ਸਨ। ਇਸ ਤੋਂ ਇਲਾਵਾ ਡਿਪਟੀ ਡੀਈਓ ਡਾ. ਸਤਿੰਦਰ ਸਿੰਘ, ਅਸਿਸਟੈਂਟ ਗਵਰਨਰ ਰੋਟੇਰੀਅਨ ਵਿਜੇ ਮੋਂਗਾ, ਸਟੇਟ ਕੋਆਰਡੀਨੇਟਰ ਰਾਕੇਸ਼ ਚਾਵਲਾ, ਕਮਲ ਸ਼ਰਮਾ, ਰੋਟਰੀ ਕਲੱਬ ਫਿਰੋਜ਼ਪੁਰ ਸਿਟੀ ਦੇ ਪ੍ਰਧਾਨ ਅਸ਼ੋਕ ਸ਼ਰਮਾ, ਰੋਟਰੀ ਕਲੱਬ ਫਿਰੋਜ਼ਪੁਰ ਕੈਂਟ ਦੇ ਪ੍ਰਧਾਨ ਰਾਹੁਲ ਕੱਕੜ, ਰੋਟਰੀ ਕਲੱਬ ਫਿਰੋਜ਼ਪੁਰ ਦੇ ਪ੍ਰਧਾਨ ਕਿਰਪਾਲ ਸਿੰਘ ਮੱਕੜ, ਰੋਟਰੀ ਕਲੱਬ ਫਿਰੋਜ਼ਪੁਰ ਡਾਇਮੰਡ ਦੇ ਪ੍ਰਧਾਨ ਹਿੰਮਤ ਗੋਯਲ, ਬੂਟਾ ਸਿੰਘ, ਡਾ. ਸੁਰਿੰਦਰ ਸਿੰਘ ਕਪੂਰ, ਦਿਨੇਸ਼ ਕਟਾਰੀਆ, ਨਰਿੰਦਰ ਕੱਕੜ, ਪ੍ਰਮੋਦ ਕਪੂਰ, ਅਜੈ ਬਜਾਜ, ਨਵੀਨ ਅਰੋੜਾ ਸਮੇਤ ਕਈ ਮਾਣਯੋਗ ਰੋਟੇਰੀਅਨ ਹਾਜ਼ਰ ਸਨ।ਇਸ ਮੌਕੇ ਮੁੱਖ ਅਤਿਥੀ ਜ਼ਿਲ੍ਹਾ ਗਵਰਨਰ ਰੋਟੇਰੀਅਨ ਭੂਪੇਸ਼ ਮਹੇਤਾ ਜੀ ਨੇ ਦੱਸਿਆ ਕਿ ਇਨ੍ਹਾਂ ਟਾਇਲਟ ਬਲਾਕਾਂ ਦੇ ਨਿਰਮਾਣ ਲਈ ਰੋਟਰੀ ਇੰਟਰਨੈਸ਼ਨਲ ਵੱਲੋਂ ਡਿਜਾਸਟਰ ਫੰਡ ਪ੍ਰਾਪਤ ਹੋਇਆ ਸੀ, ਜਿਸ ’ਤੇ ਲਗਭਗ 6 ਲੱਖ ਰੁਪਏ ਖਰਚ ਕੀਤੇ ਗਏ ਹਨ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਫਾਜ਼ਿਲਕਾ ਜ਼ਿਲ੍ਹੇ ਦੇ ਹੋਰ ਸਕੂਲਾਂ ਵਿੱਚ ਵੀ ਇਸ ਤਰ੍ਹਾਂ ਦੇ ਪ੍ਰੋਜੈਕਟ ਜਾਰੀ ਹਨ ਅਤੇ ਭਵਿੱਖ ਵਿੱਚ ਜਿੱਥੇ ਵੀ ਲੋੜ ਪਵੇਗੀ, ਰੋਟਰੀ ਹਰ ਸੰਭਵ ਮਦਦ ਲਈ ਤਿਆਰ ਰਹੇਗੀ।ਅੰਤ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧੀਰਾਘਰਾ ਦੇ ਪ੍ਰਿੰਸਿਪਲ ਗੁਰਵਿੰਦਰ ਸਿੰਘ ਅਤੇ ਸਰਕਾਰੀ ਹਾਈ ਸਕੂਲ ਰੁਕਣੇ ਵਾਲਾ ਦੀ ਪ੍ਰਿੰਸਿਪਲ ਮੋਨਿਕਾ ਮੋਗਾ ਨੇ ਰੋਟਰੀ ਵੱਲੋਂ ਕੀਤੇ ਗਏ ਇਨ੍ਹਾਂ ਸਰਾਹਣਯੋਗ ਕਾਰਜਾਂ ਲਈ ਦਿਲੋਂ ਧੰਨਵਾਦ ਕੀਤਾ।

# ਪੀ.ਐਸ.ਈ.ਬੀ. ਇੰਪਲਾਈਜ਼ ਫੈਡਰੇਸ਼ਨ ਵੱਲੋਂ ਸ਼ਿਕਾਗੋ ਦੇ ਸ਼ਹੀਦਾਂ ਨੂੰ ਸਰਧਾਂਜਲੀ ਭੇਟ; ਕੇਂਦਰ ਤੇ ਪੰਜਾਬ ਸਰਕਾਰ ਦੀਆਂ ਨੀਤੀਆਂ ਵਿਰੁੱਧ ਰੋਸ



ਫਿਰੋਜ਼ਪੁਰ 1 ਮਈ (ਮਨੋਹਰ ਲਾਲ):ਪੀ.ਐਸ.ਈ.ਬੀ. ਇੰਪਲਾਈਜ਼ ਫੈਡਰੇਸ਼ਨ (ਏਟਕ), ਸਬ-ਡਵੀਜ਼ਨ ਫਿਰੋਜ਼ਪੁਰ ਦੇ ਬਿਜਲੀ ਮੁਲਾਜ਼ਮਾਂ ਵੱਲੋਂ ਸਰਕਲ ਪ੍ਰਧਾਨ ਹਰਕੇਸ਼ ਮੈਣੀ ਦੀ ਪ੍ਰਧਾਨਗੀ ਹੇਠ ਸ਼ਿਕਾਗੋ ਦੇ ਸ਼ਹੀਦਾਂ ਨੂੰ ਯਾਦ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਮੁਲਾਜ਼ਮਾਂ ਵੱਲੋਂ ਸਰਕਲ ਦਫ਼ਤਰ ਅਤੇ ਗੇਟ ਅੱਗੇ ਲਾਲ ਝੰਡਾ ਲਹਿਰਾਇਆ ਗਿਆ।ਇਸ ਸਮਾਗਮ ਦੌਰਾਨ ਕੇਂਦਰ ਸਰਕਾਰ, ਪੰਜਾਬ ਸਰਕਾਰ ਅਤੇ ਪਾਵਰਕਾਮ ਦੀ ਮੈਨੇਜਮੈਂਟ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਬਾਰੇ ਚਰਚਾ ਕਰਦਿਆਂ ਦੱਸਿਆ ਗਿਆ ਕਿ ਅੱਜ ਦੇ ਸਮੇਂ ਵਿੱਚ ਮੁਲਾਜ਼ਮਾਂ ਅਤੇ ਮਜ਼ਦੂਰ ਕਿਸਾਨਾਂ ਦੀ ਰੱਜ ਕੇ ਲੁੱਟ ਕੀਤੀ ਜਾ ਰਹੀ ਹੈ।ਆਗੂ ਸਾਥੀਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ 1886 ਵਿੱਚ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਵਿੱਚ ਮਜ਼ਦੂਰਾਂ ਨੇ ਆਪਣੇ ਹੱਕਾਂ ਦੀ ਖਾਤਰ ਸਰਮਾਏਦਾਰਾਂ ਦੇ ਜ਼ਬਰ-ਜ਼ੁਲਮ ਵਿਰੁੱਧ ਆਵਾਜ਼ ਬੁਲੰਦ ਕੀਤੀ ਸੀ। ਉਨ੍ਹਾਂ ਦੀ ਇਸ ਮਹਾਨ ਕੁਰਬਾਨੀ ਸਦਕਾ ਹੀ ਮਜ਼ਦੂਰਾਂ ਨੂੰ ਹੱਕ ਮਿਲੇ ਅਤੇ ਉਦੋਂ ਤੋਂ ਹੀ ਝੰਡੇ ਦਾ ਰੰਗ ਸ਼ਹੀਦਾਂ ਦੇ ਖ਼ੂਨ ਨਾਲ ਲਾਲ ਹੋ ਗਿਆ।ਬੁਲਾਰਿਆਂ ਨੇ ਕਿਹਾ ਕਿ ਅੱਜ ਦੇ ਦੌਰ ਵਿੱਚ ਦੇਸ਼ ਅੰਦਰ ਵਧ ਰਹੀ ਮਹਿੰਗਾਈ, ਭ੍ਰਿਸ਼ਟਾਚਾਰ, ਬੇਰੁਜ਼ਗਾਰੀ ਅਤੇ ਨਿੱਜੀਕਰਨ ਵਰਗੀਆਂ ਚੁਣੌਤੀਆਂ ਨੇ ਆਮ ਲੋਕਾਂ ਦਾ ਜੀਣਾ ਮੁਸ਼ਕਿਲ ਕਰ ਦਿੱਤਾ ਹੈ। ਬਿਜਲੀ ਸੋਧ ਬਿੱਲ ਅਤੇ ਮਜ਼ਦੂਰਾਂ ਦੀ ਲੁੱਟ ਵਿਰੁੱਧ ਇਕਜੁੱਟ ਹੋਣ ਦੀ ਲੋੜ ’ਤੇ ਜ਼ੋਰ ਦਿੱਤਾ ਗਿਆ। ਇਸ ਮੌਕੇ ਮੁੱਖ ਤੌਰ @ਤੇ ਸਰਕਲ ਸਕੱਤਰ ਅਸ਼ਵਨੀ ਕੁਮਾਰ, ਰੋਸ਼ਨ ਲਾਲ, ਤਰਲੋਚਨ ਸਿੰਘ, ਬਲਵੰਤ ਸਿੰਘ, ਅਮੋਲਕ ਸਿੰਘ, ਬਲਵੀਰ ਸਿੰਘ, ਸਤੀਸ਼ ਕੁਮਾਰ, ਪ੍ਰਦੀਪ ਕੁਮਾਰ, ਰਵੀ ਕੁਮਾਰ, ਅਵਤਾਰ ਸਿੰਘ ਅਤੇ ਸੋਨੂੰ ਸਹਿਗਲ ਸਮੇਤ ਕਈ ਆਗੂ ਅਤੇ ਸਾਥੀ ਹਾਜ਼ਰ ਸਨ। ਅੰਤ ਵਿੱਚ ਸਾਰਿਆਂ ਨੇ ਅਹਿਦ ਲਿਆ ਕਿ ਆਪਣੇ ਹੱਕਾਂ ਦੀ ਰਾਖੀ ਲਈ ਲੜਾਈ ਨੂੰ ਹੋਰ ਤੇਜ਼ ਕੀਤਾ ਜਾਵੇਗਾ।

### ਅੰਮ੍ਰਿਤਸਰ ਹਲਕਾ ਪੂਰਬੀ ਅਤੇ ਰੱਈਆ ਤੋਂ ਵੱਖ-ਵੱਖ ਪਾਰਟੀਆਂ ਨੂੰ ਛੱਡਕੇ

# ਵੱਡੀ ਗਿਣਤੀ 'ਚ ਅਕਾਲੀ ਦਲ ਵਾਰਿਸ ਪੰਜਾਬ 'ਚ ਸ਼ਾਮਿਲ ਹੋਏ ਵਰਕਰ




**ਅੰਮ੍ਰਿਤਸਰ, 1 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਰ ਵਿੱਚ ਵੱਧ ਰਹੇ ਪੰਥਕ ਪ੍ਰਭਾਵ ਦੇ ਚਲਦੇ ਅੱਜ ਅੰਮ੍ਰਿਤਸਰ ਹਲਕਾ ਪੂਰਬੀ ਅਤੇ ਰੱਈਆ ਤੋਂ ਵੱਡੀ ਗਿਣਤੀ ਵਿੱਚ ਵਰਕਰ ਵੱਖ-ਵੱਖ ਪਾਰਟੀਆਂ ਨੂੰ ਛੱਡਕੇ ਅਕਾਲੀ ਦਲ ਵਾਰਿਸ ਪੰਜਾਬ ਦੇ 'ਚ ਸ਼ਾਮਿਲ ਹੋਏ। ਪਾਰਟੀ ਦੇ ਸਿਧਾਂਤਾਂ ਅਤੇ ਪੰਥਕ ਏਜੰਡੇ ਨਾਲ ਪ੍ਰਭਾਵਿਤ ਹੋ ਕੇ ਸ਼ਾਮਿਲ ਹੋਏ ਲੋਕਾਂ ਨੇ ਭਰੋਸਾ ਦਿਵਾਇਆ ਕਿ ਉਹ ਪੰਥ ਅਤੇ ਪੰਜਾਬ ਦੇ ਹੱਕਾਂ ਦੀ ਲੜਾਈ ਵਿੱਚ ਪਾਰਟੀ ਨਾਲ ਕਦਮ-ਦਰ-ਕਦਮ ਚੱਲਣਗੇ। ਇਹ ਸ਼ਮੂਲੀਅਤ ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖ ਦਫ਼ਤਰ ਸਕੱਤਰ ਭਾਈ ਪ੍ਰਗਟ ਸਿੰਘ ਮੀਆਂਵਿੰਡ, ਭਾਈ ਸਰਬਜੀਤ ਸਿੰਘ ਖ਼ਾਨਪੁਰ ਹਲਕਾ ਇੰਚਾਰਜ ਬਾਬਾ ਬਕਾਲਾ ਅਤੇ ਮੀਡੀਆ ਇੰਚਾਰਜ ਭਾਈ ਸ਼ਮਸ਼ੇਰ ਸਿੰਘ ਪੱਧਰੀ ਦੀ ਅਗਵਾਈ ਹੇਠ ਕਰਵਾਈ ਗਈ। ਇਕ ਪ੍ਰੈਸ ਨੋਟ ਰਾਹੀਂ ਜਾਣਕਾਰੀ ਮਿਲੀ ਕਿ ਇਸ ਮੌਕੇ ਤਿੰਨਾਂ ਆਗੂਆਂ ਨੇ ਨਵੇਂ ਸਾਥੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਪਾਰਟੀ ਦਿਨੋਂ-ਦਿਨ ਮਜ਼ਬੂਤ ਹੋ ਰਹੀ ਹੈ ਅਤੇ ਲੋਕਾਂ ਦਾ ਵੱਧਦਾ ਭਰੋਸਾ ਇਸ ਗੱਲ ਦਾ ਸਬੂਤ ਹੈ ਕਿ ਪੰਜਾਬ ਵਿੱਚ ਇਕ ਨਵਾਂ ਅਤੇ ਸੱਚਾ ਰਾਜਨੀਤਿਕ ਵਿਕਲਪ ਤਿਆਰ ਹੋ ਰਿਹਾ ਹੈ। ਇਸ ਮੌਕੇ ਪਾਰਟੀ ਵਿੱਚੋਂ ਭਾਈ ਦਯਾ ਸਿੰਘ ਜੀ, ਭਾਈ ਜੁਗਰਾਜ ਸਿੰਘ ਨਰਾਇਣਗੜ੍ਹ, ਭਾਈ ਹਰਕਮਲਪ੍ਰੀਤ ਸਿੰਘ, ਜਥੇਦਾਰ ਹਰਪ੍ਰੀਤ ਸਿੰਘ, ਭਾਈ ਗੁਰਪ੍ਰੀਤ ਸਿੰਘ ਕੰਮੋਕੇ, ਭਾਈ ਸਤਨਾਮ ਸਿੰਘ ਮੀਆਂਵਿੰਡ ਅਤੇ ਕੈਪਟਨ ਗੁਰਮੁੱਖ ਸਿੰਘ ਵੀ ਹਾਜਰ ਸਨ। ਭਾਈ ਖਾਨਪੁਰ, ਮੀਆਂਵਿੰਡ ਅਤੇ ਪੱਧਰੀ ਨੇ ਸਾਂਝੇ ਤੌਰ ਤੇ ਕਿਹਾ ਕਿ ਸੰਗਤ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਲਈ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ, ਜੋ ਸਾਫ ਦਰਸਾਉਂਦਾ ਹੈ ਕਿ ਲੋਕ ਹੁਣ ਰਵਾਇਤੀ ਪਾਰਟੀਆਂ ਤੋਂ ਨਿਰਾਸ਼ ਹੋ ਚੁੱਕੇ ਹਨ ਅਤੇ ਇਕ ਪੰਥਕ ਤੇ ਲੋਕਹਿੱਤ ਦੀ ਸਿਆਸਤ ਵੱਲ ਵਧ ਰਹੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਨੌਜਵਾਨਾਂ ਦੇ ਭਵਿੱਖ, ਪੰਜਾਬ ਦੇ ਹੱਕਾਂ ਅਤੇ ਸਿੱਖ ਕੌਮ ਦੀ ਅਸਲੀ ਨੁਮਾਇੰਦਗੀ ਲਈ ਸੰਘਰਸ਼ ਕਰ ਰਹੀ ਹੈ। ਅੰਤ ਵਿੱਚ ਆਗੂਆਂ ਨੇ ਕਿਹਾ ਕਿ ਇਹ ਸ਼ਮੂਲੀਅਤ ਦਾ ਸਿਲਸਿਲਾ ਲਗਾਤਾਰ ਜਾਰੀ ਰਹੇਗਾ ਅਤੇ ਆਉਣ ਵਾਲੇ ਸਮੇਂ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਪੰਜਾਬ ਦੀ ਮਜ਼ਬੂਤ ਆਵਾਜ਼ ਵਜੋਂ ਉਭਰੇਗੀ। ਸ਼ਾਮਿਲ ਹੋਣ ਵਾਲੇ ਪ੍ਰਮੁੱਖ ਵਿਅਕਤੀ ਭਾਈ ਕਰਨਦੀਪ ਸਿੰਘ, ਗੁਰਪ੍ਰੀਤ ਸਿੰਘ, ਕ੍ਰਿਸ਼ਨ ਸਿੰਘ, ਤੇਜਿੰਦਰ ਸਿੰਘ, ਤੇਜਿੰਦਰ ਸਿੰਘ ਬਾਊ, ਰਣਬੀਰ ਸਿੰਘ, ਬਿਕਰਮ ਸਿੰਘ, ਇੰਦਰਵੀਰ ਸਿੰਘ, ਰਾਹੁਲ, ਅਰਜੁਨ ਸਿੰਘ, ਪ੍ਰਭ ਸਿਮਰਨ ਸਿੰਘ, ਮਨਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਆਰਵ, ਅਮਰਜੀਤ ਸਿੰਘ, ਅਮਨਦੀਪ ਸਿੰਘ, ਆਰਵ, ਪ੍ਰਭਦੀਪ ਸਿੰਘ, ਅਮਨਦੀਪ ਸਿੰਘ, ਦਰਸ਼ਨ ਸਿੰਘ, ਸੁਖਦੇਵ ਸਿੰਘ, ਅੰਸ਼ਜੋਤ ਸਿੰਘ, ਅਜੇਪਾਲ ਸਿੰਘ, ਜਸਵਿੰਦਰ ਸਿੰਘ, ਪ੍ਰਿੰਸ, ਦਿਲਪ੍ਰੀਤ ਸਿੰਘ ਅੰਮ੍ਰਿਤਸਰ ਹਲਕਾ ਪੂਰਬੀ ਤੋਂ ਅਤੇ ਡਾਕਟਰ ਸੁਰਜੀਤ ਸਿੰਘ ਕਾਂਗਰਸ ਦੇ ਜੋਇੰਟ ਜਰਨਲ ਸਕੱਤਰ, ਲਾਲ ਬਹਾਦਰ ਸਿੰਘ, ਡਾ: ਮਨਜੀਤ ਸਿੰਘ, ਮਲਕੀਤ ਸਿੰਘ, ਫਲਪ੍ਰੀਤ ਸਿੰਘ, ਸ਼ਮਸ਼ੇਰ ਸਿੰਘ, ਪਰਮਜੀਤ ਸਿੰਘ, ਸਰਵਣ ਸਿੰਘ ਅਤੇ ਬੂਟਾ ਸਿੰਘ ਸਾਰੇ ਰੱਈਆ ਤੋਂ ਹਾਜ਼ਰ ਸਨ।

**ਅਕਾਲੀ ਦਲ ਵਾਰਿਸ ਪੰਜਾਬ ਦੇ ਨੂੰ ਲੈਕੇ ਸੰਗਤ ਵਿੱਚ ਭਾਰੀ ਉਤਸ਼ਾਹ : ਖ਼ਾਨਪੁਰ, ਮੀਆਂਵਿੰਡ ਅਤੇ ਪੱਧਰੀ**

ਆਵਾਜ਼ਿ ਕੌਮ AWAZE QAUM International Newspaper & WEB TV

### ਪ੍ਰਸਿੱਧ ਕਵੀਸ਼ਰ ਅਤੇ ਲੇਖਕ ਗਿਆਨੀ ਪ੍ਰੀਤ ਸਿੰਘ ਸੰਦਲ ਮਕਸੂਦੜਾ ਦੀ ਮੌਤ ਤੇ ਸੋਗ ਦੀ ਲਹਿਰ

# ਲੋਕ ਅਤੇ ਲਿਖਾਰੀ ਕਵੀਸ਼ਰ ਸਭਾ ਪੰਜਾਬ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ



**ਲੁਧਿਆਣਾ- (ਵਰਿਆਮ ਹਠੂਰ)**-ਕਵੀਸ਼ਰੀ ਕਲਾ ਵਿੱਚ ਆਪਣਾ ਨਾਮ ਚਮਕਾਉਣ ਵਾਲੇ ਅਤੇ ਪੰਜਾਬ ਦੀਆਂ ਛੋਟੀਆਂ ਤੋਂ ਲੈਕੇ ਵੱਡੀਆਂ ਸਟੇਜਾਂ ਤੋਂ ਸਨਮਾਨਿਤ ਹੋਣ ਵਾਲੇ ਸ਼ਿਹਣਸੀਲਤਾ ਦੀ ਮੂਰਤ, ਮਿਲਾਪੜ੍ਹੇ ਸੁਭਾਅ ਦੇ ਮਾਲਕ, ਅਤੇ ਹਰ ਇੱਕ ਨਾਲ ਅੱਛਾ ਰਸੂਖ ਰੱਖਣ ਵਾਲੇ ਇਨਸਾਨ, ਲੋਕ ਅਤੇ ਲਿਖਾਰੀ ਕਵੀਸ਼ਰ ਸਭਾ ਪੰਜਾਬ ਦੇ ਪ੍ਰਧਾਨ ਵਜੋਂ ਸੇਵਾਵਾਂ ਨਿਭਾਉਣ ਵਾਲੇ ਪ੍ਰਸਿੱਧ ਕਵੀਸ਼ਰ ਅਤੇ ਲੇਖਕ ਗਿਆਨੀ ਪ੍ਰੀਤ ਸਿੰਘ ਸੰਦਲ ਮਕਸੂਦੜਾ ਦੀ ਬੇਵਕਤੀ ਮੌਤ ਨਾਲ ਕਵੀਸ਼ਰ ਭਾਈਚਾਰੇ ਅਤੇ ਕਵੀਸ਼ਰੀ ਕਲਾ ਨੂੰ ਪਿਆਰ ਕਰਨ ਵਾਲਿਆਂ ਵਿੱਚ ਸੋਗ ਦੀ ਲਹਿਰ ਹੈ। ਉਨ੍ਹਾਂ ਦਾ ਅੰਤਿਮ ਸੰਸਕਾਰ ਉਨ੍ਹਾਂ ਦੇ ਪਿੰਡ ਮਕਸੂਦੜਾ ਤਹਿਸੀਲ ਪਾਇਲ ਜਿਲ੍ਹਾ (ਲੁਧਿਆਣਾ) ਦੇ ਸਮਸਾਨਘਾਟ ਵਿੱਚ ਕਰ ਦਿੱਤਾ ਗਿਆ, ਜਿੱਥੇ ਉਨ੍ਹਾਂ ਨੂੰ ਪਰਿਵਾਰਕ ਮੈਂਬਰਾਂ, ਰਿਸਤੇਦਾਰਾਂ, ਮਿੱਤਰਾਂ, ਕਵੀਸ਼ਰਾਂ, ਅਤੇ ਬਹੁ ਗਿਣਤੀ ਨਗਰ ਨਿਵਾਸੀਆਂ ਨੇ ਸੇਜਲ ਅੱਖਾਂ ਨਾਲ ਅੰਤਿਮ ਵਿਧਾਇਗੀ ਦਿੱਤੀ, ਗੱਲਬਾਤ ਕਰਦਿਆਂ ਲੇਖਕ ਅਤੇ ਕਵੀਸ਼ਰ ਵਾਹਿਗੁਰੂ ਪਾਲ ਸਿੰਘ ਬੁਰਜ ਕਲਾਰਾ ਨੇ ਕਿਹਾ ਕਿ ਲੇਖਕ ਅਤੇ ਪ੍ਰਸਿੱਧ ਕਵੀਸ਼ਰ ਗਿਆਨੀ ਪ੍ਰੀਤ ਸਿੰਘ ਸੰਦਲ ਮਕਸੂਦੜਾ ਦੀ ਬੇਵਕਤੀ ਮੌਤ ਨੇ ਸਭ ਨੂੰ ਝਿੰਜੋੜ ਕੇ ਰੱਖ ਦਿੱਤਾ ਹੈ। ਤੇ ਕਵੀਸ਼ਰ ਜਗਤ ਵਿੱਚ ਹਰ ਪਾਸੇ ਸੋਗ ਦੀ ਲਹਿਰ ਹੈ। ਕਵੀਸ਼ਰੀ ਕਲਾ ਰਾਹੀਂ ਬੜੇ ਲੰਬੇ ਸਮੇਂ ਤੋਂ ਸੰਗਤਾਂ ਲਈ ਹਰਮਨ ਪਿਆਰੇ ਬਣ ਕੇ ਦਿਲ ਮੋਹ ਲੈਣ ਵਾਲੇ ਕਵੀਸ਼ਰ ਅਤੇ ਲੇਖਕ ਗਿਆਨੀ ਪ੍ਰੀਤ ਸਿੰਘ ਸੰਦਲ ਦੀ ਮੌਤ ਨਾਲ ਪਰਿਵਾਰ ਸਮੇਤ ਕਵੀਸ਼ਰ ਜਗਤ ਅਤੇ ਕਵੀਸ਼ਰੀ ਕਲਾ ਨੂੰ ਪਿਆਰ ਕਰਨ ਵਾਲਿਆਂ ਨੂੰ ਕਦੇ ਵੀ ਨਾਂ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਕਵੀਸ਼ਰ ਅਤੇ ਲੇਖਕ ਗਿਆਨੀ ਪ੍ਰੀਤ ਸਿੰਘ ਸੰਦਲ ਦੀ ਘਾਟ ਪਰਿਵਾਰ ਅਤੇ ਕਵੀਸ਼ਰ ਜਗਤ ਨੂੰ ਹਮੇਸ਼ਾਂ ਰੱਸੀ ਵਿੱਚ ਗੰਢ ਦੀ ਤਰ੍ਹਾਂ ਰੜ੍ਹਕਦੀ ਰਹੇਗੀ। ਪ੍ਰਮਾਤਮਾ ਹਮੇਸ਼ਾਂ ਲਈ ਵਿੱਛੜੀ ਰੂਹ ਨੂੰ ਆਪਣਾ ਚਰਨਾਂ ਵਿੱਚ ਨਿਵਾਸ ਸਥਾਨ ਬਖਸ਼ੇ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ। ਕਵੀਸ਼ਰ ਅਤੇ ਲੇਖਕ ਗਿਆਨੀ ਪ੍ਰੀਤ ਸਿੰਘ ਸੰਦਲ ਦੀ ਮੌਤ ਤੇ ਸਮਾਜ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ ਹਠੂਰ, ਜੱਥੇਦਾਰ ਗੁਰਜੀਵਨ ਸਿੰਘ ਸਰੌਦ, ਪ੍ਰਧਾਨ ਵਾਹਿਗੁਰੂ ਪਾਲ ਸਿੰਘ ਬੁਰਜ ਕਲਾਰਾ, ਕਵੀਸ਼ਰ ਉਮਕਾਰ ਸਿੰਘ ਮਾਝੀ, ਕਵੀਸ਼ਰ ਕ੍ਰਿਸ਼ਨ ਸਿੰਘ ਨਿਰਮਾਣਾ, ਪ੍ਰਿੰਸੀਪਲ ਭੁਪਿੰਦਰ ਪਾਲ ਰਿਸੀ ਵੈਦ ਸਿਵ ਕੁਮਾਰ ਮੌੜ, ਬਲਦੇਵ ਸਿੰਘ ਬੱਲੂ, ਜਗਦੇਵ ਸਿੰਘ ਕਲਾਲਾ, ਬਲਿਹਾਰ ਸਿੰਘ ਗੋਬਿੰਦਗੜੀਆ, ਕਵੀਸ਼ਰ ਕੁਲਵੰਤ ਸਿੰਘ ਮਾਣੂੰਕੇ, ਕਵੀਸ਼ਰ ਮਨਪ੍ਰੀਤ ਸਿੰਘ ਮਾਨ ਦੌਧਰ, ਤਰਸੇਮ ਸਿੰਘ ਦੌਧਰ, ਜੋਗਿੰਦਰ ਸਿੰਘ ਦੌਧਰ, ਕਵੀਸ਼ਰ ਲਖਵੀਰ ਤਖਤੂਪੁਰਾ, ਇਕਬਾਲ ਬਰਾੜ ਰਾਜ ਬਰਾੜ, ਪਰਮਜੀਤ ਸਿੰਘ, ਬਲਦੇਵ ਸਿੰਘ ਸਮਾਧ, ਮਨਜੀਤ ਸਿੰਘ ਲਾਡੀ, ਭੈਣ ਨਰਿੰਦਰ ਕੌਰ ਰਾਣੀ, ਕਵੀਸ਼ਰ ਭਾਈ ਰਾਜਵਿੰਦਰ ਸਿੰਘ ਮੱਲ੍ਹੀ, ਜਗਤਾਰ ਸਿੰਘ ਘੁਡਾਣੀ, ਕਵੀਸ਼ਰ ਸਿਆਮ ਦਾਸ ਭੱਟੀ ਵਾਲ, ਗੁਰਵਿੰਦਰ ਸਿੰਘ ਕੁੱਸਾ, ਗੁਰਪ੍ਰੀਤ ਸਿੰਘ, ਢਾਡੀ ਪ੍ਰੇਮ ਸਿੰਘ ਪਦਮ, ਜਗਦੀਪ ਸਿੰਘ, ਮਿਸਤਰੀ ਪਰਮਜੀਤ ਸਿੰਘ ਬੁਰਜ ਕਲਾਰਾ, ਆੜ੍ਹਤੀਆ ਅਵਤਾਰ ਸਿੰਘ ਕਲੇਰ ਹਠੂਰ, ਪ੍ਰਧਾਨ ਅਮਰਪ੍ਰੀਤ ਸਿੰਘ ਲਾਡੀ ਹਠੂਰ, ਡਾਇਰੈਕਟਰ ਬਲਜੀਤ ਸਿੰਘ ਹਠੂਰ, ਸਮੇਤ ਰੀਅਲ ਮਿਕਸ ਨਿਊਜ਼ ਦੀ ਟੀਮ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਰਾਜਨੀਤਿਕ ਹਿੱਤਾਂ ਲਈ ਪੰਥਕ ਜਜ਼ਬਾਤਾਂ ਨਾਲ ਖੇਡਣਾ ਬੰਦ ਕਰਨ ਰੰਧਾਵਾ: ਹਰਭਜਨ ਸਿੰਘ ਬਹੋਨਾ



ਨਿਹਾਲ ਸਿੰਘ ਵਾਲਾ: ਪਿਛਲੇ ਦਿਨੀਂ ਕਾਂਗਰਸ ਦੇ ਸੀਨੀਅਰ ਆਗੂ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਦੀ ਐਨ.ਐਸ.ਏ. ਟੁੱਟਣ ਦੇ ਵਿਰੋਧ ਵਿੱਚ ਦਿੱਤੇ ਗਏ ਬਿਆਨ ਨੇ ਪੰਜਾਬ ਦੇ ਲੋਕਾਂ ਵਿੱਚ ਭਾਰੀ ਰੋਸ ਪੈਦਾ ਕਰ ਦਿੱਤਾ ਹੈ। ਇਸ ਬਿਆਨ 'ਤੇ ਤਿੱਖਾ ਪ੍ਰਤੀਕਰਮ ਦਿੰਦਿਆਂ ਹਲਕਾ ਨਿਹਾਲ ਸਿੰਘ ਵਾਲਾ ਦੇ ਪ੍ਰਮੁੱਖ ਸ਼ਖ਼ਸੀਅਤ ਹਰਭਜਨ ਸਿੰਘ ਬਹੋਨਾ ਨੇ ਕਿਹਾ ਕਿ ਅਜਿਹੇ ਬਿਆਨ ਸਿਰਫ਼ ਰਾਜਨੀਤਿਕ ਰੋਟੀਆਂ ਸੇਕਣ ਲਈ ਦਿੱਤੇ ਜਾ ਰਹੇ ਹਨ, ਜੋ ਪੰਜਾਬ ਦੀ ਅਮਨ-ਸ਼ਾਂਤੀ ਅਤੇ ਸਿੱਖ ਨੌਜਵਾਨੀ ਦੇ ਭਵਿੱਖ ਲਈ ਘਾਤਕ ਹਨ। ਹਰਭਜਨ ਸਿੰਘ ਬਹੋਨਾ ਨੇ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਇੱਕ ਚੁਣੇ ਹੋਏ ਲੋਕ ਸਭਾ ਮੈਂਬਰ ਹਨ, ਜਿਨ੍ਹਾਂ ਨੂੰ ਖਡੂਰ ਸਾਹਿਬ ਦੇ ਲੱਖਾਂ ਲੋਕਾਂ ਨੇ ਭਾਰੀ ਫਤਵਾ ਦੇ ਕੇ ਜਿਤਾਇਆ ਹੈ। ਲੋਕਤੰਤਰ ਵਿੱਚ ਜਨਤਾ ਦੀ ਰਾਏ ਸਭ ਤੋਂ ਉੱਪਰ ਹੁੰਦੀ ਹੈ, ਪਰ ਸੁਖਜਿੰਦਰ ਸਿੰਘ ਰੰਧਾਵਾ ਵਰਗੇ ਆਗੂ ਇਸ ਜਨ-ਮਤ ਦਾ ਨਿਰਾਦਰ ਕਰ ਰਹੇ ਹਨ। ਬਹੋਨਾ ਨੇ ਸਵਾਲ ਕੀਤਾ ਕਿ ਜਦੋਂ ਅਦਾਲਤੀ ਪ੍ਰਕਿਰਿਆਵਾਂ ਅਤੇ ਕਾਨੂੰਨੀ ਮਾਹਿਰ ਐਨ.ਐਸ.ਏ. ਵਰਗੇ ਕਾਲੇ ਕਾਨੂੰਨਾਂ ਨੂੰ ਗੈਰ-ਸੰਵਿਧਾਨਕ ਦੱਸ ਰਹੇ ਹਨ, ਤਾਂ ਰੰਧਾਵਾ ਨੂੰ ਇਸ ਦੇ ਹਟਣ 'ਤੇ ਤਕਲੀਫ਼ ਕਿਉਂ ਹੋ ਰਹੀ ਹੈ। ਆਪਣੇ ਬਿਆਨ ਵਿੱਚ ਹਰਭਜਨ ਸਿੰਘ ਬਹੋਨਾ ਨੇ ਕਾਂਗਰਸ ਪਾਰਟੀ ਦੇ ਇਤਿਹਾਸ 'ਤੇ ਚੋਟ ਕਰਦਿਆਂ ਕਿਹਾ ਕਿ ਕਾਂਗਰਸ ਨੇ ਹਮੇਸ਼ਾ ਹੀ ਪੰਜਾਬ ਦੇ ਹੱਕਾਂ ਨੂੰ ਦਬਾਇਆ ਹੈ। ਰੰਧਾਵਾ ਦਾ ਇਹ ਬਿਆਨ ਸਾਬਤ ਕਰਦਾ ਹੈ ਕਿ ਕਾਂਗਰਸ ਅੱਜ ਵੀ ਸਿੱਖ ਨੌਜਵਾਨਾਂ ਨੂੰ ਜੇਲ੍ਹਾਂ ਵਿੱਚ ਡੱਕ ਕੇ ਦੇਖਣ ਦੀ ਇੱਛਾ ਰੱਖਦੀ ਹੈ। ਉਨ੍ਹਾਂ ਕਿਹਾ ਕਿ ਇੱਕ ਪਾਸੇ ਕਾਂਗਰਸ ਸੰਵਿਧਾਨ ਬਚਾਉਣ ਦੀਆਂ ਗੱਲਾਂ ਕਰਦੀ ਹੈ ਅਤੇ ਦੂਜੇ ਪਾਸੇ ਉਨ੍ਹਾਂ ਲੋਕਾਂ ਦੀ ਰਿਹਾਈ ਦਾ ਵਿਰੋਧ ਕਰ ਰਹੀ ਹੈ ਜਿਨ੍ਹਾਂ ਨੂੰ ਬਿਨਾਂ ਕਿਸੇ ਸਾਬਤ ਹੋਏ ਜੁਰਮ ਦੇ ਦੂਰ-ਦੁਰਾਡੇ ਦੀਆਂ ਜੇਲ੍ਹਾਂ (ਡਿਬੂਰਗੜ੍ਹ) ਵਿੱਚ ਬੰਦ ਰੱਖਿਆ ਗਿਆ ਹੈ। ਬਹੋਨਾ ਨੇ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਨੇ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਇੱਕ ਵੱਡੀ ਮੁਹਿੰਮ ਵਿੱਢੀ ਸੀ, ਜਿਸ ਨਾਲ ਹਜ਼ਾਰਾਂ ਨੌਜਵਾਨ ਸਿੱਖੀ ਸਰੂਪ ਵਿੱਚ ਵਾਪਸ ਆਏ ਅਤੇ ਨਸ਼ਿਆਂ ਦਾ ਤਿਆਗ ਕੀਤਾ। ਰੰਧਾਵਾ ਵਰਗੇ ਆਗੂਆਂ ਨੂੰ ਸ਼ਾਇਦ ਇਹ ਗੱਲ ਹਜ਼ਮ ਨਹੀਂ ਹੋ ਰਹੀ ਕਿ ਪੰਜਾਬ ਦੀ ਜਵਾਨੀ ਜਾਗਰੂਕ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ 'ਤੇ ਨਕੇਲ ਪਾਉਣ ਦੀ ਬਜਾਏ, ਪੰਥਕ ਪ੍ਰਚਾਰਕਾਂ ਵਿਰੁੱਧ ਬਿਆਨਬਾਜ਼ੀ ਕਰਨਾ ਮੰਦਭਾਗਾ ਹੈ। ਸਮਾਜਿਕ ਭਾਈਚਾਰੇ ਨੂੰ ਖ਼ਤਰਾ ਹਰਭਜਨ ਸਿੰਘ ਬਹੋਨਾ ਨੇ ਚੇਤਾਵਨੀ ਦਿੱਤੀ ਕਿ ਅਜਿਹੇ ਭੜਕਾਊ ਬਿਆਨ ਪੰਜਾਬ ਦੇ ਭਾਈਚਾਰਕ ਸਾਂਝ ਨੂੰ ਖ਼ਰਾਬ ਕਰ ਸਕਦੇ ਹਨ। ਉਨ੍ਹਾਂ ਸੁਖਜਿੰਦਰ ਸਿੰਘ ਰੰਧਾਵਾ ਨੂੰ ਨਸੀਹਤ ਦਿੱਤੀ ਕਿ ਉਹ ਪੰਜਾਬ ਦੇ ਅਸਲ ਮੁੱਦਿਆਂ ਜਿਵੇਂ ਬੇਰੁਜ਼ਗਾਰੀ, ਕਿਸਾਨੀ ਸੰਕਟ ਅਤੇ ਨਸ਼ਿਆਂ 'ਤੇ ਬੋਲਣ, ਨਾ ਕਿ ਉਨ੍ਹਾਂ ਨੌਜਵਾਨਾਂ ਦੇ ਰਾਹ ਵਿੱਚ ਰੋੜਾ ਬਣਨ ਜੋ ਕਾਨੂੰਨੀ ਲੜਾਈ ਲੜ ਕੇ ਬਾਹਰ ਆ ਰਹੇ ਹਨ। ਅੰਤ ਵਿੱਚ ਹਰਭਜਨ ਸਿੰਘ ਬਹੋਨਾ ਨੇ ਸਪੱਸ਼ਟ ਕੀਤਾ ਕਿ ਹਲਕਾ ਨਿਹਾਲ ਸਿੰਘ ਵਾਲਾ ਅਤੇ ਸਮੁੱਚੇ ਪੰਜਾਬ ਦੇ ਸੂਝਵਾਨ ਲੋਕ ਅਜਿਹੀਆਂ ਪੱਖਪਾਤੀ ਨੀਤੀਆਂ ਨੂੰ ਕਦੇ ਬਰਦਾਸ਼ਤ ਨਹੀਂ ਕਰਨਗੇ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਨੂੰ ਸਾਰੇ ਬੰਦੀ ਸਿੰਘਾਂ ਦੀ ਰਿਹਾਈ ਲਈ ਸੁਹਿਰਦ ਹੋਣਾ ਚਾਹੀਦਾ ਹੈ ਅਤੇ ਰੰਧਾਵਾ ਵਰਗੇ ਆਗੂਆਂ ਨੂੰ ਆਪਣੇ ਸ਼ਬਦ ਵਾਪਸ ਲੈ ਕੇ ਪੰਜਾਬੀਆਂ ਤੋਂ ਮੁਆਫ਼ੀ ਮੰਗਣੀ ਚਾਹੀਦੀ ਹੈ। ਇਹ ਬਿਆਨ ਸਿਰਫ਼ ਇੱਕ ਵਿਅਕਤੀ ਦਾ ਵਿਰੋਧ ਨਹੀਂ, ਸਗੋਂ ਪੰਜਾਬ ਦੀ ਅਣਖ ਅਤੇ ਇਨਸਾਫ਼ ਦੀ ਆਵਾਜ਼ ਹੈ, ਜਿਸ ਨੂੰ ਦਬਾਇਆ ਨਹੀਂ ਜਾ ਸਕਦਾ।

# ਦਿੱਲੀ ਗੁਰਦੁਆਰਾ ਕਮੇਟੀ ਵਲੋਂ ਵਿਦਿਆਰਥੀਆਂ ਲਈ ਕਰੀਅਰ ਗਾਈਡੈਂਸ ਮੇਲਾ ਆਯੋਜਿਤ





**ਨਵੀਂ ਦਿੱਲੀ, 1 ਮਈ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ (ਡੀਐਸਜੀਐਮਸੀ) ਨੇ ਅੱਜ ਗੁਰਦੁਆਰਾ ਰਕਾਬਗੰਜ ਸਾਹਿਬ ਕੰਪਲੈਕਸ ਦੇ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਖੇ ਵਿਦਿਆਰਥੀਆਂ ਲਈ ਇੱਕ ਕਰੀਅਰ ਗਾਈਡੈਂਸ ਮੇਲਾ ਆਯੋਜਿਤ ਕੀਤਾ ਜਿਸਦਾ ਉਦਘਾਟਨ ਕੈਬਨਿਟ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਡੀਐਸਜੀਐਮਸੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਅਤੇ ਹੋਰ ਪਤਵੰਤਿਆਂ ਦੀ ਮੌਜੂਦਗੀ ਵਿੱਚ ਕੀਤਾ। ਮਨਜਿੰਦਰ ਸਿੰਘ ਸਿਰਸਾ ਨੇ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਦੇ ਇਕੱਠ ਨੂੰ ਸੰਬੋਧਨ ਕਰਦੇ ਹੋਏ, ਡੀਐਸਜੀਐਮਸੀ ਦੇ 9ਵੀਂ, 10ਵੀਂ, 11ਵੀਂ ਅਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਲਈ ਅਜਿਹੇ ਮੇਲੇ ਆਯੋਜਿਤ ਕਰਨ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੇ ਕੈਂਪ ਮੌਜੂਦਾ ਸਮੇਂ ਵਿੱਚ ਕੀਮਤੀ ਮੰਚ ਹਨ ਜਿੱਥੇ ਵਿਦਿਆਰਥੀ ਤੇਜ਼ੀ ਨਾਲ ਬਦਲਦੇ ਸਮੇਂ ਅਨੁਸਾਰ ਆਪਣੇ ਜੀਵਨ ਦੇ ਟੀਚਿਆਂ ਨੂੰ ਪ੍ਰਾਪਤ ਕਰਨਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਸਾਡੀ ਵੱਡੀ ਨੌਜਵਾਨ ਪੀੜ੍ਹੀ ਸੋਚਦੀ ਹੈ ਕਿ ਜੇਕਰ ਉਨ੍ਹਾਂ ਨੂੰ ਚੰਗੀ ਅਗਵਾਈ ਮਿਲਦੀ ਹੈ, ਤਾਂ ਉਹ ਅਸਮਾਨ ਨੂੰ ਛੂਹਣ ਵਾਲੇ ਆਪਣੇ ਟੀਚਿਆਂ ਨੂੰ ਪ੍ਰਾਪਤ ਕਰ ਸਕਦੇ ਹਨ। ਇਸ ਮੌਕੇ ਹਰਮੀਤ ਸਿੰਘ ਕਾਲਕਾ ਅਤੇ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਇਸ ਮੇਲੇ ਵਿੱਚ ਲਗਭਗ 70 ਸੰਸਥਾਵਾਂ ਨੇ ਵਿਦਿਆਰਥੀਆਂ ਦਾ ਮਾਰਗਦਰਸ਼ਨ ਕਰਨ ਲਈ ਕੈਂਪ ਲਗਾਏ ਹਨ। ਡੀਐਸਜੀਐਮਸੀ ਪਿਛਲੇ ਤਿੰਨ ਸਾਲਾਂ ਤੋਂ ਅਜਿਹੇ ਕੈਂਪ ਲਗਾ ਰਹੀ ਹੈ ਅਤੇ ਹਰ ਸਾਲ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਦੀ ਗਿਣਤੀ ਵੱਧ ਰਹੀ ਹੈ। ਉਨ੍ਹਾਂ ਕਿਹਾ ਕਿ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀ ਜੀਵਨ ਦੇ ਕਰੀਅਰ ਵਿੱਚ ਆਪਣੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਮਾਰਗਦਰਸ਼ਨ ਪ੍ਰਾਪਤ ਕਰਨ ਲਈ ਹਿੱਸਾ ਲੈਂਦੇ ਹਨ। ਉਨ੍ਹਾਂ ਨੇ ਸਿੱਖਿਆ ਕਮੇਟੀ ਦੇ ਚੇਅਰਮੈਨ ਕੁਲਤਰਨ ਸਿੰਘ ਕੋਚਰ ਅਤੇ ਇਸ ਮੇਲੇ ਦੇ ਆਯੋਜਨ ਲਈ ਅਣਥੱਕ ਯਤਨਾਂ ਲਈ ਸਿੱਖਿਆ ਕਮੇਟੀ ਦੇ ਯਤਨਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਵੱਖ-ਵੱਖ ਸੰਸਥਾਵਾਂ ਦੇ ਮੁਖੀ, ਅਧਿਆਪਕ ਅਤੇ ਸਟਾਫ਼ ਅਤੇ ਵਿਦਿਆਰਥੀਆਂ ਦੇ ਮਾਤਾ ਪਿਤਾ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮਨਜਿੰਦਰ ਸਿਰਸਾ ਨੇ ਮਾਤਾ ਸੁੰਦਰ ਕੌਰ ਨੂੰ ਕਿਹਾ 'ਮਾਤਾ ਸੁੰਦਰੀ ਦੇਵੀ', ਸਰਨਾ ਨੇ ਸਿੱਖ ਇਤਿਹਾਸ ਨੂੰ "ਭਗਵਾ" ਕਰਣ ਦੇ ਲਗਾਏ ਦੋਸ਼



**ਨਵੀਂ ਦਿੱਲੀ, 1 ਮਈ (ਮਨਪ੍ਰੀਤ ਸਿੰਘ ਖਾਲਸਾ)**:-ਦਿੱਲੀ ਅਕਾਲੀ ਮੁਖੀ ਪਰਮਜੀਤ ਸਿੰਘ ਸਰਨਾ ਨੇ ਮਾਤਾ ਸੁੰਦਰੀ ਕਾਲਜ ਫਾਰ ਵੂਮੈਨ ਵਿਖੇ ਇੱਕ ਜਨਤਕ ਸਮਾਗਮ ਦੌਰਾਨ ਸਿੱਖ ਇਤਿਹਾਸ ਦੇ ਵਿਗਾੜ ਨੂੰ ਲੈ ਕੇ ਮੰਤਰੀ ਮਨਜਿੰਦਰ ਸਿੰਘ ਸਿਰਸਾ 'ਤੇ ਤਿੱਖਾ ਹਮਲਾ ਕੀਤਾ ਹੈ। ਸਰਨਾ ਨੇ ਸਿਰਸਾ ਵੱਲੋਂ ਗੁਰੂ ਗੋਬਿੰਦ ਸਿੰਘ ਜੀ ਦੀ ਸਤਿਕਾਰਯੋਗ ਮਹਿਲ ਮਾਤਾ ਸੁੰਦਰ ਕੌਰ ਨੂੰ "ਮਾਤਾ ਸੁੰਦਰੀ ਦੇਵੀ" ਕਹਿਣ 'ਤੇ ਸਖ਼ਤ ਇਤਰਾਜ਼ ਕੀਤਾ। ਉਨ੍ਹਾਂ ਕਿਹਾ ਇਹ ਕੋਈ ਆਮ ਗਲਤੀ ਨਹੀਂ ਸਗੋਂ ਅਜਿਹੀ ਭਾਸ਼ਾ ਵਰਤਣ ਨਾਲ ਸਿੱਖ ਇਤਿਹਾਸ ਦੀ ਇੱਕ ਕੇਂਦਰੀ ਹਸਤੀ ਨੂੰ ਖਾਲਸਾ ਸਿੱਖ ਸਿਧਾਂਤ ਤੋਂ ਪਰਦੇਸੀ ਢਾਂਚੇ ਵਿੱਚ ਭਗਵਾ ਕਰਨ ਦੀ ਕੋਸ਼ਿਸ਼ ਕਰਦੀ ਹੈ। ਇਹ ਮਨਜਿੰਦਰ ਸਿਰਸਾ ਦਾ ਇੱਕ ਬੇਸ਼ਰਮੀ ਭਰਿਆ ਗਲਤ ਬਿਆਨ ਅਤੇ ਭਾਗਵਕਰਨ ਹੈ। "ਮਾਤਾ ਸੁੰਦਰ ਕੌਰ ਜੀ ਗੁਰੂ ਗੋਬਿੰਦ ਸਿੰਘ ਸਾਹਿਬ ਦੀ ਮਹਿਲ ਹਨ, ਜੋ ਕਿ ਖਾਲਸਾ ਪਰੰਪਰਾ ਦੇ ਅੰਦਰ ਇੱਕ ਉੱਚੀ ਸ਼ਖਸੀਅਤ ਹਨ। ਉਨ੍ਹਾਂ ਨੂੰ 'ਸੁੰਦਰੀ ਦੇਵੀ' ਵਜੋਂ ਲੇਬਲ ਕਰਨਾ ਉਨ੍ਹਾਂ ਦੇ ਖਾਲਸਾ ਚਰਿੱਤਰ ਦੀ ਪਛਾਣ ਨੂੰ ਖਤਮ ਕਰਨਾ ਹੈ ਅਤੇ ਇਸਨੂੰ ਇੱਕ ਵੱਖਰੇ ਵਿਚਾਰਧਾਰਕ ਬਿਰਤਾਂਤ ਦੀ ਸੇਵਾ ਕਰਨ ਵਾਲੇ ਸ਼ਬਦਾਂ ਵਿੱਚ ਦੁਬਾਰਾ ਢਾਲਣਾ ਹੈ।" ਉਨ੍ਹਾਂ ਅੱਗੇ ਕਿਹਾ ਕਿ ਅਜਿਹੇ ਵਾਕਾਂਸ਼ ਇੱਕ ਅਜਿਹੇ ਪੈਟਰਨ ਨਾਲ ਮੇਲ ਖਾਂਦੇ ਹਨ ਜਿੱਥੇ ਸਿੱਖ ਇਤਿਹਾਸ ਨੂੰ ਬਹੁਗਿਣਤੀਵਾਦੀ ਉਮੀਦਾਂ ਨੂੰ ਸੰਤੁਸ਼ਟ ਕਰਨ ਲਈ ਸੂਖਮਤਾ ਨਾਲ ਬਦਲਿਆ ਜਾਂਦਾ ਹੈ। "ਜਦੋਂ ਜਨਤਕ ਅਹੁਦੇ 'ਤੇ ਬੈਠੇ ਲੋਕ ਤਾੜੀਆਂ ਜਾਂ ਪ੍ਰਵਾਨਗੀ ਲਈ ਪਵਿੱਤਰ ਇਤਿਹਾਸ ਨੂੰ ਮੁੜ ਆਕਾਰ ਦੇਣਾ ਸ਼ੁਰੂ ਕਰਦੇ ਹਨ, ਤਾਂ ਇਹ ਕੁਝ ਡੂੰਘਾਈ ਅਤੇ ਅਧੀਨਗੀ ਦਾ ਸੰਕੇਤ ਦਿੰਦਾ ਹੈ।" ਇਸ ਮੌਕੇ ਸਰਨਾ ਨੇ ਰਾਜ ਸਭਾ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਦੀ ਵੀ ਆਲੋਚਨਾ ਕਰਦਿਆਂ ਕਿਹਾ ਆਪਣੇ ਸੱਤਰਵਿਆਂ ਵਿੱਚ, ਰੰਗੀ ਹੋਈ ਦਾੜ੍ਹੀ ਨਾਲ ਦਿਖਾਈ ਦਿੰਦੇ ਹੋਏ ਅਤੇ ਚਮਕਦਾਰ, ਧਿਆਨ ਖਿੱਚਣ ਵਾਲੇ ਰੰਗਾਂ ਵਿੱਚ ਪਹਿਨੇ ਹੋਏ, ਉਹ ਆਪਣੇ ਆਪ ਨੂੰ ਮਾਤਾ ਸੁੰਦਰ ਕੌਰ ਜੀ ਦੇ ਨਾਮ 'ਤੇ ਬਣੇ ਕਾਲਜ ਦੇ ਚੇਅਰਪਰਸਨ ਵਜੋਂ ਨਹੀਂ ਨਿਭਾਉਂਦੇ ਹਨ। ਇਹ ਪ੍ਰਭਾਵ ਇੱਕ ਗੀਤ-ਨਾਚ ਸ਼ੋਅ ਵਿੱਚ ਇੱਕ ਮੇਜ਼ਬਾਨ ਦੇ ਨੇੜੇ ਸੀ ਜਿਸ ਲਈ ਉਹ ਵਿਸ਼ਵ ਪੰਜਾਬੀ ਸੰਗਠਨ ਦੁਆਰਾ ਜਾਣੇ ਜਾਂਦੇ ਹਨ । ਉਨ੍ਹਾਂ ਕਿਹਾ ਅਜਿਹੀ ਪੇਸ਼ਕਾਰੀ ਮਨੋਰੰਜਨ ਪਲੇਟਫਾਰਮਾਂ ਦੇ ਅਨੁਕੂਲ ਹੋ ਸਕਦੀ ਹੈ, ਹਾਲਾਂਕਿ ਸਿੱਖ ਇਤਿਹਾਸ ਨਾਲ ਜੁੜੇ ਕਾਲਜ ਲਈ ਇੱਕ ਵੱਖਰੀ ਤਰ੍ਹਾਂ ਦੀ ਸ਼ਾਨ ਦੀ ਲੋੜ ਹੁੰਦੀ ਹੈ। ਅੰਤ ਵਿਚ ਸਰਨਾ ਨੇ ਸਿੱਖ ਸੰਸਥਾਵਾਂ ਅਤੇ ਵਿਦਿਅਕ ਸੰਸਥਾਵਾਂ ਨੂੰ ਅਜਿਹੇ ਲੋਕਾਂ ਨੂੰ ਸੱਦਾ ਦੇਣ ਤੋਂ ਪਹਿਲਾਂ ਸੋਚਣ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ

ਵੀਹਵੀਂ ਸਦੀ ਦੇ ਮਹਾਨ ਜਰਨੈਲ ਸੰਤ ਜਰਨੈਲ ਸਿੰਘ ਜੀ ਭਿੰਡਰਾਂਵਾਲਿਆਂ ਦੇ ਭਤੀਜੇ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਰਹਿਨੁਮਾਈ ਹੇਠ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਗੁਰੂ ਕੇ ਲੰਗਰਾਂ ਵਿੱਚ ਹਰ ਮਹੀਨੇ ਬਾਅਦ ਸੇਵਾਵਾਂ ਕੀਤੀਆਂ ਜਾਂਦੀਆਂ ਹਨ

# ਇਸ ਵਾਰ 5 ਮਈ-2026

## ਦਿਨ ਮੰਗਲਵਾਰ ਨੂੰ

**ਸਵੇਰੇ 9 ਵਜੇ ਧੰਨ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਲੰਗਰਾਂ ਵਿੱਚ ਸੇਵਾਵਾਂ ਨਿਭਾਈਆਂ ਜਾਣਗੀਆਂ ।**

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਇੰਟਰਨੈਸ਼ਨਲ ਪੰਥਕ ਦਲ ਦੇ ਸਮੂਹ ਆਗੂਆਂ ਦਾ ਸਵੇਰੇ 9 ਵਜੇ ਪਹੁੰਚਣਾ ਬਹੁਤ ਜ਼ਰੂਰੀ ਹੈ।



**ਜਾਰੀ ਕਰਤਾ- ਜੱਥੇਦਾਰ ਦਲੀਪ ਸਿੰਘ ਚਕਰ**
**ਆਲ ਇੰਡੀਆ ਕਨਵੀਨਰ**
**+919914600715**

ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆ ਤੇ ਜੂਨ 1984 ਦੇ ਸਮੂਹ ਸਹੀਦਾਂ ਦੀ ਯਾਦ ਨੂੰ ਸਮਰਪਿਤ

# 42 ਵੇਂ ਸ਼ਹੀਦੀ ਸਮਾਗਮਾਂ ਦੀ ਹੋਈ ਆਰੰਭਤਾ






**ਜੰਡਿਆਲਾ ਗੁਰੂ, 1 ਮਈ ( ਕੁਲਵੰਤ ਸਿੰਘ ਵਿਰਦੀ )**-ਸੰਨ 1984 ਦੀ ਉਹ ਮਨਹੂਸ ਕੜੀ ਅਤੇ, ਤੇ ਜਿਸ ਨੂੰ ਕਲਹਿਣਾ ਜੂਨ ਮਹੀਨਾ ਕਿਹਾ ਜਾਂਦਾ ਹੈ ਜਿਸ ਵਿੱਚ ਉਸ ਟਾਈਮ ਦੀ ਕਾਂਗਰਸ ਪਾਰਟੀ ਦੀ ਹਕੂਮਤ ਦੀ ਰਾਣੀ ਇੰਦਰਾਂ ਗਾਂਧੀ ਨੇ ਸਿੱਖਾਂ ਦੀ ਸਰਬ ਉੱਚ ਅਦਾਲਤ ਮਹਾਨ ਸ੍ਰੀ ਅਕਾਲ ਤਖਤ ਸਾਹਿਬ ਤੇ ਟੈਂਕਾਂ ਤੋਪਾਂ ਨਾਲ ਹਮਲਾ ਕਰ ਦਿੱਤਾ ਗਿਆ ਅਤੇ ਇਸ ਹਮਲੇ ਵਿੱਚ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ ,ਭਾਈ ਸੁਬੇਗ ਸਿੰਘ, ਭਾਈ ਅਮਰੀਕ ਸਿੰਘ ਸੋਢੀ ਸੈਂਕੜੇ ਹੀ ਸੰਗਤਾਂ ਸ਼ਹੀਦੀਆਂ ਹੋ ਗਈਆਂ ਸੀ। ਹਰ ਸਾਲ ਉਹਨਾਂ ਸਿੰਘਾਂ ਸਿੰਘਣੀਆਂ ਦੁੱਧ ਚੁੰਘਦੇ ਬੱਚਿਆਂ ਦੀ ਯਾਦ ਨੂੰ ਤਾਜ਼ਾ ਕਰਦਿਆਂ ਹੋਇਆ ਧਾਰਮਿਕ ਸਮਾਗਮ ਕਰਵਾਏ ਜਾਂਦੇ ਹਨ।। ਇਸੇ ਹੀ ਲੜੀ ਦੇ ਤਹਿਤ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਮਹਿਤਾ ਸਾਹਿਤ ਵੱਲੋਂ ਚਲਾਏ ਗਏ ਧਾਰਮਿਕ ਸਮਾਗਮਾਂ ਦਾ ਪ੍ਰੋਗਰਾਮ ਉਲੀਕਦਿਆਂ ਜੂਨ ਦੇ ਮਹੀਨੇ ਦੇ ਧਾਰਮਿਕ ਸਮਾਗਮਾਂ ਦੀ ਆਰੰਭਤਾ ਦੀ ਸ਼ੁਰੂਆਤ ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਅਕੈਡਮੀ ਜੱਬੋਵਾਲ ਵਿਖੇ ਪਹਿਲੇ ਦੀਵਾਨ ਦੀ ਆਰੰਭਤਾ ਕੀਤੀ ਗਈ, ਇਸ ਮੌਕੇ ਤੇ ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਜੱਬੋਵਾਲ ਤੇ ਮੁੱਖ ਸੇਵਾਦਾਰ ਗਿਆਨੀ ਬਾਬਾ ਮਲਕੀਤ ਸਿੰਘ ਜੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ, ਇਹ 42 ਵਾ ਸ਼ਹੀਦੀ ਸਮਾਗਮ ਮਨਾਇਆ ਜਾ ਰਿਹਾ ਹੈ ਜਿਹਦੀ ਆਰੰਭਤਾ 1 ਮਈ ਤੋ ਕੀਤੀ ਗਈ ਹੈ ਅਤੇ ਇਹ ਲੜੀਵਾਰ ਇੱਕ ਮਹੀਨਾ ਸਮਾਗਮ ਚੱਲਣਗੇ ਇਸ ਮੌਕੇ ਤੇ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਮੁਖੀ ਦਮਦਮੀ ਟਕਸਾਲ ਮਹਿਤਾ ਭਿੰਡਰਾਂਵਾਲਿਆ ਨੇ ਸੰਗਤਾਂ ਨੂੰ ਕਥਾ ਵਿਚਾਰਾਂ ਰਾਹੀਂ ਨਿਹਾਲ ਕੀਤਾ ਅਤੇ ਨਾਲ ਹੀ ਟਕਸਾਲ ਦੇ ਸਿੰਘਾਂ ਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਸਮਾਪਤੀ ਮੌਕੇ ਗੁਰੂ ਸਾਹਿਬ ਜੀ ਚਰਨਾਂ ਵਿੱਚ ਸਹੀਦਾਂ ਨੂੰ ਯਾਦ ਕਰਦਿਆ ਹੋਇਆ ਸਰਬੱਤ ਦੇ ਭਲੇ ਲਈ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਗਈ ! ਇਸ ਮੌਕੇ ਤੇ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਦੇ ਮੁੱਖ ਸੇਵਾਦਾਰ ਬਾਬਾ ਮਲਕੀਤ ਸਿੰਘ ਜੀ ,ਬਾਬਾ ਸੁਖਚੈਨ ਸਿੰਘ ਜੀ ,ਗਿਆਨੀ ਤੇਜ ਬੀਰ ਸਿੰਘ, ਪ੍ਰਿੰਸੀਪਲ ਸੁਰਿੰਦਰਜੀਤ ਸਿੰਘ ਜਸਪਾਲ ਸਿੰਘ ਟੋਮਾ ,ਸੁਖਦੇਵ ਸਿੰਘ ਗੁਰਬਾਜ ਸਿੰਘ ਬਾਜ ,ਗੁਰਪਿੰਦਰ ਸਿੰਘ ਅਤੇ ਨਿਰਵੈਰ ਟੀ ਵੀ ਦੇ ਸੰਪਾਦਕ ਬਾਬਾ ਮਨਦੀਪ ਸਿੰਘ ਜੀ ਖਾਲਸਾ ਆਦਿ ਸੇਵਾਦਾਰ ਤੇ ਸੰਤ ਸਮਾਜ ਦੇ ਮਹਾਂਪੁਰਖ, ਰਾਜਨੀਤਕ ਧਾਰਮਿਕ ਸਖਸ਼ੀਅਤਾਂ ਅਤੇ ਸੈਕੜੇ ਸੰਗਤਾਂ ਨੇ ਹਾਜ਼ਰੀ ਭਰੀ !ਆਈਆਂ ਸੰਗਤਾਂ ਨੂੰ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਗਏ।

ਆਵਾਜ਼ਿ ਕੌਮ
AWAZE QAUM
International Newspaper & WEB TV

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਦਮਦਮੀ ਟਕਸਾਲ ਵੱਲੋਂ 84 ਵਿੱਚ ਹੋਏ ਸ਼ਹੀਦਾ ਦੀ ਯਾਦ ਨੂੰ ਗੁਰਮਤਿ ਸਮਾਗਮ

# ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਸੰਗੀਤ ਅਕੈਡਮੀ ਜੱਬੋਵਾਲ ਵਿਖੇ ਹੋਇਆ

## ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੇ ਪਵਿੱਤਰ ਪਾਵਨ ਗ੍ਰੰਥ ਸੂਰਜ਼ ਪਰਕਾਸ ਦੀ ਕਥਾ ਅਤੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ

















ਚੌਕ ਮਹਿਤਾ, 1 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)-ਜੂਨ '84 ਤੀਸਰੇ ਘੱਲੂਘਾਰੇ ਦੀ ਯਾਦ 'ਚ ਹਰ ਸਾਲ ਦੀ ਤਰ੍ਹਾਂ 6 ਜੂਨ ਨੂੰ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਪ੍ਰਧਾਨ ਸੰਤ ਸਮਾਜ ਦੀ ਰਹਿਨੁਮਾਈ ਹੇਠ ਦਮਦਮੀ ਟਕਸਾਲ ਦੇ ਹੈੱਡ ਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਹੋਣ ਜਾ ਰਹੇ 42 ਵੇਂ ਸ਼ਹੀਦੀ ਜੋੜ ਮੇਲੇ ਦੀਆਂ ਤਿਆਰੀਆਂ ਆਰੰਭ ਹੋ ਚੁੱਕੀਆਂ ਹਨ। ਇਸ ਦੌਰਾਨ ਵੱਖ-ਵੱਖ ਨਗਰਾਂ "ਚ ਮਹੀਨਾ ਭਰ ਸਜਾਏ ਜਾਣ ਵਾਲੇ ਸ਼ਬਦ-ਕੀਰਤਨ ਤੇ ਕਥਾ ਸਮਾਗਮਾਂ ਦੀ ਲੜੀ ਤਹਿਤ ਪਹਿਲਾ ਸਮਾਗਮ ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਸੰਗੀਤ ਅਕੈਡਮੀ ਜੱਬੋਵਾਲ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਮਲਕੀਤ ਸਿੰਘ ਖਾਲਸਾ ਜੱਬੋਵਾਲ ਦੀ ਅਗਵਾਈ ਹੇਠ ਸਮਾਗਮ ਹੋਇਆ । ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਭਾਈ ਗੁਲਲਾਲ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਪਵਿੱਤਰ ਪਾਵਨ ਗੁਰਬਾਣੀ ਦੇ ਕੀਰਤਨ ਸ੍ਰਵਨ ਕਰਵਾਏ। ਉਪਰੰਤ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੇ ਪਵਿੱਤਰ ਪਾਵਨ ਗ੍ਰੰਥ ਸੂਰਜ਼ ਪਰਕਾਸ ਦੀ ਕਥਾ ਅਤੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦੇ ਹੋਏ ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਇਤਿਹਾਸ ਦੀ ਕਥਾ ਸ੍ਰਵਨ ਕਰਵਾਈ ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਸੰਗੀਤ ਅਕੈਡਮੀ ਜੱਬੋਵਾਲ ਦੇ ਮੌਜੂਦਾ ਮੁੱਖੀ ਸੰਤ ਬਾਬਾ ਮਲਕੀਤ ਸਿੰਘ, ਗਿਆਨੀ ਤੇਜਬੀਰ ਸਿੰਘ ਭਲਾਈਪੁਰ ( ਕਨੇਡਾ) ਵਾਲਿਆਂ ਨੇ ਸਮੂਹ ਸੰਗਤਾਂ ਨੂੰ ਜੀ ਆਇਆਂ ਆਖਿਆ ਅਤੇ ਸੰਤਾ, ਮਹਾਂਪੁਰਖਾ ਨੂੰ ਸਿਰਪਾਉ ਅਤੇ ਦੂਸਾਲੇ ਦੇ ਕੇ ਸਨਮਾਨਿਤ ਕੀਤਾ ਇਸ ਮੌਕੇ ਤੇ ਸ੍ਰੀ ਮਾਨ ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ ਬੋਪਾਰਾਏ, ਸੰਤ ਬਾਬਾ ਗੁਰਦੇਵ ਸਿੰਘ ਗੁਰਦੁਆਰਾ ਡੇਰਾ ਭਗਤਾਂ ਤਰਸਿੱਕਾ, ਸੰਤ ਬਾਬਾ ਗੁਰਭੇਜ ਸਿੰਘ ਖੁਜਾਲਾ,ਜਥੇਦਾਰ ਬਾਬਾ ਅਜੀਤ ਸਿੰਘ ਮੁੱਖੀ ਤਰਨਾ ਦਲ ਚੌਕ ਮਹਿਤਾ, ਜਥੇਦਾਰ ਬਾਬਾ ਬੋਹੜ ਸਿੰਘ, ਪ੍ਰਿੰਸੀਪਲ ਗਿਆਨੀ ਜੋਬਨਜੀਤ ਸਿੰਘ, ਭਾਈ ਨਿਰਮਲ ਸਿੰਘ, ਭਾਈ ਸਤਨਾਮ ਸਿੰਘ, ਗਿਆਨੀ ਤੇਜਬੀਰ ਸਿੰਘ ਭਲਾਈਪੁਰ ਕਨੇਡਾ, ਪ੍ਰਿੰਸੀਪਲ ਸੁਰਿੰਦਰਪਾਲ ਸਿੰਘ, ਭਾਈ ਗੁਰਬਾਜ ਸਿੰਘ ਬਾਜ, ਜਸਪਾਲ ਸਿੰਘ ਟੋਮਾ , ਸੁਖਦੇਵ ਸਿੰਘ, ਭਾਈ ਗੁਰਪਿੰਦਰ ਸਿੰਘ ਆਦਿ ਬਹੁਤ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ
ਪਿੰਡ ਰੋਡੇ
ਪਹੁੰਚੋ
ਸਮਾਂ-10 ਤੋਂ
3 ਵਜੇ ਤੱਕ
ਸੰਤ ਭਿੰਡਰਾਂਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ (98140-13915)
ਆਵਾਜ਼ਿ ਕੌਮ
AWAZE QAUM
International Newspaper & WEB TV

ਸ਼ਾਹੀ ਬਾਰਾਂ ਦਰੀ ਦੀ ਤੇ ਝੂਲ ਰਹੇ ਕੇਸਰੀ ਨਿਸ਼ਾਨ ਸਾਹਿਬ ਦੀ ਜੇਕਰ ਕਿਸੇ ਸ਼ਰਾਰਤੀ ਅਨਸਰ ਨੇ ਬੇਅਦਬੀ ਕਰਨ ਦੀ ਕੋਸ਼ਿਸ਼ ਕੀਤੀ ਤਾਂ

# ਉਸ ਨੂੰ ਪੰਥ ਦੇ ਗੁੱਸੇ ਦਾ ਸ਼ਿਕਾਰ ਹੋਣਾ ਪਵੇਗਾ : ਮਨਜੀਤ ਸਿੰਘ ਭੋਮਾ



**ਦੀਨਾ ਨਗਰ, 1 ਮਈ (ਆਵਾਜ਼ਿ ਕੌਮ ਬਿਊਰੋ)-** ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਮਨਜੀਤ ਸਿੰਘ ਭੋਮਾ ਨੇ ਵਾਰਨਿੰਗ ਦਿੱਤੀ ਹੈ ਕਿ ਜੇਕਰ ਪੰਥ ਵਿਰੋਧੀਆਂ ਨੇ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਦੀਨਾ ਨਗਰ ਸਥਿਤ ਸ਼ਾਹੀ ਬਾਰਾਂ ਦਰੀ ਟੀਸੀ ਤੇ ਜੋ ਕੇਸਰੀ ਨਿਸ਼ਾਨ ਸਾਹਿਬ 25 ਅਪ੍ਰੈਲ ਨੂੰ ਸੰਗਤ ਰੂਪੀ ਅਰਦਾਸ ਕਰਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਜੈਕਾਰਿਆਂ ਤੇ ਨਾਹਰਿਆਂ ਦੀ ਗੂੰਜ ਵਿੱਚ ਝੁਲਾਇਆ ਗਿਆ ਸੀ। ਉਸ ਬਾਰੇ ਸਾਡੇ ਕੋਲ ਘੁਸਰ ਮੁਸਰ ਦੀਆਂ ਜੋ ਰਿਪੋਰਟਾਂ ਪਹੁੰਚ ਰਹੀਆਂ ਹਨ ਕਿ ਸਥਾਨਕ ਭੂੰ ਮਾਫ਼ੀਆ , ਪੰਥ ਵਿਰੋਧੀ ਸ਼ਰਾਰਤੀ ਅਨਸਰ ਤੇ ਪਰਦੇ ਦੇ ਉਹਲੇ ਬੈਠੇ ਸਿਆਸਤਦਾਨ ਦਾ ਗਠਜੋੜ ਉਹ 25 ਅਪ੍ਰੈਲ ਨੂੰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸ਼ਾਹੀ ਬਾਰਾਂ ਦਰੀ ਦੀ ਟੀਸੀ ਤੇ ਕੇਸਰੀ ਨਿਸ਼ਾਨ ਸਾਹਿਬ ਝੁਲਾਇਆ ਗਿਆ ਹੈ ਉਹਨਾਂ ਦੀ ਉਸ ਦਿਨ ਤੋਂ ਹਿੱਕ ਤੇ ਕੰਡੇ ਵਾਂਗੂ ਰੜਕ ਰਿਹਾ ਹੈ ਤੇ ਉਹਨਾਂ ਦੇ ਕਬਜ਼ਾ ਕਰਨ ਦੇ ਮਨਸੂਬੇ ਫੇਲ੍ਹ ਕਰ ਰਿਹਾ ਹੈ ਦੂਸਰੇ ਪਾਸੇ ਹੁਣ ਪੰਥ ਜਾਗ ਉਠਿਆ ਹੈ । ਪਰ ਕੁੱਝ ਪੰਥ ਵਿਰੋਧੀ ਤਾਕਤਾਂ ਇਸ ਨਿਸ਼ਾਨ ਸਾਹਿਬ ਨੂੰ ਰਾਤ ਦੇ ਹਨੇਰੇ ਵਿੱਚ ਉਤਾਰਕੇ ਬੇਅਦਬੀ ਕਰਨਾ ਚਾਹੁੰਦੀਆਂ ਹਨ ਤੇ ਸ਼ਾਹੀ ਬਾਰਾਂ ਦਰੀ ਦੀ ਜ਼ਮੀਨ ਜਾਇਦਾਦ ਤੇ ਕਬਜ਼ਾ ਕਰਨੀਆਂ ਚਾਹੁੰਦੀਆਂ ਹਨ ।ਉਹਨਾਂ ਕਿਹਾ ਜੇਕਰ ਕਿਸੇ ਨੇ ਨਿਸ਼ਾਨ ਸਾਹਿਬ ਉਤਾਰਨ ਦੀ ਕੋਸ਼ਿਸ਼ ਕੀਤੀ ਜਾਂ ਬੇਅਦਬੀ ਕਰਨ ਦੀ ਕੋਸ਼ਿਸ਼ ਕੀਤੀ ਇਸਦਾ ਖ਼ਿਮਆਜ਼ਾ ਉਹਨਾਂ ਨੂੰ ਭੁਗਤਣਾ ਪਵੇਗਾ ਤੇ ਪੰਥ ਦੇ ਰੋਹ ਤੇ ਗੁੱਸੇ ਦਾ ਸ਼ਿਕਾਰ ਹੋਣਾ ਪਵੇਗਾ । ਉਹਨਾਂ ਕਿਹਾ 25 ਅਪ੍ਰੈਲ ਨੂੰ ਹੀ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ਼ਾਹੀ ਬਾਰਾਂ ਦਰੀ ਦੀਨਾਂ ਨਗਰ ਵਿਖੇ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਸਥਾਨਕ ਗੁਰਦੁਆਰਾ ਪ੍ਰਬੰਧਕ ਕਮੇਟੀਆਂ , ਮਹਾਰਾਜਾ ਰਣਜੀਤ ਸਿੰਘ ਨਾਲ਼ ਸੰਬੰਧਤ ਜਥੇਬੰਦੀਆਂ ਨੇ ਸਹਿਯੋਗ ਨਾਲ ਮਨਾਉਣ ਦਾ ਐਲਾਨ ਕੀਤਾ ਗਿਆ ਸੀ ਉਹ ਬਾਰੇ ਸਥਾਨਕ ਮਹਾਰਾਜਾ ਰਣਜੀਤ ਸਿੰਘ ਨਾਲ਼ ਸੰਬੰਧਤ ਜਥੇਬੰਦੀਆਂ , ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨਾਲ਼ ਲਗਾਤਾਰ ਸਾਡਾ ਸਾਰਿਆਂ ਨਾਲ਼ ਸੰਪਰਕ ਚੱਲ ਰਿਹਾ ਹੈ । ਜੂਨ ਮਹੀਨੇ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਹਰ ਹਾਲਤ ਵਿੱਚ ਧੂਮ ਧਾਮ ਤੇ ਸ਼ਰਧਾ ਨਾਲ ਮਨਾਈ ਜਾਵੇਗੀ ।ਉਹਨਾਂ ਨਾਲ਼ ਅੱਜ ਗੁਰਦੀਪ ਸਿੰਘ ਨਾਜੋਵਾਲ , ਐਡਵੋਕੇਟ ਅਮਰਜੀਤ ਸਿੰਘ ਪਠਾਨਕੋਟ ,ਸੁਖਜਿੰਦਰ ਸਿੰਘ ਮਜੀਠਾ , ਦਲਜੀਤ ਸਿੰਘ ਪਾਖਰਪੁਰਾ ਸੁਖਵਿੰਦਰ ਸਿੰਘ ਪਾਹੜਾ ਆਦਿ ਮੌਜੂਦ ਸਨ।

**ਜੂਨ ਮਹੀਨੇ ਵਿੱਚ ਸਾਰਿਆਂ ਦੇ ਸਹਿਯੋਗ ਨਾਲ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮਨਾਈ ਜਾਵੇਗੀ**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਇੱਕ ਨਜ਼ਰ ...



### ਕੌਮਾਂਤਰੀ ਮਜ਼ਦੂਰ ਦਿਵਸ ਮੌਕੇ ਮਹਿਲ ਕਲਾਂ ਵਿੱਚ ਗੂੰਜੀ ਮਜ਼ਦੂਰ ਏਕਤਾ, ਹੱਕੀ ਮੰਗਾਂ ਲਈ ਸੰਘਰਸ਼ ਜਾਰੀ ਰੱਖਣ ਦਾ ਅਹਿਦ

ਬਰਨਾਲਾ 1 ਮਈ (ਆਵਾਜ਼ਿ ਕੌਮ ਬਿਊਰੋ)–ਕੌਮਾਂਤਰੀ ਮਜ਼ਦੂਰ ਦਿਵਸ (ਮਈ ਦਿਵਸ) ਮੌਕੇ ਭਾਈ ਲਾਲੋ ਪੰਜਾਬੀ ਮੰਚ, ਦਲਿਤ ਅਤੇ ਮਜ਼ਦੂਰ ਮੁਕਤੀ ਮੋਰਚਾ, ਲਾਲ ਝੰਡਾ ਮਨਰੇਗਾ ਯੂਨੀਅਨ ਅਤੇ ਹੋਰ ਜਨਤਕ ਜਥੇਬੰਦੀਆਂ ਵੱਲੋਂ ਮਹਿਲ ਕਲਾਂ ਦੇ ਇਤਿਹਾਸਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਦੇ ਦੀਵਾਨ ਹਾਲ ਵਿੱਚ ਵਿਸ਼ਾਲ ਇਕੱਠ ਕਰਕੇ ਸ਼ਿਕਾਗੋ ਦੇ ਸ਼ਹੀਦ ਮਜ਼ਦੂਰਾਂ ਨੂੰ ਸਮਰਪਿਤ ਸਮਾਗਮ ਮਨਾਇਆ ਗਿਆ। ਸਮਾਗਮ ਦੌਰਾਨ ਮਜ਼ਦੂਰ ਵਰਗ ਨੇ ਆਪਣੀਆਂ ਹੱਕੀ ਮੰਗਾਂ ਲਈ ਲਗਾਤਾਰ ਸੰਘਰਸ਼ ਕਰਨ ਦਾ ਅਹਿਦ ਲਿਆ ਅਤੇ ਮਜ਼ਦੂਰ ਏਕਤਾ ਦੇ ਨਾਅਰੇ ਗੂੰਜੇ। ਵੱਡੀ ਗਿਣਤੀ ਵਿੱਚ ਇਕੱਠ ਨੂੰ ਸੰਬੋਧਨ ਕਰਦਿਆਂ ਐੱਸ.ਕੇ.ਐੱਮ. ਦੇ ਆਗੂ ਡਾ. ਦਰਸ਼ਨਪਾਲ, ਹਰਜੀਤ ਸਿੰਘ ਖ਼ਿਆਲੀ, ਡਾ. ਜਗਰਾਜ ਸਿੰਘ ਟੱਲੇਵਾਲ ਅਤੇ ਬੀਬੀ ਪਰਮਜੀਤ ਕੌਰ ਗੁੰਮਟੀ ਨੇ ਕਿਹਾ ਕਿ ਮਈ ਦਿਵਸ ਸਿਰਫ਼ ਇੱਕ ਛੁੱਟੀ ਨਹੀਂ, ਸਗੋਂ ਮਜ਼ਦੂਰਾਂ ਦੇ ਇਤਿਹਾਸਕ ਸੰਘਰਸ਼, ਏਕਤਾ ਅਤੇ ਸਮਾਜ ਦੀ ਉਸਾਰੀ ਵਿੱਚ ਉਨ੍ਹਾਂ ਦੇ ਅਮੁੱਲ ਯੋਗਦਾਨ ਨੂੰ ਯਾਦ ਕਰਨ ਦਾ ਦਿਨ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਦੇਸ਼ ਦੀ ਆਰਥਿਕਤਾ ਦਾ ਅਸਲ ਆਧਾਰ ਮਜ਼ਦੂਰ ਵਰਗ ਹੁੰਦਾ ਹੈ ਅਤੇ ਭਾਰਤ ਵਿੱਚ 1923 ਤੋਂ ਮਨਾਇਆ ਜਾ ਰਿਹਾ ਇਹ ਦਿਨ ਮਜ਼ਦੂਰ ਹੱਕਾਂ ਦੀ ਰਾਖੀ ਲਈ ਪ੍ਰੇਰਨਾ ਦਾ ਸਰੋਤ ਹੈ। ਇਸ ਮੌਕੇ ਮਜ਼ਦੂਰ ਜਥੇਬੰਦੀਆਂ ਨੇ ਆਪਣੀਆਂ ਮੁੱਖ ਮੰਗਾਂ ਰੱਖਦਿਆਂ ਕਿਹਾ ਕਿ ਹਰ ਮਜ਼ਦੂਰ ਨੂੰ ਸਨਮਾਨਜਨਕ ਮਿਹਨਤਨਾਮਾ ਮਿਲੇ, ਕੰਮ ਵਾਲੀਆਂ ਥਾਵਾਂ 'ਤੇ ਸੁਰੱਖਿਆ ਅਤੇ ਸਿਹਤ ਸਹੂਲਤਾਂ ਯਕੀਨੀ ਬਣਾਈਆਂ ਜਾਣ ਅਤੇ ਲੇਬਰ ਕਾਨੂੰਨਾਂ ਦੀ ਸਖ਼ਤੀ ਨਾਲ ਪਾਲਣਾ ਕਰਕੇ ਮਜ਼ਦੂਰਾਂ ਦੇ ਸ਼ੋਸ਼ਣ ਨੂੰ ਰੋਕਿਆ ਜਾਵੇ। ਅਸੰਗਠਿਤ ਖੇਤਰ ਦੇ ਮਜ਼ਦੂਰਾਂ ਲਈ ਵਿਸ਼ੇਸ਼ ਨੀਤੀਆਂ ਬਣਾਉਣ ਦੀ ਵੀ ਮੰਗ ਕੀਤੀ ਗਈ। ਸਮਾਗਮ ਦੌਰਾਨ ਮਜ਼ਦੂਰ ਏਕਤਾ ਜ਼ਿੰਦਾਬਾਦ ਦੇ ਨਾਅਰੇ ਲਗਾਉਂਦੇ ਹੋਏ ਹਾਜ਼ਰੀਨਾਂ ਨੇ ਮਜ਼ਦੂਰ ਹੱਕਾਂ ਦੀ ਲੜਾਈ ਨੂੰ ਹੋਰ ਮਜ਼ਬੂਤ ਕਰਨ ਦਾ ਸੰਕਲਪ ਲਿਆ। ਇਸ ਮੌਕੇ ਮਾਸਟਰ ਅਮਰਜੀਤ ਸਿੰਘ ਮਹਿਲ ਖ਼ੁਰਦ, ਜਗਸੀਰ ਸਿੰਘ ਛੀਨੀਵਾਲ, ਗੁਰਦੀਪ ਸਿੰਘ ਐੱਫ.ਸੀ.ਆਈ., ਬਲਦੇਵ ਸਿੰਘ ਸਹਿਜੜਾ, ਬੀਕੇਯੂ ਸਿੱਧੂਪੁਰ ਦੇ ਆਗੂ ਬਲਵਿੰਦਰ ਸਿੰਘ ਬਿੰਦੂ ਸਹਿਜੜਾ, ਮੁਖਤਿਆਰ ਸਿੰਘ ਧਨੇਰ, ਰਾਜਦੀਪ ਕੌਰ, ਵੀਰਪਾਲ ਕੌਰ, ਸਰਬਜੀਤ ਕੌਰ, ਹਰਪਾਲ ਕੌਰ ਸਾਧੂ ਸਿੰਘ ਛੀਨੀਵਾਲ ਅਤੇ ਅਮਨਦੀਪ ਕੌਰ ਸਮੇਤ ਹੋਰ ਕਈ ਆਗੂ ਹਾਜ਼ਰ ਸਨ।

### ਸੀਟੂ ਵੱਲੋਂ ਮਈ ਦਿਹਾੜਾ ਜੋਸ਼ੋ ਖਰੋਸ਼ ਨਾਲ ਮਨਾਇਆ ਗਿਆ



**ਹੁਸ਼ਿਆਰਪੁਰ, 1 ਮਈ (ਆਵਾਜ਼ਿ ਕੌਮ ਬਿਊਰੋ)-**ਅੱਜ ਇੱਥੇ ਸੀਟੂ ਵਲੋ ਮਈ ਦਿਹਾੜਾ ਸ਼ਹੀਦ ਊਧਮ ਸਿੰਘ ਪਾਰਕ ਵਿੱਚ ਜੋਸ਼ੋ ਖਰੋਸ਼ ਨਾਲ ਮਨਾਇਆ ਗਿਆ। ਜਿਸ ਵਿੱਚ ਭੱਠਾ ਮਜ਼ਦੂਰ, ਕਨਸਟਰੱਕਸ਼ਨ ਮਜ਼ਦੂਰ, ਅੰਗਣਵਾੜੀ, ਰਿਟਾਇਰੀ ਮੁਲਾਜ਼ਮ, ਪੀ ਸੀ ਐਮ ਐਸ ਆਰ ਯੂ ਦੇ ਸਾਥੀ ਭਾਰੀ ਗਿਣਤੀ ਵਿਚ ਸਾਥੀ ਮੌਜੂਦ ਸਨ। ਇਸ ਦੀ ਪ੍ਰਧਾਨਗੀ ਸੰਜੀਵ ਸੋਨੂ, ਮਨਜੀਤ ਕੋਰ ਨੇ ਕੀਤੀ। ਇਸ ਮੌਕੇ ਸੀਟੂ ਦੇ ਆਗੂ ਮਹਿੰਦਰ ਕੁਮਾਰ ਬੱਡੋਆਣ, ਕਾਮਰੇਡ ਗੁਰਮੇਸ਼ ਸਿੰਘ, ਧਨਪਤ, ਨੀਲਮ ਬੱਡੋਆਣ, ਗੁਰਬਖਸ਼ ਕੋਰ ਚੱਕ ਗੁਰੂ ਨੇ ਕਿਹਾ ਅੱਜ ਦੇ ਦਿਨ 1886 ਵਿੱਚ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਵਿੱਚੋ ਮਜ਼ਦੂਰਾਂ ਨੇ ਕੰਮ ਦਾ ਸਮਾਂ ਨਿਸ਼ਿਚਤ ਕਰਾਉਣ ਲਈ ਵੱਡਾ ਇਕੱਠ ਕਰਕੇ ਸਮੇਂ ਦੇ ਹਾਕਮਾਂ ਕੋਲੋ ਮੰਗ ਕੀਤੀ ਸੀ, ਮੰਗ ਤਾਂ ਕੀ ਮੰਨਣੀ ਸੀ ਉਸ ਸਮੇਂ ਦੇ ਹਾਕਮਾਂ ਨੇ ਦਮਨ ਕਰਕੇ ਗੋਲੀਆਂ ਚਲਾਈਆਂ ਜਿਸ ਵਿੱਚ ਕਿਰਤੀ ਸ਼ਹੀਦ ਹੋ ਗਏ ਸੱਤ ਆਗੂਆਂ ਨੂੰ ਝੂਠੇ ਕੇਸ ਵਿੱਚ ਫਸਾ ਕੇ ਫਾਂਸੀ ਤੇ ਚੜਾ ਦਿੱਤਾ। ਸ਼ਹੀਦੀਆਂ ਦੇਣ ਤੋਂ ਬਾਅਦ 8 ਘੰਟੇ ਦੀ ਮੰਗ ਮੰਨੀ ਗਈ ਜੋ ਕਿ ਪੂਰੀ ਦੁਨੀਆਂ ਵਿੱਚ ਲਾਗੂ ਹੋਈ। ਪਰ ਅੱਜ ਦੀ ਮੋਦੀ ਸਰਕਾਰ ਲਹੂ ਵੀਟਵੇ ਸ਼ੰਘਰਸ਼ਾਂ ਨਾਲ ਪਰਾਪਤ ਕੀਤੇ ਕਾਨੂੰਨਾਂ ਨੂੰ ਰੱਦ ਕਰਕੇ 4 ਲੇਬਰ ਕੋਡਾ ਵਿੱਚ ਬਦਲ ਕੇ ਪਾਸ ਕਰ ਦਿੱਤਾ ਗਿਆ। ਜਿਹਨਾ ਰਾਂਹੀ ਡਿਊਟੀ ਦੇ 8 ਘੰਟਿਆ ਦੀ ਥਾਂ 12 ਘੰਟੇ ਕਰ ਦਿੱਤੀ ਗਈ। ਜਿਸ ਵਿਰੁਧ ਕਿਰਤੀ ਜਮਾਤ ਅੰਦਰ ਵੱਡਾ ਰੋਹ ਉਭਰ ਰਿਹਾ ਹੈ। ਜਿਸ ਦੀ ਹੁਣੇ ਹੀ ਨੋਇਡਾ ਗੁੜਗਾਵਾ ਅੰਦਰ ਕਿਰਤੀ ਲੋਕਾਂ ਵਲੋ ਲੜੈ ਸ਼ੰਘਰਸ਼ ਇਸ ਦਾ ਪਰਮਾਣ ਹਨ। ਮੋਦੀ ਸਰਕਾਰ ਲੋਕਾਂ ਦੇ ਸਾਰੇ ਵਰਗਾਂ ਉਪਰ ਚੌਤਰਫਾ ਹਮਲਾ ਕਰਦਿਆ ਮਨਰੇਗਾ ਨੂੰ ਖਤਮ ਕਰਨ ਮਨਸੂਬੇ ਘੜੇ ਜਾ ਰਹੇ ਹਨ। ਕੇਦਰ ਸਰਕਾਰ ਬਿਜਲੀ ਬਿੱਲ 2020 ਨੂੰ ਕਾਨੂੰਨ ਬਣਾਉਣ ਦੀ ਤਾਕ ਵਿੱਚ ਹਨ। ਜਿਸ ਦੇ ਪਾਸ ਹੋਣ ਨਾਲ ਮਜ਼ਦੂਰਾਂ ਅਤੇ ਕਿਸਾਨਾਂ ਉਪਰ ਵੱਡਾ ਬੋਝ ਪਾਉਦਿਆਂ ਬਿਜਲੀ ਵੰਡ ਅਤੇ ਪੈਦਾ ਕਰਨ ਦੇ ਸਾਰੇ ਅਧਿਕਾਰ ਦੇਸ਼ ਦੇ ਵੱਡੇ ਕਾਰਪੋਰੇਟਾਂ ਨੂੰ ਦੇਣ ਦਾ ਰਾਹ ਪੱਧਰਾ ਹੋ ਗਿਆ ਹੈ। ਇਕੱਠ ਵਿੱਚ ਕਿਰਤੀਆਂ ਵਲੋ ਜ਼ੋਰਦਾਰ ਮੰਗ ਕੀਤੀ ਗਈ ਕਿ 4 ਲੇਬਰ ਕੋਡ ਰੱਦ ਕੀਤੇ ਜਾਣ, ਅਮਰੀਕਾ ਨਾਲ ਕੀਤੀ ਵਿਉਪਾਰ ਸੰਧੀ ਰੱਦ ਕੀਤੀ ਜਾਵੇ, ਨਿੱਜੀਕਰਨ ਦੀ ਥਾਂ ਸਰਕਾਰੀ ਅਦਾਰੇ ਉਸਾਰੇ ਤੇ ਮਜ਼ਬੂਤ ਕੀਤੇ ਜਾਣ, ਸਾਰੇ ਕਿਰਤੀਆਂ ਨੂੰ ਪੱਕਾ ਕੀਤਾ ਜਾਵੇ, ਮਨਰੇਗਾ ਕਾਨੂੰਨ ਨੂੰ ਬਹਾਲ ਕੀਤਾ ਜਾਵੇ, ਘੱਟੋ ਘੱਟ ਉਜਰਤ 26000 ਮਹੀਨਾ ਕੀਤੀ, ਜਾਵੇ ਠੇਕਾ ਸਿਸਟਮ ਬੰਦ ਕੀਤਾ ਜਾਵੇ, ਬੇਰੁਜ਼ਗਾਰੀ ਨੂੰ ਖਤਮ ਕੀਤਾ ਜਾਵੇ, ਮਹਿੰਗਾਈ ਨੂੰ ਰੋਕਣ ਲਈ ਵੱਡੇ ਵਿਉਪਾਰੀਆਂ ਤੇ ਜਖੀਰੇਬਾਜਾਂ ਵਿਰੁਧ ਸਖਤ ਕਾਰਵਾਈ ਕੀਤੀ ਜਾਵੇ, ਕੇਦਰ ਸਰਕਾਰ ਸਵਿਧਾਨ ਉਪਰ ਕੀਤੇ ਜਾ ਰਹੇ ਹਮਲਿਆ ਨੂੰ ਤੁਰੰਤ ਬੰਦ ਕਰੇ। ਇਸ ਮੌਕੇ ਨੀਲਮ ਬੱਡੋਆਣ, ਜੈਲ ਸਿੰਘ, ਪਰਵੇਸ਼ ਕੁਮਾਰ, ਸੰਜੇ ਠਾਕਰ ਸਿੰਘ, ਪਰੇਮ ਲਤਾ, ਕਿਸ਼ਨ, ਦਿਆਲ ਸਿੰਘ, ਪਰਮੋਦ ਪਾਲੋ, ਸੁੰਨੀ, ਸੁਖਵਿੰਦਰ ਕੋਰ ਮੁਕੰਦ ਪੁਰ ਨੇ ਵੀ ਸਬੋਧਨ ਕੀਤਾ। ਬਾਅਦ ਵਿੱਚ ਢੋਲ ਅਤੇ ਝੰਡੇ ਬੈਨਰਾਂ ਨਾਲ ਤਪਦੀ ਧੁੱਪ ਵਿੱਚ ਸ਼ਹਿਰ ਵਿੱਚ ਮਾਰਚ ਕੀਤਾ। ਇਸ ਮੋਕੇ ਲੰਗਰ ਵੀ ਲਾਇਆ ਗਿਆ। ਅੰਤ ਵਿੱਚ ਸੰਜੀਵ ਸੋਨੂੰ ਨੇ ਆਏ ਸਾਥੀਆ ਦਾ ਧੰਨਵਾਦ ਕੀਤਾ।

ਡੇਰਾ ਕਾਰ ਸੇਵਾ ਸੰਤ ਬਾਬਾ ਸੁਲੱਖਣ ਸਿੰਘ ਜੀ ਸ੍ਰੀ ਅਨੰਦਪੁਰ ਸਾਹਿਬ ਵਾਲੇ ਪਿੰਡ ਉਰਲਾਣਾ ਜਿਲਾ ਕੈਥਲ ਦੀ ਕਾਰ ਸੇਵਾ ਸਬੰਧੀ ਚੱਲ ਰਹੇ ਵਿਵਾਦ ਦਾ ਹੱਲ ਹੋਣ 'ਤੇ

# ਪਿੰਡ ਉਰਲਾਣਾ ਅਤੇ ਇਲਾਕੇ ਦੀਆਂ ਸਿੱਖ ਸੰਗਤਾਂ ਵੱਲੋਂ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ ਪੁੱਜ ਕੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਕੀਤਾ ਵਿਸ਼ੇਸ ਧੰਨਵਾਦ







ਡੇਰਾ ਕਾਰ ਸੇਵਾ ਸੰਤ ਬਾਬਾ ਸੁਲੱਖਣ ਸਿੰਘ ਜੀ ਸ੍ਰੀ ਅਨੰਦਪੁਰ ਸਾਹਿਬ ਵਾਲੇ ਪਿੰਡ ਉਰਲਾਣਾ ਜਿਲਾ ਕੈਥਲ ਦੀ ਕਾਰ ਸੇਵਾ ਸਬੰਧੀ ਚੱਲ ਰਹੇ ਵਿਵਾਦ ਦਾ ਹੱਲ ਹੋਣ ਤੇ ਪਿੰਡ ਉਰਲਾਣਾ ਅਤੇ ਇਲਾਕੇ ਦੀਆਂ ਸਿੱਖ ਸੰਗਤਾਂ ਵੱਲੋਂ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ ਪੁੱਜ ਕੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਕੀਤਾ ਵਿਸ਼ੇਸ ਧੰਨਵਾਦ,ਸਿੱਖ ਸੰਗਤਾਂ ਨੇ ਦੱਸਿਆ ਕੇ 28 ਅਪ੍ਰੈਲ ਨੂੰ ਸਿਖ ਸੰਗਤਾਂ ਨੇ ਜਥੇਦਾਰ ਦਾਦੂਵਾਲ ਸਾਹਿਬ ਕੋਲ ਪੁੱਜ ਕੇ ਸਾਰੇ ਵਿਸਫੋਟਕ ਮਾਮਲੇ ਦੀ ਜਾਣਕਾਰੀ ਦਿੱਤੀ ਤਾਂ ਜਥੇਦਾਰ ਦਾਦੂਵਾਲ ਜੀ ਨੇ ਤੁਰੰਤ ਬਾਬਾ ਦਿਲਬਾਗ ਸਿੰਘ ਕਾਰ ਸੇਵਾ ਸ੍ਰੀ ਅਨੰਦਪੁਰ ਸਾਹਿਬ,ਪੁਲਿਸ ਪ੍ਰਸ਼ਾਸਨ ਕੈਥਲ ਅਤੇ ਨਗਰ ਨਿਵਾਸੀ ਸਾਧਸੰਗਤ ਨਾਲ ਗੱਲਬਾਤ ਕਰਕੇ ਅਮਨ ਸ਼ਾਂਤੀ ਭਾਈਚਾਰਾ ਬਣਾਈ ਰੱਖਣ ਲਈ ਪ੍ਰੇਰਿਆ ਦਿਸ਼ਾ ਨਿਰਦੇਸ਼ ਦਿੱਤੇ ਜਿਸ ਸਦਕਾ ਅਮਨ ਸਾਂਤੀ ਕਾਇਮ ਹੋਈ ਜਥੇਦਾਰ ਦਾਦੂਵਾਲ ਜੀ ਕੋਲ ਪੁੱਜ ਕੇ ਸਿੱਖ ਸੰਗਤ ਨੇ ਕੀਤਾ ਧੰਨਵਾਦ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




★ ਜਾਰੀ ਕਰਤਾ ★

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243